@Qpatrika | @qaumipatrika punjabi | instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ
# Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 16 November 2025

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 16 ਨਵੰਬਰ 2025, 2 ਮੱਘਰ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 12, qpatrika@gmail.com ਫੋਨ : 9971359517 www.qaumipatrika.org

## ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਵਾਂਗੇ ਤਾਂ ਜੋ ਦੁਨੀਆ ਨੂੰ ਸੁਨੇਹਾ ਜਾਵੇ : ਸ਼ਾਹ

ਨਵੀਂ ਦਿੱਲੀ 14 ਨਵੰਬਰ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਦਿੱਲੀ 'ਚ ਹੋਏ ਧਮਾਕਿਆਂ ਦੇ ਦੋਸ਼ੀਆਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇਗੀ, ਜਿਸ ਨਾਲ ਦੁਨੀਆ ਨੂੰ ਇਹ ਸੁਨੇਹਾ ਮਿਲੇਗਾ ਕਿ ਕੋਈ ਵੀ ਦੁਬਾਰਾ ਕਦੇ ਵੀ ਅਜਿਹੇ ਹਮਲੇ ਬਾਰੇ ਸੋਚਣ ਦੀ ਹਿੰਮਤ ਨਹੀਂ ਕਰੇਗਾ। ਸ਼ਾਹ ਗੁਜਰਾਤ ਦੇ ਮੇਹਸਾਣਾ ਜ਼ਿਲੇ ਦੇ ਬੋਰੀਆਵੀ ਪਿੰਡ 'ਚ ਸ਼੍ਰੀ ਮੋਤੀਭਾਈ



ਆਰ. ਚੌਧਰੀ ਸਾਗਰ ਸੈਨਿਕ ਸਕੂਲ ਅਤੇ ਸਾਗਰ ਆਰਗੈਨਿਕ ਪਲਾਂਟ ਦੇ ਉਦਘਾਟਨੀ ਸੈਸ਼ਨ ਨੂੰ ਵੀਡੀਓ ਕਾਨਫਰੰਸ ਰਾਹੀਂ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਸ ਕਾਇਰਤਾਪੂਰਨ ਕੰਮ ਨੂੰ ਅੰਜਾਮ ਦੇਣ ਵਾਲੇ ਅਤੇ ਇਸ ਦੇ ਪਿੱਛੇ ਜੋ ਲੋਕ ਹਨ ਉਨ੍ਹਾਂ ਸਾਰਿਆਂ ਨੂੰ ਨਿਆਂ ਦੇ ਕਟਹਿਰੇ 'ਚ ਲਿਆਂਦਾ ਜਾਵੇਗਾ ਅਤੇ ਉਨ੍ਹਾਂ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇਗੀ। ਭਾਰਤ ਸਰਕਾਰ ਅਤੇ ਗ੍ਰਹਿ ਮੰਤਰਾਲਾ ਇਸ ਲਈ ਪੂਰੀ ਤਰ੍ਹਾਂ ਵਚਨਬੱਧ ਹਨ। ਉਨ੍ਹਾਂ ਧਮਾਕੇ ਦੇ ਪੀੜਤਾਂ ਦੇ ਪਰਿਵਾਰਾਂ ਪ੍ਰਤੀ ਆਪਣੀ ਡੂੰਘੀ ਸੰਵੇਦਨਾ ਵੀ ਪ੍ਰਗਟ ਕੀਤੀ। ਸ਼ਾਹ ਨੇ ਕਿਹਾ ਕਿ ਇਸ ਅੱਤਵਾਦੀ ਘਟਨਾ ਲਈ ਜ਼ਿੰਮੇਵਾਰ ਸਾਰੇ ਲੋਕਾਂ ਨੂੰ ਸਖਤ ਸਜ਼ਾ ਦਿਵਾਉਣ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਸੰਕਲਪ ਜ਼ਰੂਰ ਪੂਰਾ ਹੋਵੇਗਾ।

# ਨਾ ਵਾਅਦੇ ਚੱਲੇ, ਨਾ ਨੇਤਾਵਾਂ ਦਾ ਜਾਦੂ, ਰਾਜਗ ਦੀ ਹਨੇਰੀ 'ਚ ਤੀਲਿਆਂ ਵਾਂਗ ਖਿੱਲਰਿਆ ਮਹਾਗੱਠਜੋੜ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਜਲੰਧਰ, 15 ਨਵੰਬਰ। ਬਿਹਾਰ ਚੋਣਾਂ 2025 ਦੇ ਨਤੀਜਿਆਂ ਨੇ ਪੂਰੇ ਸੂਬੇ ਦੀ ਸਿਆਸੀ ਤਸਵੀਰ ਨੂੰ ਪੂਰੀ ਤਰ੍ਹਾਂ ਸਪਸ਼ਟ ਕਰ ਦਿੱਤਾ ਹੈ। ਰਾਜਗ ਨੇ ਸ਼ਾਨਦਾਰ ਜਿੱਤ ਦਰਜ ਕਰਦੇ ਹੋਏ ਲਗਭਗ ਪੂਰਾ ਮੈਦਾਨ ਸਮੇਟ ਲਿਆ, ਜਦਕਿ ਮਹਾਗੱਠਜੋੜ ਅਤੇ ਜਨ ਸੁਰਾਜ ਦੋਵੇਂ ਆਪਣੀਆਂ ਉਮੀਦਾਂ ਦੇ ਪ੍ਰਛਾਵੇਂ ਤੱਕ ਵੀ ਨਹੀਂ ਪਹੁੰਚ ਸਕੇ। ਤੇਜਸਵੀ ਯਾਦਵ ਨੂੰ ਚਿਹਰਾ ਬਣਾ ਕੇ ਉੱਤਰੇ ਮਹਾਗੱਠਜੋੜ ਤੋਂ ਲੋਕ ਜਿਸ ਤੇਜ਼ੀ ਅਤੇ ਬਦਲਾਅ ਦੀ ਉਮੀਦ ਕਰ ਰਹੇ ਸਨ, ਉਹ ਸਾਕਾਰ ਨਹੀਂ ਹੋ ਸਕਿਆ। ਸਭ ਤੋਂ ਵੱਡਾ ਸਵਾਲ ਇਹੀ ਹੈ– ਤੇਜਸਵੀ ਅਤੇ ਰਾਹੁਲ ਗਾਂਧੀ ਦਾ ਜਾਦੂ ਇਸ ਵਾਰ ਕਿਉਂ ਨਹੀਂ ਚੱਲਿਆ? ਸੂਬੇ ਵਿਚ ਬੇਰੁਜ਼ਗਾਰੀ ਅਤੇ ਪ੍ਰਵਾਸ ਵਰਗੀਆਂ ਗੰਭੀਰ ਚੁਣੌਤੀਆਂ ਦੇ ਬਾਵਜੂਦ "ਹਰ ਘਰ ਨੌਕਰੀ" ਦਾ ਵਾਅਦਾ ਵੀ ਲੋਕਾਂ ਨੂੰ ਪੂਰੀ ਤਰ੍ਹਾਂ ਆਕਰਸ਼ਿਤ ਨਹੀਂ ਕਰ ਸਕਿਆ। ਓਧਰ, ਦੂਜੇ ਪਾਸੇ 15 ਸਾਲ ਤੋਂ ਵੱਧ ਸਮੇਂ ਦੇ ਰਾਜ ਦੇ ਬਾਵਜੂਦ ਜਨਤਾ ਵਿਚ ਨਿਤੀਸ਼ ਕੁਮਾਰ ਪ੍ਰਤੀ ਕੋਈ ਥਕਾਵਟ ਜਾਂ ਨਾਰਾਜ਼ਗੀ ਦਿਖਾਈ ਨਹੀਂ ਦਿੱਤੀ। ਇਹ ਵਿਰੋਧਾਭਾਸ ਮਹਾਗੱਠਜੋੜ ਦੀ ਹਾਰ ਦਾ ਮੂਲ ਕਾਰਨ ਸਾਬਤ ਹੋਇਆ। ਮਹਾਗੱਠਜੋੜ ਬੇਰੁਜ਼ਗਾਰੀ, ਸਿੱਖਿਆ, ਖੇਤੀਬਾੜੀ ਅਤੇ ਮਹਿੰਗਾਈ ਵਰਗੇ ਮੁੱਦਿਆਂ ਨੂੰ ਚੁੱਕਣ ਲਈ ਤਾਂ ਮੈਦਾਨ ਵਿਚ ਉਤਰਿਆ ਪਰ ਉਨ੍ਹਾਂ ਨੂੰ ਇਕ ਠੋਸ ਨੈਰੇਟਿਵ ਵਿਚ ਨਹੀਂ ਬਦਲ ਸਕਿਆ। ਓਧਰ, ਰਾਜਗ ਨੇ ਵਿਕਾਸ, ਸੁਰੱਖਿਆ ਅਤੇ ਸਥਿਰ ਸ਼ਾਸਨ ਦੇ ਆਪਣੇ ਸੰਦੇਸ਼ ਨੂੰ ਜ਼ੋਰਦਾਰ ਢੰਗ ਨਾਲ ਹਰ ਗਲੀ-ਮੁਹੱਲੇ ਵਿਚ ਪਹੁੰਚਾਇਆ। ਤੇਜਸਵੀ ਯਾਦਵ ਦੀਆਂ ਰੈਲੀਆਂ ਵਿਚ ਵੀ ਉਹੀ ਪੁਰਾਣੇ ਵਾਅਦੇ ਸੁਣਾਈ ਦਿੱਤੇ, ਜਿਨ੍ਹਾਂ 'ਤੇ ਨੌਜਵਾਨ ਵੋਟਰ ਭਰੋਸਾ ਨਹੀਂ ਪ੍ਰਗਟਾ ਸਕੇ। ਤੇਜਸਵੀ ਯਾਦਵ ਨੇ ਰੁਜ਼ਗਾਰ ਨੂੰ ਚੋਣਾਂ ਦੇ ਕੇਂਦਰ ਵਿਚ ਰੱਖਿਆ ਜੋ ਕਿ ਬਿਹਾਰ ਦੀ ਸਭ ਤੋਂ ਵੱਡੀ ਸਮੱਸਿਆ ਹੈ। ਪਰ ਸਰਕਾਰੀ ਨੌਕਰੀ ਹਰ ਘਰ ਤੱਕ ਪਹੁੰਚਾਉਣ ਦਾ ਵਾਅਦਾ ਕਈ ਵੋਟਰਾਂ ਨੂੰ ਅਵਿਹਾਰਕ ਲੱਗਾ। ਲੋਕਾਂ ਨੂੰ ਇਸਦਾ ਠੋਸ ਖਾਕਾ ਨਹੀਂ ਦਿੱਸਿਆ ਅਤੇ ਵਾਅਦਾ ਜਿੰਨਾ ਵੱਡਾ ਸੀ , ਓਨੇ ਹੀ ਖਦਸ਼ੇ ਵੀ ਸਨ। ਨਤੀਜਾ ਇਹ ਹੋਇਆ ਕਿ ਨੌਜਵਾਨ ਵੋਟਰਾਂ ਦਰਮਿਆਨ ਇਹ ਮੁੱਦਾ ਬਲ ਲੈਣ ਦਾ



ਬਜਾਏ ਉਲਟਾ ਅਸਰ ਛੱਡ ਗਿਆ। ਰਾਜਗ ਨੇ ਪੂਰੀਆਂ ਚੋਣਾਂ ਦੌਰਾਨ 'ਜੰਗਲ ਰਾਜ' ਦੀ ਯਾਦ ਤਾਜ਼ਾ ਰੱਖੀ। ਹਾਲਾਂਕਿ ਜਿਹੜੇ ਦਿਨਾਂ ਦੀ ਗੱਲ ਕੀਤੀ ਜਾਂਦੀ ਹੈ, ਉਨ੍ਹਾਂ ਨੂੰ ਯਾਦ ਕਰਨ ਵਾਲੇ ਘੱਟ ਹਨ ਪਰ ਰਾਜਗ ਦੇ ਅਕਸ 'ਤੇ ਇਹ ਠੱਪਾ ਅੱਜ ਵੀ ਭਾਰੀ ਪੈਂਦਾ ਹੈ। ਇਹ ਮੁੱਦਾ ਸਾਲਾਂ ਤੋਂ ਰਾਜਦ ਦੇ ਵੋਟ ਬੈਂਕ ਨੂੰ ਕੱਟਦਾ ਆਇਆ ਹੈ ਅਤੇ ਇਸ ਵਾਰ ਵੀ ਅਸਰ ਸਪੱਸ਼ਟ ਦਿੱਸਿਆ। ਪਹਿਲੇ ਪੜਾਅ ਲਈ ਨਾਮਜ਼ਦਗੀਆਂ ਸ਼ੁਰੂ ਹੁੰਦੇ ਹੀ ਮਹਾਗੱਠਜੋੜ ਦੀਆਂ ਅੰਦਰੂਨੀ ਤਰੇੜਾਂ ਸਾਹਮਣੇ ਆਉਣੀਆਂ ਆਉਣ ਲੱਗੀਆਂ। ਕੁਟੁੰਬਾ, ਲਾਲਗੰਜ, ਵੈਸ਼ਾਲੀ ਅਤੇ ਬੱਛਵਾੜਾ ਵਰਗੀਆਂ ਸੀਟਾਂ 'ਤੇ ਤਾਲਮੇਲ ਹੀ ਨਹੀਂ ਬਣ ਸਕਿਆ। ਦੋਸਤਾਨਾ ਮੁਕਾਬਲੇ ਅਤੇ ਆਪਸੀ ਭਰਮ ਨੇ ਜਨਤਾ ਦੇ ਦਰਮਿਆਨ ਇਹ ਸੰਦੇਸ਼ ਦਿੱਤਾ ਕਿ ਗਠਜੋੜ ਖੁਦ ਹੀ ਇਕਜੁੱਟ ਨਹੀਂ ਹੈ। ਭਰੋਸੇਯੋਗਤਾ 'ਤੇ ਇਸ ਦਾ ਸਿੱਧਾ ਅਸਰ ਪਿਆ। ਚੋਣਾਂ ਦੌਰਾਨ ਅਚਾਨਕ ਹੀ ਵੀ. ਆਈ. ਪੀ. ਮੁਖੀ ਮੁਕੇਸ਼ ਸਾਹਨੀ ਦੀਆਂ ਰੈਲੀਆਂ ਦਾ ਰੱਦ ਹੋਣਾ ਅਤੇ ਸੋਸ਼ਲ ਮੀਡੀਆ 'ਤੇ ਤੇਜਸਵੀ-ਸਾਹਨੀ ਵਿਚਕਾਰ ਮਤਭੇਦਾਂ ਦੀਆਂ ਖਬਰਾਂ ਮਹਾਗਠਜੋੜ ਦੇ ਅੰਦਰ ਅਸਥਿਰਤਾ ਦਾ ਸੰਕੇਤ ਬਣ ਗਈਆਂ। ਕਈ ਸੀਟਾਂ 'ਤੇ ਉਮੀਦਵਾਰ ਬਦਲਣ ਨਾਲ ਸਥਾਨਕ ਪੱਧਰ 'ਤੇ ਨਾਰਾਜ਼ਗੀ ਖੁੱਲ੍ਹੇਆਮ ਦਿਸੀ।

# ਪੰਜਾਬ ਸਰਕਾਰ ਦਾ ਵੱਡਾ ਬਿਆਨ, ਮੋਬਾਈਲ ਭੱਤੇ ਤੇ ਤਨਖਾਹਾਂ 'ਚ ਵਾਧੇ ਨੂੰ ਲੈ ਕੇ...

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਚੰਡੀਗੜ੍ਹ 14 ਨਵੰਬਰ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹਰ ਵਰਗ ਦੀ ਭਲਾਈ ਲਈ ਕਦਮ ਚੁੱਕ ਰਹੀ ਹੈ, ਉਥੇ ਹੀ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਸੂਲਤਾਂ ਅਤੇ ਭਲਾਈ 'ਤੇ ਵੀ ਖਾਸ ਧਿਆਨ ਦੇ ਰਹੀ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਸਿਵਲ ਸਕੱਤਰੇਤ ਵਿੱਚ ਵੱਖ-ਵੱਖ ਆਂਗਨਵਾੜੀ ਯੂਨੀਅਨਾਂ ਨਾਲ ਮੀਟਿੰਗ ਦੌਰਾਨ ਕੀਤਾ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਜਲਦੀ ਹੀ ਆਂਗਨਵਾੜੀ ਹੈਲਪਰਾਂ ਅਤੇ ਵਰਕਰਾਂ ਨੂੰ ਸਮਾਰਟ ਫੋਨ ਮੁਹੱਈਆ ਕਰਵਾਉਣ ਦੀ ਮੰਗ ਪੂਰੀ ਕਰੇਗੀ ਤਾਂ ਜੋ ਆਂਗਨਵਾੜੀ ਪੱਧਰ 'ਤੇ ਕੰਮਕਾਜ ਹੋਰ ਪ੍ਰਭਾਵਸ਼ਾਲੀ ਅਤੇ ਪਾਰਦਰਸ਼ੀ ਢੰਗ ਨਾਲ ਮੁਕੰਮਲ ਕਰਵਾਇਆ ਜਾ ਸਕੇ। ਇਸ ਦੇ ਨਾਲ ਹੀ ਸਰਕਾਰ ਤਨਖਾਹ ਵਿਚ ਵਾਧੇ, ਮੋਬਾਈਲ ਭੱਤੇ ਵਿਚ ਵਾਧੇ ਦੀ ਮੰਗ ਅਤੇ ਹੋਰ ਮੰਗਾਂ ਸਬੰਧੀ ਮਾਮਲਿਆਂ 'ਤੇ ਵੀ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਜਾਇਜ਼ ਮੰਗਾਂ ਦਾ ਤੁਰੰਤ ਹੱਲ ਕੀਤਾ ਜਾਵੇਗਾ ਤਾਂ ਜੋ ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਹੋਰ ਉਤਸ਼ਾਹ ਤੇ ਸਮਰਪਣ ਨਾਲ ਸੇਵਾ ਦੇਣ ਲਈ ਪ੍ਰੇਰਣਾ ਮਿਲੇ। ਕੈਬਨਿਟ ਮੰਤਰੀ ਨੇ ਕਿਹਾ ਕਿ ਆਂਗਨਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਵੱਖ-ਵੱਖ ਮੰਗਾਂ ਬੜੇ ਧਿਆਨ ਨਾਲ ਸੁਣੀਆਂ ਗਈਆਂ ਹਨ ਅਤੇ ਜਿਹੜੀਆਂ ਮੰਗਾਂ ਵਿਭਾਗ ਪੱਧਰ 'ਤੇ ਹੱਲ ਹੋ ਸਕਦੀਆਂ ਹਨ, ਉਨ੍ਹਾਂ ਨੂੰ ਜਲਦੀ ਪੂਰਾ ਕੀਤਾ ਜਾਵੇਗਾ। ਜਿਹੜੀਆਂ ਮੰਗਾਂ ਸਰਕਾਰ ਪੱਧਰ 'ਤੇ ਸੰਬੰਧਿਤ ਹਨ, ਉਨ੍ਹਾਂ ਦੀ ਪ੍ਰਕਿਰਿਆ ਵੀ ਜਲਦ ਸ਼ੁਰੂ ਕੀਤੀ ਜਾਵੇਗੀ। ਡਾ. ਬਲਜੀਤ ਕੌਰ ਨੇ ਇਹ ਵੀ ਦੱਸਿਆ ਕਿ ਆਂਗਨਵਾੜੀ ਹੈਲਪਰਾਂ ਅਤੇ ਵਰਕਰਾਂ ਦੀ ਭਰਤੀ ਦੀ ਪ੍ਰਕਿਰਿਆ ਜਲਦ ਪੂਰੀ ਕੀਤੀ ਜਾਵੇਗੀ, ਤਾਂ ਜੋ ਸਾਰੇ ਖਾਲੀ ਅਸਾਮੀਆਂ ਨੂੰ ਭਰਿਆ ਜਾ ਸਕੇ ਅਤੇ ਸੇਵਾਵਾਂ ਦਾ ਪੱਧਰ ਹੋਰ ਮਜ਼ਬੂਤ ਹੋਵੇ। ਇਸ ਮੌਕੇ ਆਂਗਨਵਾੜੀ ਯੂਨੀਅਨਾਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਵਰਕਰਾਂ ਅਤੇ ਹੈਲਪਰਾਂ ਦੀਆਂ ਕਈ ਮੰਗਾਂ ਜਿਵੇਂ ਪਿਛਲੇ ਮਹੀਨਿਆਂ ਦਾ ਤਨਖਾਹ ਏਰੀਅਰ ਜਾਰੀ ਕਰਨਾ, ਭਰਤੀ ਦੀ ਪ੍ਰਕਿਰਿਆ ਸ਼ੁਰੂ ਕਰਨਾ ਅਤੇ ਮੌਤ ਜਾਂ ਜਾਨਲੇਵਾ ਬਿਮਾਰੀ ਦੇ ਮਾਮਲਿਆਂ ਵਿਚ ਆਸ਼ਰਿਤਾਂ ਨੂੰ ਨੌਕਰੀ ਦੇਣ ਲਈ ਨਿਯਮਾਂ ਵਿਚ ਸੋਧ ਕਰਨ ਤੋਂ ਇਲਾਵਾ ਹੋਰ ਮੰਗਾਂ ਨੂੰ ਸਕਾਰਾਤਮਕ ਤਰੀਕੇ ਨਾਲ ਲਿਆ ਜਾ ਰਿਹਾ



## ਹਿਮਾਚਲ ਪ੍ਰਦੇਸ਼ 'ਚ ਬਿਨਾਂ ਲਾਇਸੈਂਸ ਦੇ ਸਿਗਰਟਨੋਸ਼ੀ ਸਮੱਗਰੀ ਵੇਚਣ ਵਾਲੇ ਸਾਵਧਾਨ !

ਨੈਸ਼ਨਲ ਡੈਸਕ 15 ਨਵੰਬਰ। ਦਿਓਤਸਿਧ ਪੁਲਸ ਚੌਕੀ ਦੇ ਇੰਚਾਰਜ ਪ੍ਰਕਾਸ਼ ਠਾਕੁਰ, ਹੌਲਦਾਰ ਮਹਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਵੱਲੋਂ ਬਾਬਾ ਬਾਲਕਨਾਥ ਮੰਦਰ ਅਤੇ ਇਸਦੇ ਆਲੇ ਦੁਆਲੇ ਦੇ ਇਲਾਕਿਆਂ ਵਿੱਚ ਇੱਕ ਚੈਕਿੰਗ ਮੁਹਿੰਮ ਚਲਾਈ ਗਈ, ਜਿਸ ਵਿੱਚ ਦਿਓਤਸਿਧ ਪੁਲਸ ਚੌਕੀ ਅਧੀਨ ਆਉਂਦੀਆਂ 10 ਪੰਚਾਇਤਾਂ ਵੀ ਸ਼ਾਮਲ ਸਨ। ਇਸ ਮੌਕੇ ਚੌਕੀ ਇੰਚਾਰਜ ਨੇ ਦੱਸਿਆ ਕਿ ਇਹ ਕਾਰਵਾਈ ਐਸਪੀ ਭਗਤ ਸਿੰਘ ਠਾਕੁਰ ਦੇ ਨਿਰਦੇਸ਼ਾਂ 'ਤੇ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕੋਟਪਾ ਐਕਟ ਤਹਿਤ ਜਨਤਕ ਥਾਵਾਂ ਤੋਂ 200 ਮੀਟਰ ਦੇ ਘੇਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਸਿਗਰਟਨੋਸ਼ੀ ਸਮੱਗਰੀ ਨਹੀਂ ਵੇਚੀ ਜਾ ਸਕਦੀ ਅਤੇ ਖੁੱਲ੍ਹੀਆਂ ਸਿਗਰਟਾਂ ਵੇਚਣ 'ਤੇ ਵੀ ਪੂਰੀ ਤਰ੍ਹਾਂ ਪਾਬੰਦੀ ਹੈ। ਇਸ ਤੋਂ ਇਲਾਵਾ ਦੁਕਾਨਦਾਰਾਂ ਨੂੰ ਸੀਲਬੰਦ ਸਿਗਰਟ ਦੀਆਂ ਡੱਬਿਆਂ ਵੇਚਣ ਲਈ ਵੀ ਲਾਇਸੈਂਸ ਲੈਣਾ ਲਾਜ਼ਮੀ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਦੇ ਮੱਦੇਨਜ਼ਰ 10 ਪੰਚਾਇਤਾਂ ਤੋਂ ਇਲਾਵਾ ਬਾਬਾ ਬਾਲਕਨਾਥ ਮੰਦਿਰ ਦੇ ਖੇਤਰ ਵਿੱਚ ਪੈਂਦੇ ਸਾਰੇ ਬਾਜ਼ਾਰਾਂ ਦੇ ਦੁਕਾਨਦਾਰਾਂ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ। ਇਸ ਚੈਕਿੰਗ ਮੁਹਿੰਮ ਦੌਰਾਨ ਦੁਕਾਨਦਾਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਬਿਨਾਂ ਲਾਇਸੈਂਸ ਦੇ ਅਜਿਹਾ ਸਮਾਨ ਨਾ ਵੇਚਣ। ਇਸ ਦੇ ਬਾਵਜੂਦ ਜੇਕਰ ਕੋਈ ਦੁਕਾਨਦਾਰ ਬਿਨਾਂ ਲਾਇਸੈਂਸ ਦੇ ਅਜਿਹਾ ਸਮਾਨ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ COTPA ਐਕਟ ਤਹਿਤ ਕਾਰਵਾਈ ਕੀਤੀ ਜਾਵੇਗੀ।

## ਕਾਂਗਰਸ ਅਤੇ 'ਇੰਡੀਆ' ਗੱਠਜੋੜ ਨੂੰ ਨਵੀਂ ਰਣਨੀਤੀ ਬਣਾਉਣ ਦੀ ਲੋੜ ਹੈ : ਸ਼ਿਵਕੁਮਾਰ

ਬੈਂਗਲੁਰੂ, 15 ਨਵੰਬਰ। ਕਰਨਾਟਕ ਦੇ ਉੱਪ-ਮੁੱਖ ਮੰਤਰੀ ਡੀ. ਕੇ. ਸ਼ਿਵਕੁਮਾਰ ਨੇ ਬਿਹਾਰ ਵਿਧਾਨ ਸਭਾ ਦੇ ਚੋਣ ਨਤੀਜਿਆਂ ਦੇ ਮੱਦੇਨਜ਼ਰ ਭਵਿੱਖ ਵਿਚ ਕਾਂਗਰਸ ਅਤੇ 'ਇੰਡੀਆ' ਗਠਜੋੜ ਲਈ ਨਵੀਂ ਰਣਨੀਤੀ ਤਿਆਰ ਕਰਨ ਦੀ ਲੋੜ ਦੱਸੀ। ਕਰਨਾਟਕ ਦੀ ਕਾਂਗਰਸ ਇਕਾਈ ਦੇ ਪ੍ਰਧਾਨ ਸ਼ਿਵਕੁਮਾਰ ਨੇ ਬਿਹਾਰ ਚੋਣ ਨਤੀਜਿਆਂ ਨੂੰ ਆਪਣੀ ਪਾਰਟੀ ਅਤੇ ਇਸਦੇ ਸਹਿਯੋਗੀਆਂ ਲਈ ਇਕ 'ਸਬਕ' ਦੱਸਿਆ। ਸ਼ਿਵਕੁਮਾਰ ਨੇ ਕਿਹਾ, "ਲੋਕਾਂ ਨੇ ਫਤਵਾ ਦਿੱਤਾ ਹੈ। ਇਹ ਸਾਡੇ ਲਈ ਇਕ ਸਬਕ ਹੈ। ਮੈਨੂੰ ਲੱਗਦਾ ਹੈ ਕਿ ਅਸੀਂ ਭਵਿੱਖ ਵਿਚ ਕਾਂਗਰਸ ਪਾਰਟੀ ਅਤੇ 'ਇੰਡੀਆ' ਗੱਠਜੋੜ ਲਈ ਇਕ ਨਵੀਂ ਰਣਨੀਤੀ ਤਿਆਰ ਕਰਾਂਗੇ।" ਇਹ ਪੁੱਛੇ ਜਾਣ 'ਤੇ ਕਿ ਕੀ ਔਰਤਾਂ ਨੂੰ 10,000 ਰੁਪਏ ਦਾ ਸਿੱਧਾ ਨਕਦ ਟ?ਰਾਂਸਫਰ (ਡੀ.ਬੀ.ਟੀ.) ਅਤੇ ਮਹਿਲਾ ਵੋਟਰਾਂ ਦੀ ਗਿਣਤੀ ਵਿਚ ਵਾਧਾ ਬਿਹਾਰ ਚੋਣਾਂ ਵਿਚ ਰਾਜਗ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਕਾਰਨ ਹੈ, ਉਨ੍ਹਾਂ ਕਿਹਾ, "ਮੈਨੂੰ ਇਸ 'ਤੇ ਵਿਚਾਰ ਕਰਨ ਦਿਓ।

## ਰੱਖਿਆ ਮੰਤਰੀ ਨੇ '120 ਬਹਾਦੁਰ' ਟੀਮ ਦੀ ਮੌਜੂਦਗੀ 'ਚ ਰੇਜ਼ਾਂਗ ਲਾ ਯੁੱਧ 'ਤੇ ਡਾਕ ਟਿਕਟ ਜਾਰੀ ਕੀਤੀ

ਨਵੀਂ ਦਿੱਲੀ 15 ਨਵੰਬਰ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ 1962 ਦੀ ਰੇਜ਼ਾਂਗ ਲਾ ਯੁੱਧ 'ਤੇ ਆਧਾਰਿਤ ਆਉਣ ਵਾਲੀ ਫਿਲਮ 120 ਬਹਾਦੁਰ ਦੇ ਨਿਰਮਾਤਾਵਾਂ ਦੀ ਮੌਜੂਦਗੀ ਵਿੱਚ, ਕੁਮਾਊਂ ਰੈਜੀਮੈਂਟ ਦੀ 13ਵੀਂ ਬਟਾਲੀਅਨ ਦੇ ਸੈਨਿਕਾਂ ਦੇ ਸਨਮਾਨ ਵਿੱਚ ਇੱਕ ਵਿਸ਼ੇਸ਼ ਯਾਦਗਾਰੀ ਡਾਕ ਟਿਕਟ, ਮਾਈ ਸਟੈਂਪ ਜਾਰੀ ਕੀਤੀ। ਸਿੰਘ ਨੇ 18 ਨਵੰਬਰ ਨੂੰ ਲੜਾਈ ਦੀ 63ਵੀਂ ਵਰ੍ਹੇਗੰਢ ਤੋਂ ਪਹਿਲਾਂ, ਬੁੱਧਵਾਰ ਨੂੰ ਰਾਜਧਾਨੀ ਲੱਦਾਖ ਵਿੱਚ ਰੇਜ਼ਾਂਗ ਲਾ ਯੁੱਧ ਯਾਦਗਾਰ 'ਤੇ ਆਧਾਰਿਤ ਇਸ ਡਾਕ ਟਿਕਟ ਦਾ ਉਦਘਾਟਨ ਕੀਤਾ। ਫਿਲਮ ਨਿਰਮਾਤਾਵਾਂ ਨੇ ਇੱਕ ਬਿਆਨ ਵਿੱਚ ਕਿਹਾ ਕਿ ਫਿਲਮ ਦੇ ਮੁੱਖ ਅਦਾਕਾਰ ਅਤੇ ਨਿਰਮਾਤਾ ਫਰਹਾਨ ਅਖਤਰ ਅਤੇ ਨਿਰਦੇਸ਼ਕ ਰਜਨੀਸ਼ ਰਾਜ਼ੀ ਘਈ ਵੀ ਇਸ ਮੌਕੇ 'ਤੇ ਮੌਜੂਦ ਸਨ। ਡਾਕ ਸੇਵਾਵਾਂ ਦੇ ਡਾਇਰੈਕਟਰ ਜਨਰਲ ਜਤਿੰਦਰ ਗੁਪਤਾ, ਫਿਲਮ ਨਿਰਮਾਤਾ ਰਿਤੇਸ਼ ਸਿਧਵਾਨੀ, ਅਮਿਤ ਚੰਦਰ ਅਤੇ ਅਰਹਾਨ ਬਾਗਤੀ ਵੀ ਮੌਜੂਦ ਸਨ। ਬਿਆਨ ਵਿਚ ਕਿਹਾ ਗਿਆ ਹੈ, ਡਾਕ ਵਿਭਾਗ ਦੁਆਰਾ ਜਾਰੀ ਇਹ ਯਾਦਗਾਰੀ ਡਾਕ ਟਿਕਟ ਮੇਜਰ ਸ਼ੈਤਾਨ ਸਿੰਘ ਭਾਟੀ, ਪਰਮ ਵੀਰ ਚੱਕਰ ਅਤੇ ਉਨ੍ਹਾਂ ਸਿਪਾਹੀਆਂ ਦੀ ਹਿੰਮਤ ਅਤੇ ਕੁਰਬਾਨੀ ਦੀ ਯਾਦ ਦਿਵਾਉਂਦਾ ਹੈ, ਜੋ ਜ਼ੀਰੋ ਤੋਂ ਹੇਠਾਂ ਦੇ ਤਾਪਮਾਨ ਵਿੱਚ ਪ੍ਰਤੀਕੂਲ ਹਾਲਾਤਾਂ ਦਾ ਸਾਹਮਣਾ ਕਰਦੇ ਹੋਏ ਆਪਣੇ ਆਖਰੀ ਸਾਹ ਤੱਕ ਲੜੇ। ਲੱਦਾਖ ਦੇ ਚੁਸ਼ੂਲ ਖੇਤਰ ਵਿੱਚ ਸਥਿਤ ਰੇਜ਼ਾਂਗ ਲਾ ਯੁੱਧ ਯਾਦਗਾਰ, 13 ਕੁਮਾਊਂ ਰੈਜੀਮੈਂਟ ਦੇ ਬਹਾਦਰ ਸੈਨਿਕਾਂ ਦੀ ਅਦੁੱਤੀ ਹਿੰਮਤ ਦਾ ਪ੍ਰਤੀਕ ਹੈ ਜੋ 1962 ਦੀ ਭਾਰਤ-ਚੀਨ ਜੰਗ ਵਿੱਚ ਸ਼ਹੀਦ ਹੋਏ ਸਨ। ਫਰਹਾਨ ਅਖਤਰ ਫਿਲਮ '120 ਬਹਾਦਰ' ਵਿੱਚ ਮੇਜਰ ਸ਼ੈਤਾਨ ਸਿੰਘ ਦੀ ਭੂਮਿਕਾ ਨਿਭਾਅ ਰਹੇ ਹਨ।

# ਕਾਂਗਰਸ ਪ੍ਰਧਾਨ ਖੜਗੇ ਨੇ ਸ਼੍ਰੀਨਗਰ ਧਮਾਕੇ 'ਤੇ ਜਤਾਇਆ ਦੁੱਖ !

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨੈਸ਼ਨਲ ਡੈਸਕ 15 ਨਵੰਬਰ। ਜੰਮੂ-ਕਸ਼ਮੀਰ ਦੇ ਨੌਗਾਮ ਇਲਾਕੇ ਵਿੱਚ ਸਥਿਤ ਪੁਲਸ ਥਾਣੇ ਵਿੱਚ ਸ਼ੁੱਕਰਵਾਰ ਰਾਤ ਨੂੰ ਇੱਕ ਭਿਆਨਕ ਹਾਦਸਾ ਵਾਪਰਿਆ, ਜਿੱਥੇ ਅਚਾਨਕ ਹੋਏ ਇਕ ਧਮਾਕੇ ਕਾਰਨ 9 ਲੋਕਾਂ ਦੀ ਮੌਤ ਹੋ ਗਈ, ਜਦਕਿ 32 ਲੋਕ ਜ਼ਖਮੀ ਹੋ ਗਏ। ਜੰਮੂ-ਕਸ਼ਮੀਰ ਦੇ ਪੁਲਸ ਡਾਇਰੈਕਟਰ ਜਨਰਲ (ਡੀ.ਜੀ.ਪੀ.) ਨਲਿਨ ਪ੍ਰਭਾਤ ਨੇ ਸ਼ਨੀਵਾਰ ਨੂੰ ਦੱਸਿਆ ਕਿ ਇਹ ਇੱਕ ਹਾਦਸਾ ਸੀ, ਨਾ ਕਿ ਕੋਈ ਸਾਜ਼ਿਸ਼। ਡੀ.ਜੀ.ਪੀ. ਨੇ ਸਪੱਸ਼ਟ ਕੀਤਾ ਕਿ ਵਿਸਫੋਟ ਉਸ ਸਮੇਂ ਹੋਇਆ ਜਦੋਂ ਇੱਕ ਵਿਸ਼ੇਸ਼ ਟੀਮ ਹਰਿਆਣਾ ਦੇ ਫਰੀਦਾਬਾਦ ਜ਼ਿਲ੍ਹੇ ਤੋਂ ਜ਼ਬਤ ਕੀਤੇ ਗਏ ਵਿਸਫੋਟਕਾਂ 'ਚੋਂ ਸੈਂਪਲ ਕੱਢ ਰਹੀ ਸੀ। ਇਹ ਵਿਸਫੋਟਕ ਸਮੱਗਰੀ ਇੱਕ ਚੱਲ ਰਹੀ ਅੱਤਵਾਦੀ ਮਾਡਿਊਲ ਦੀ ਜਾਂਚ ਦੇ ਸਬੰਧ ਵਿੱਚ ਜ਼ਬਤ ਕੀਤੀ ਗਈ ਸੀ। ਇਸ ਦੁਖਦਾਈ ਘਟਨਾ 'ਤੇ ਪ੍ਰਤੀਕਿਰਿਆ ਦਿੰਦੇ ਹੋਏ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਇਸ ਨੂੰ ਬੇਹੱਦ ਚਿੰਤਾਜਨਕ ਅਤੇ ਦੁਖਦਾਈ ਦੱਸਿਆ ਹੈ। ਉਨ੍ਹਾਂ ਨੇ ਜਾਨੀ ਨੁਕਸਾਨ 'ਤੇ ਡੂੰਘਾ ਦੁੱਖ ਪ੍ਰਗਟ



ਕੀਤਾ ਅਤੇ ਮ੍ਰਿਤਕਾਂ ਦੇ ਵਾਰਸਾਂ ਨੂੰ ਢੁਕਵਾਂ ਮੁਆਵਜ਼ਾ ਅਤੇ ਜ਼ਖਮੀਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਦੀ ਮੰਗ ਕੀਤੀ। ਖੜਗੇ ਨੇ ਕੇਂਦਰ ਸਰਕਾਰ 'ਤੇ ਨਿਸ਼ਾਨਾ ਸਾਧਦੇ ਹੋਏ ਇਸ ਘਟਨਾ ਨੂੰ ਇੱਕ ਚਿਤਾਵਨੀ ਕਰਾਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਇਹ ਘਟਨਾ ਦਿੱਲੀ ਵਿੱਚ ਲਾਲ ਕਿਲ੍ਹੇ ਨੇੜੇ ਹੋਏ ਕਾਰ ਬੰਬ ਅੱਤਵਾਦੀ ਹਮਲੇ ਤੋਂ ਕੁਝ ਹੀ ਦਿਨਾਂ ਬਾਅਦ ਵਾਪਰੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਨੂੰ ਆਪਣੇ ਖੁਫੀਆ ਅਤੇ ਅੱਤਵਾਦ ਵਿਰੋਧੀ ਤੰਤਰ ਨੂੰ ਤੁਰੰਤ ਮਜ਼ਬੂਤ ਕਰਨ ਦੀ ਲੋੜ ਹੈ ਅਤੇ ਉਹ ਜਵਾਬਦੇਹੀ ਤੋਂ ਭੱਜ ਨਹੀਂ ਸਕਦੀ। ਉਨ੍ਹਾਂ ਨੇ ✓ 'ਤੇ ਇੱਕ ਪੋਸਟ ਰਾਹੀਂ ਇਹ ਵੀ ਮੰਗ ਕੀਤੀ ਕਿ ਬਾਹਰੀ ਤਾਕਤਾਂ ਤੋਂ ਸਹਾਇਤਾ ਪ੍ਰਾਪਤ ਅੱਤਵਾਦ ਦੇ ਵਧ ਰਹੇ ਖ਼ਤਰੇ ਬਾਰੇ ਚਰਚਾ ਕਰਨ ਲਈ ਤੁਰੰਤ ਸਰਬ-ਪਾਰਟੀ ਮੀਟਿੰਗ ਬੁਲਾਈ ਜਾਵੇ। ਕਾਂਗਰਸ ਪ੍ਰਧਾਨ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤੀ ਰਾਸ਼ਟਰੀ ਕਾਂਗਰਸ ਅੱਤਵਾਦ ਦੀ ਇਸ ਬੁਰਾਈ ਦੇ ਵਿਰੁੱਧ ਰਾਸ਼ਟਰ ਦੇ ਨਾਲ ਖੜ੍ਹੀ ਹੈ।



# ਫਿਰੌਤੀ ਨਾ ਦੇਣ ਕਾਰਨ ਸ਼ੋਅਰੂਮ 'ਤੇ ਚਲਾਈਆਂ ਗੋਲੀਆਂ, ਦੋ ਕਾਬੂ ਤੇ ਇਕ ਦੀ ਹਾਦਸੇ 'ਚ ਮੌਤ

ਤਰਨਤਾਰਨ 15 ਨਵੰਬਰ। ਫਿਰੌਤੀ ਨੂੰ ਲੈ ਕੇ ਇੱਕ ਸ਼ੋਰੂਮ ਉੱਪਰ ਫਾਇਰਿੰਗ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਤੋਂ ਬਾਅਦ ਹਮਲਾਵਰਾਂ ਦਾ ਪਿੱਛਾ ਕਰਦੇ ਹੋਏ ਲੋਕਾਂ ਵੱਲੋਂ ਦੋ ਨੂੰ ਕਾਬੂ ਕਰ ਲਿਆ ਗਿਆ ਜਦਕਿ ਇੱਕ ਦੀ ਸੜਕ ਹਾਦਸੇ ਵਿੱਚ ਮੌਤ ਹੋਣ ਦਾ ਸਮਾਚਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਥਾਣਾ ਸਦਰ ਤਰਨਤਾਰਨ ਅਤੇ ਥਾਣਾ ਗੋਇੰਦਵਾਲ ਸਾਹਿਬ ਦੀ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਸੁਨੀਲ ਸ਼ਰਮਾ ਨਿਵਾਸੀ ਅੱਡਾ ਸ਼ੇਖ ਚੱਕ ਨੂੰ ਫਿਰੌਤੀ ਦੀ ਕਾਲ ਆਈ ਸੀ ਜਿਸ ਪਾਸੋਂ ਲੱਖਾਂ ਰੁਪਏ ਦੀ ਮੰਗ ਕੀਤੀ ਜਾ ਰਹੀ ਸੀ। ਮੰਗਲਵਾਰ ਸ਼ਾਮ ਕਰੀਬ 6 ਵਜੇ ਸੁਨੀਲ ਸ਼ਰਮਾ ਜਦੋਂ ਆਪਣੀ ਸ਼ਰਮਾ ਐਂਟਰਪ੍ਰਾਈਸਜ ਸ਼ੋਰੂਮ ਅੱਡਾ ਸ਼ੇਖ ਚੱਕ ਵਿਖੇ ਮੌਜੂਦ ਸੀ ਤਾਂ ਮੋਟਰਸਾਈਕਲ ਉੱਪਰ ਸਵਾਰ ਤਿੰਨ ਵਿਅਕਤੀਆਂ ਵੱਲੋਂ ਉਸਦੀ ਦੁਕਾਨ ਉੱਪਰ ਅੰਨ੍ਹੇਵਾਹ ਫਾਇਰਿੰਗ ਕਰਨੀ ਸ਼ੁਰੂ ਕਰ ਦਿੱਤੀ ਗਈ। ਇਸ ਦੌਰਾਨ ਹਮਲਾਵਰ ਗੋਲੀ ਚਲਾਉਣ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਏ। ਸੂਤਰਾਂ ਤੋਂ ਮਿਲੀ ਜਾਣਕਾਰੀ ਦੇਣ ਅਨੁਸਾਰ ਇਸ ਵਾਰਦਾਤ ਤੋਂ ਬਾਅਦ ਦੁਕਾਨ ਮਾਲਕ ਅਤੇ ਉਸਦੇ ਸਾਥੀਆਂ ਵੱਲੋਂ ਮੋਟਰਸਾਈਕਲ ਸਵਾਰ ਮੁਲਜ਼ਮਾਂ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ ਗਿਆ। ਹਮਲਾਵਰ ਪਹਿਲਾਂ ਪਿੰਡ ਕੱਲਾ ਅਤੇ ਉਸ ਤੋਂ ਬਾਅਦ ਪਿੰਡ ਰੈਸ਼ੀਆਣਾ ਰਸਤੇ ਹੋ ਕੇ ਨੌਰੰਗਾਬਾਦ ਜਾ ਪੁੱਜੇ। ਜਿਨ੍ਹਾਂ ਦਾ ਕਾਰ ਉੱਪਰ ਪਿੱਛਾ ਕਰ ਰਹੇ ਪੀੜਤ ਦੇ ਸਾਥੀਆਂ



ਉੱਪਰ ਹਮਲਾਵਰਾਂ ਵੱਲੋਂ ਫਾਇਰਿੰਗ ਵੀ ਕੀਤੀ ਗਈ। ਇਸ ਦੌਰਾਨ ਅੱਡਾ ਨੌਰੰਗਾਬਾਦ ਵਿਖੇ ਤੇਜ਼ ਰਫਤਾਰ ਮੋਟਰਸਾਈਕਲ ਹਾਦਸੇ ਦਾ ਸ਼ਿਕਾਰ ਹੋ ਗਿਆ ਅਤੇ ਇਸ ਦੌਰਾਨ ਮੋਟਰਸਾਈਕਲ ਸਵਾਰ ਇੱਕ ਮੁਲਜ਼ਮ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਦੋ ਨੂੰ ਲੋਕਾਂ ਵੱਲੋਂ ਕਾਬੂ ਕਰ ਲਿਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀਐੱਸਪੀ ਅਤੁਲ ਸੋਨੀ ਨੇ ਦੱਸਿਆ ਕਿ ਇਸ ਮਾਮਲੇ 'ਚ ਮ੍ਰਿਤਕ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈਂਦੇ ਹੋਏ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਦੋਵਾਂ ਮੁਲਜ਼ਮਾਂ ਅਤੇ ਮ੍ਰਿਤਕ ਦੀ ਪਹਿਚਾਣ ਹੋਣੀ ਬਾਕੀ ਹੈ। ਖਬਰ ਲਿਖੇ ਜਾਣ ਤੱਕ ਮੁਲਜ਼ਮਾਂ ਦੀ ਪਹਿਚਾਨ ਪੁਲਿਸ ਵੱਲੋਂ ਨਹੀਂ ਦੱਸੀ ਗਈ ਸੀ।

### ਪੰਜਾਬ 'ਚ ਕਿੱਥੇ-ਕਿੱਥੇ ਸਕੂਲਾਂ 'ਚ ਛੁੱਟੀ ਤੇ ਕਿੱਥੇ ਆਮ ਵਾਂਗ ਖੁੱਲ੍ਹਣਗੇ ਵਿੱਦਿਅਕ ਅਦਾਰੇ?

ਚੰਡੀਗੜ੍ਹ/ਗੁਰਦਾਸਪੁਰ 15 ਨਵੰਬਰ। ਪਹਿਲਗਾਮ 'ਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਵੱਲੋਂ ਅੱਤਵਾਦ ਖ਼?ਲਾਫ਼ ਫ਼ੈਸਲਾਕੁੰਨ ਕਾਰਵਾਈ ਕਰਦਿਆਂ 'ਆਪ੍ਰੇਸ਼ਨ ਸਿੰਦੂਰ' ਤਹਿਤ ਪਾਕਿਸਤਾਨ ਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿਚ 9 ਅੱਤਵਾਦੀ ਟਿਕਾਣਿਆਂ 'ਤੇ ਹਵਾਈ ਹਮਲੇ ਕੀਤੇ ਗਏ। ਇਸ ਮਗਰੋਂ ਅਹਿਤਿਆਤ ਵਜੋਂ ਪੰਜਾਬ ਦੇ ਸਰਹੱਦੀ ਜ਼ਿਲ੍ਹਿਆਂ ਦੇ ਸਕੂਲਾਂ-ਕਾਲਜਾਂ ਨੂੰ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ। ਪ੍ਰਸ਼ਾਸਨ ਵੱਲੋਂ ਬੀਤੇ ਦਿਨੀਂ ਸਰਹੱਦੀ ਜ਼ਿਲ੍ਹਿਆਂ ਅੰਮ੍ਰਿਤਸਰ, ਗੁਰਦਾਸਪੁਰ, ਪਠਾਨਕੋਟ, ਫਾਜ਼ਿਲਕਾ ਅਤੇ ਫਿਰੋਜ਼ਪੁਰ ਅਤੇ ਤਰਨਤਾਰਨ ਦੇ ਸਕੂਲਾਂ ਨੂੰ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਸੀ। ਤਰਨਤਾਰਨ ਦੇ ਸਾਰੇ ਸਕੂਲਾਂ ਨੂੰ 14 ਮਈ ਤਕ ਬੰਦ ਰੱਖਣ ਦਾ ਫ਼ੈਸਲਾ ਕੀਤਾ ਗਿਆ ਹੈ, ਜਦਕਿ ਗੁਰਦਾਸਪੁਰ ਦੇ ਸਕੂਲਾਂ ਨੂੰ 14 ਮਈ ਤਕ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ। ਇਸੇ ਤਰ੍ਹਾਂ ਅੰਮ੍ਰਿਤਸਰ, ਪਠਾਨਕੋਟ, ਫਾਜ਼ਿਲਕਾ ਅਤੇ ਫਿਰੋਜ਼ਪੁਰ ਦੇ ਸਕੂਲਾਂ ਨੂੰ ਵੀ ਅਗਲੇ ਹੁਕਮਾਂ ਤਕ ਬੰਦ ਰੱਖਿਆ ਜਾਵੇਗਾ। ਹਾਲਾਂਕਿ ਪੰਜਾਬ ਦੇ ਬਾਕੀ ਸਾਰੇ ਜ਼ਿਲ੍ਹਿਆਂ ਵਿਚ ਸਕੂਲ-ਕਾਲਜ ਆਮ ਵਾਂਗ ਖੁੱਲ੍ਹੇ ਰਹਿਣਗੇ।

## ਨਸ਼ਿਆਂ ਦੀ ਸਮੱਗਲਿੰਗ ਦੇ ਮਾਮਲੇ 'ਚ ਫ਼ਰਾਰ ਮੁਲਜ਼ਮ ਔਰਤ ਨਸ਼ਾ ਸਮੱਗਲਰ ਨੂੰ ਕੀਤਾ ਗ੍ਰਿਫ਼ਤਾਰ

ਲੁਧਿਆਣਾ 15 ਨਵੰਬਰ। ਸਲੇਮ ਟਾਬਰੀ ਥਾਣੇ ਦੀ ਪੁਲਸ ਨੇ ਨਸ਼ਾ ਸਮੱਗਲਿੰਗ ਦੇ ਮਾਮਲੇ 'ਚ ਫ਼ਰਾਰ ਮੁਲਜ਼ਮ ਔਰਤ ਨੂੰ ਗ੍ਰਿਫਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਉਕਤ ਮਾਮਲੇ ਬਾਰੇ ਜਾਣਕਾਰੀ ਦਿੰਦੇ ਹੋਏ ਐੱਲਡੀਕੋ ਅਸਟੇਟ ਚੌਕੀ ਇੰਚਾਰਜ ਜਿੰਦਰ ਲਾਲ ਸਿੱਧੂ ਨੇ ਦੱਸਿਆ ਕਿ ਥਾਣਾ ਸਲੇਮ ਟਾਬਰੀ ਦੀ ਪੁਲਸ ਨੇ 2023 'ਚ 3 ਨਸ਼ਾ ਸਮੱਗਲਰਾਂ ਖਿਲਾਫ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਸੀ, ਜਿਸ 'ਚ ਪੁਲਸ ਨੇ 2 ਮੁਲਜ਼ਮਾਂ ਨੂੰ ਪਹਿਲਾਂ ਤੋਂ ਹੀ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਉਸ 'ਚ ਫਰਾਰ ਤੀਜੀ ਮੁਲਜ਼ਮ ਔਰਤ ਪ੍ਰਿਯੰਕਾ ਪੁੱਤਰੀ ਸੋਨੂੰ ਮਾਨ ਵਾਸੀ ਮੁਹੱਲਾ ਪੀਰੂਬੰਦਾ ਹੁਣ ਤੱਕ ਪੁਲਸ ਨੂੰ



ਚਕਮਾ ਦੇ ਕੇ ਫ਼ਰਾਰ ਸੀ। ਉਨ੍ਹਾਂ ਦੱਸਿਆ ਕਿ ਪੁਲਸ ਨੂੰ ਮੁਖ਼ਬਰ ਖਾਸ ਨੇ ਸੂਚਨਾ ਦਿੱਤੀ ਕਿ ਅੱਜ ਪ੍ਰਿਯੰਕਾ ਚਰਚ ਦੇ ਨੇੜੇ ਆਈ ਹੋਈ ਹੈ, ਜਿਸ ਤੋਂ ਬਾਅਦ ਪੁਲਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਮੌਕੇ 'ਤੇ ਛਾਪਾਮਾਰੀ ਕਰਦੇ ਹੋਏ ਔਰਤ ਨਸ਼ਾ ਸਮੱਗਲਰ ਪ੍ਰਿਯੰਕਾ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਅੱਜ ਮੁਲਜ਼ਮ ਔਰਤ ਨੂੰ ਅਦਾਲਤ 'ਚ ਪੇਸ਼ ਕੀਤਾ ਜਾਵੇਗਾ, ਜਿਸ ਤੋਂ ਬਾਅਦ ਮੁਲਜ਼ਮ ਔਰਤ ਦਾ ਪੁਲਸ ਰਿਮਾਂਡ ਪ੍ਰਾਪਤ ਕਰ ਕੇ ਅੱਗੇ ਦੀ ਜਾਂਚ ਸ਼ੁਰੂ ਕੀਤੀ ਜਾਵੇਗੀ। ਉਕਤ ਔਰਤ ਇੰਨੇ ਸਾਲਾਂ ਤੋਂ ਕਿਥੇ ਲੁਕੀ ਹੋਈ ਸੀ ਅਤੇ ਉਸ ਨੂੰ ਲੁਕਾਉਣ 'ਚ ਕਿਹੜੇ-ਕਿਹੜੇ ਲੋਕ ਉਸ ਦੀ ਮਦਦ ਕਰਦੇ ਸੀ, ਜਿਸ ਦਾ ਖੁਲਾਸਾ ਪੁਲਸ ਆਉਣ ਵਾਲੇ ਦਿਨਾਂ 'ਚ ਕਰ ਸਕਦੀ ਹੈ।

### ਨਸ਼ਾ ਦੇਣ ਲਈ ਗਾਹਕ ਦੀ ਉਡੀਕ ਕਰ ਰਹੀਆਂ 2 ਔਰਤਾਂ ਕਾਬੂ

ਬਟਾਲਾ 15 ਨਵੰਬਰ। ਨਸ਼ਾ ਦੇਣ ਲਈ ਗਾਹਕ ਦੀ ਉਡੀਕ ਕਰ ਰਹੀਆਂ 2 ਔਰਤਾਂ ਨੂੰ ਪੁਲਸ ਥਾਣਾ ਡੇਰਾ ਬਾਬਾ ਨਾਨਕ ਨੇ ਕਾਬੂ ਕੀਤਾ ਹੈ। ਇਸ ਸਬੰਧੀ ਏ. ਐੱਸ. ਆਈ. ਨੰਦ ਲਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਪੁਲਸ ਪਾਰਟੀ ਸਮੇਤ ਗਸ਼ਤ ਕਰ ਰਹੇ ਸਨ ਕਿ ਗੁਪਤਚਰ ਨੇ ਗੁਪਤ



ਸੂਚਨਾ ਦਿੱਤੀ ਕਿ ਦੋ ਔਰਤਾਂ ਨਿਰਮਲਜੀਤ ਕੌਰ ਵਾਸੀ ਪਿੰਡ ਸਮਰਾਏ ਅਤੇ ਕੰਵਲਜੀਤ ਕੌਰ ਵਾਸੀ ਪਿੰਡ ਨਿੱਕੋਸਰਾਂ ਪਿੰਡ ਵੀਰਾਨ ਕੋਟਲੀ ਦੇ ਪੁਲ ਨਖਾਸੂ ਕੋਲ ਮੂੰਹ ਢੱਕ ਕੇ ਖੜੀਆਂ ਹਨ ਅਤੇ ਨਸ਼ਾ ਦੇਣ ਲਈ ਕਿਸੇ ਗਾਹਕ ਦੀ ਉਡੀਕ ਕਰ ਰਹੀਆਂ ਹਨ। ਜੇਕਰ ਛਾਪਾ ਮਾਰਿਆ ਜਾਵੇ ਤਾਂ ਹੈਰੋਇਨ ਸਮੇਤ ਕਾਬੂ ਆ ਸਕਦੀਆਂ ਹਨ। ਉਕਤ ਪੁਲਸ ਅਧਿਕਾਰੀ ਨੇ ਦੱਸਿਆ ਕਿ ਇਸਦੇ ਤੁਰੰਤ ਬਾਅਦ ਉਨ੍ਹਾਂ ਨੇ ਪੁਲਸ ਪਾਰਟੀ ਸਮੇਤ ਉਕਤ ਜਗ?ਹਾ 'ਤੇ ਛਾਪਾ ਮਾਰ ਕੇ ਉਕਤ ਦੋਵਾਂ ਔਰਤਾਂ ਨੂੰ ਗ੍ਰਿਫਤਾਰ ਕਰ ਲਿਆ, ਜਿਨ੍ਹਾਂ 'ਚੋਂ ਪੁਲਸ ਵੱਲੋਂ ਨਿਰਮਲਜੀਤ ਕੌਰ ਕੋਲੋਂ 25 ਗ੍ਰਾਮ ਤੇ ਕੰਵਲਜੀਤ ਕੌਰ ਕੋਲੋਂ 20 ਗ੍ਰਾਮ ਹੈਰੋਇਨ ਤੇ 1500 ਰੁਪਏ ਡਰੱਗ ਮਨੀ ਵੀ ਬਰਾਮਦ ਕੀਤੀ ਗਈ ਹੈ। ਉਕਤ ਮਾਮਲੇ ਸਬੰਧੀ ਕਾਰਵਾਈ ਕਰਦਿਆਂ ਥਾਣਾ ਡੇਰਾ ਬਾਬਾ ਨਾਨਕ ਵਿਖੇ ਬਣਦੀਆਂ ਧਾਰਾਵਾਂ ਹੇਠ ਉਕਤ ਦੋਵਾਂ ਔਰਤਾਂ ਖਿਲਾਫ ਮਾਮਲਾ ਦਰਜ ਕਰ ਦਿੱਤਾ ਗਿਆ ਹੈ।

## ਥਾਣਾ ਸਮਾਲਪੁਰ ਦਾ ਏ. ਐੱਸ. ਆਈ. ਗ੍ਰਿਫ਼ਤਾਰ, ਕਾਰਾ ਜਾਣ ਨਹੀਂ ਹੋਵੇਗਾ ਯਕੀਨ

ਮੋਗਾ 15 ਨਵੰਬਰ। ਵਿਜੀਲੈਂਸ ਬਿਊਰੋ ਨੇ ਮੋਗਾ ਜ਼ਿਲ੍ਹੇ ਦੇ ਥਾਣਾ ਸਮਾਲਪੁਰ ਵਿਚ ਤਾਇਨਾਤ ਸਹਾਇਕ ਸਬ-ਇੰਸਪੈਕਟਰ (ਏਐੱਸਆਈ) ਹਰਬਿੰਦਰ ਸਿੰਘ (ਨੰਬਰ 115/ਮੋਗਾ) ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਮੁਹਿੰਮ ਦੌਰਾਨ ਉਕਤ ਮੁਲਜ਼ਮ ਨੂੰ ਫਰੀਦਕੋਟ ਜ਼ਿਲ੍ਹੇ ਦੇ ਕੋਟਕਪੂਰਾ ਕਸਬੇ ਦੇ ਇਕ ਨਿਵਾਸੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪੁਲਸ



ਥਾਣੇ ਵਿਚ ਉਸਨੇ ਆਪਣੇ ਅਗਵਾ ਹੋਣ ਸਬੰਧੀ ਐੱਫ.ਆਈ.ਆਰ. ਦਰਜ ਕਰਵਾਈ ਹੈ ਅਤੇ ਉਕਤ ਏਐੱਸਆਈ ਇਸ ਕੇਸ ਦਾ ਜਾਂਚ ਅਧਿਕਾਰੀ ਹੈ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਗਾਇਆ ਕਿ ਉਕਤ ਪੁਲਸ ਮੁਲਾਜ਼ਮ ਨੇ ਮੁਲਜ਼ਮਾਂ ਵਿਰੁੱਧ ਕਾਰਵਾਈ ਕਰਨ ਲਈ ਉਸ ਤੋਂ ਰਿਸ਼ਵਤ ਮੰਗੀ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤ ਦੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਉਕਤ ਪੁਲਸ ਮੁਲਾਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਇਸ ਸਬੰਧੀ ਵਿਜੀਲੈਂਸ ਬਿਉਰੋ ਦੇ ਥਾਣਾ ਫਿਰੋਜ਼ਪੁਰ ਰੇਂਜ ਵਿਖੇ ਮੁਲਜ਼ਮ ਵਿਰੁੱਧ ਕੇਸ ਦਰਜ ਕਰ ਲਿਆ ਗਿਆ ਹੈ ਅਤੇ ਉਸਨੂੰ ਭਲਕੇ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

## ਮੋਟਰਸਾਈਕਲ ਸਵਾਰ 'ਤੇ ਹਮਲਾ ਕਰ ਕੇ ਲੁਟੇਰਿਆਂ ਨੇ ਮੋਬਾਈਲ, ਨਕਦੀ ਤੇ ਬ੍ਰੈਸਲੇਟ ਲੁੱਟਿਆ

ਲੁਧਿਆਣਾ 15 ਨਵੰਬਰ। ਥਾਣਾ ਸਲੇਮ ਟਾਬਰੀ ਦੇ ਅਧੀਨ ਆਉਂਦੀ ਐੱਲਡੀਕੋ ਅਸਟੇਟ ਪੁਲਸ ਚੌਕੀ ਦੇ ਇਲਾਕੇ ਮੈਟਰੋ ਰੋਡ ਸੈਕਰਡ ਹਾਰਟ ਸਕੂਲ ਨੇੜੇ 3 ਲੁਟੇਰਿਆਂ ਨੇ ਮੋਟਰਸਾਈਕਲ ਸਵਾਰ ਵਿਅਕਤੀ 'ਤੇ ਦਾਤਰ ਨਾਲ ਹਮਲਾ ਕਰਕੇ ਨਕਦੀ ਅਤੇ ਮੋਬਾਈਲ ਫੋਨ ਲੁੱਟਣ ਦੇ ਦੋਸ਼ 'ਚ 3 ਅਣਪਛਾਤੇ ਮੁਲਜ਼ਮਾਂ ਖਿਲਾਫ ਕੇਸ ਦਰਜ ਕੀਤਾ ਗਿਆ ਹੈ। ਐੱਲਡੀਕੋ ਅਸਟੇਟ ਚੌਕੀ ਇੰਚਾਰਜ ਜਿੰਦਲ ਲਾਲ ਸਿੱਧੂ ਨੇ ਦੱਸਿਆ ਕਿ ਪੁਲਸ ਨੂੰ ਸ਼ਿਕਾਇਤਕਰਤਾ ਹਰੀ ਰਾਮ ਪੁੱਤਰ ਜੀਤ ਬਹਾਦਰ ਵਾਸੀ ਮੁਹੱਲਾ ਰਾਮ ਆਸਰਾ ਤਰਫ ਕਾਰਾਬਾਰਾ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ 1 ਮਈ ਦੀ ਰਾਤ ਕਰੀਬ ਪੌਣੇ 9 ਵਜੇ ਉਹ ਆਪਣੇ ਮੋਟਰਸਾਈਕਲ 'ਤੇ ਆਪਣੇ ਘਰ ਵੱਲ ਮੈਟਰੋ ਰੋਡ ਤੋਂ ਜਾ ਰਿਹਾ ਸੀ। ਇਸੇ ਦੌਰਾਨ ਸਾਹਮਣਿਓਂ ਇਕ ਮੋਟਰਸਾਈਕਲ 'ਤੇ 3 ਨੌਜਵਾਨ ਆਏ, ਜਿਨ੍ਹਾਂ ਨੇ ਉਸ ਦੇ



ਮੋਟਰਸਾਈਕਲ 'ਚ ਆਪਣਾ ਮੋਟਰਸਾਈਕਲ ਮਾਰ ਕੇ ਉਸ ਨੂੰ ਰੋਕ ਲਿਆ। ਇਸ ਤੋਂ ਬਾਅਦ ਉਕਤ ਲੁਟੇਰਿਆਂ ਨੇ ਉਸ 'ਤੇ ਤੇਜ਼ਧਾਰ ਦਾਤਰ ਨਾਲ ਵਾਰ ਕਰਨੇ ਸ਼ੁਰੂ ਕਰ ਦਿੱਤੇ, ਜਿਸ ਕਾਰਨ ਇਕ ਲੁਟੇਰੇ ਨੇ ਉਸ ਦੇ ਹੱਥ 'ਤੇ ਦਾਤਰ ਨਾਲ ਵਾਰ ਕਰ ਦਿੱਤਾ, ਜਿਸ ਕਾਰਨ ਉਸ ਦਾ ਹੱਥ ਕੱਟਿਆ ਗਿਆ, ਜਿਸ 'ਤੇ 40 ਦੇ ਕਰੀਬ ਟਾਂਕੇ ਲੱਗੇ ਹਨ। ਜਾਂਚ ਅਧਿਕਾਰੀ ਨੇ ਦੱਸਿਆ ਕਿ ਇਸ ਤੋਂ ਬਾਅਦ ਉਕਤ ਲੁਟੇਰੇ ਹਰੀ ਰਾਮ ਦਾ ਮੋਬਾਈਲ ਫੋਨ, 16000 ਦੀ ਨਕਦੀ, ਜ਼ਰੂਰੀ ਕਾਗਜ਼, ਚਾਂਦੀ ਦਾ ਬ੍ਰੈਸਲੇਟ ਅਤੇ ਕੰਪਨੀ ਦੇ ਦਸਤਾਵੇਜ਼ ਲੁੱਟ ਕੇ ਮੌਕੇ ਤੋਂ ਫਰਾਰ ਹੋ ਗਏ। ਉਨ੍ਹਾਂ ਦੱਸਿਆ ਕਿ ਜਿਸ ਤੋਂ ਬਾਅਦ ਪੁਲਸ ਨੇ ਉਕਤ ਮਾਮਲੇ 'ਤੇ ਕਾਰਵਾਈ ਕਰਦੇ ਹੋਏ 3 ਅਣਪਛਾਤੇ ਲੁਟੇਰਿਆਂ ਖਿਲਾਫ ਲੁੱਟ ਦਾ ਕੇਸ ਦਰਜ ਕੀਤਾ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਪੁਲਸ ਦੇ ਹੱਥ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਲੱਗੀ ਹੈ, ਜਿਸ ਤੋਂ ਪੁਲਸ ਮੁਲਜ਼ਮਾਂ ਦੀ ਪਛਾਣ ਕਰਨ 'ਚ ਲੱਗੀ ਹੋਈ ਹੈ। ਜਲਦ ਹੀ ਮੁਲਜ਼ਮਾਂ ਦੀ ਪਛਾਣ ਕਰ ਕੇ ਗ੍ਰਿਫਤਾਰ ਕੀਤਾ ਜਾਵੇਗਾ ਅਤੇ ਅੱਗੇ ਦੀ ਜਾਂਚ ਸ਼ੁਰੂ ਕੀਤੀ ਜਾਵੇਗੀ।

## ਮੌਜੂਦਾ ਹਾਲਾਤ ਦਰਮਿਆਨ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਦੀ ਸਖ਼ਤ

ਲੁਧਿਆਣਾ 15 ਨਵੰਬਰ। ਮੌਜੂਦਾ ਹਾਲਾਤ ਦਰਮਿਆਨ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਜ਼ਿਲ੍ਹੇ ਦੇ ਲੋਕਾਂ ਲਈ ਸੁਨੇਹਾ ਜਾਰੀ ਕੀਤਾ ਹੈ। ਉਨ੍ਹਾਂ ਨੇ ਲੋਕਾਂ ਨੂੰ ਕਿਹਾ ਹੈ ਕਿ ਉਨ੍ਹਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ, ਸਭ ਕੁਝ ਠੀਕ-ਠਾਕ ਹੈ। ਪ੍ਰਸ਼ਾਸਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਨਾ ਕਰੋ। ਉਨ੍ਹਾਂ ਨੇ ਕੱਲ੍ਹ ਦੇ ਬਲੈਕਆਊਟ ਵਿਚ ਸਹਿਯੋਗ ਕਰਨ ਵਾਲਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਬਲੈਕਾਊਟ ਦੌਰਾਨ ਐਮਰਜੈਂਸੀ ਵਿਚ ਪਰਦੇ ਕਰ ਕੇ ਲਾਈਟ ਜਗਾ ਸਕਦੇ ਹੋ, ਪਰ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਲਾਈਟ ਘਰ ਤੋਂ ਬਾਹਰ ਨਾ ਜਾਵੇ। ਉਨ੍ਹਾਂ ਕਿਹਾ ਕਿ ਹਸਪਤਾਲਾਂ ਲਈ ਵੀ ਅਜਿਹੇ ਹੀ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਲੋਕਾਂ ਨੂੰ ਕਿਹਾ ਕਿ ਘਬਰਾਉਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਕਿਸੇ ਚੀਜ਼ ਦੀ ਜਮ?ਹਾਂਖੋਰੀ ਕਰਨ ਜਾਂ ਘਬਰਾ ਕੇ ਜ਼ਿਆਦਾ ਖਰੀਦਦਾਰੀ ਕਰਨ ਦੀ ਲੋੜ ਨਹੀਂ ਹੈ। ਲੋਕਾਂ ਦੀ ਸਹੂਲਤ ਲਈ ਜ਼ਿਲ੍ਹੇ ਵਿਚ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ। ਲੁਧਿਆਣੇ ਦੇ ਲੋਕ 01612403100 ਅਤੇ 112 'ਤੇ ਫ਼ੋਨ ਕਰ ਕੇ ਕੋਈ ਵੀ ਜਾਣਕਾਰੀ ਲੈ ਜਾਂ ਦੇ ਸਕਦੇ ਹਨ। ਇਸ ਦੇ ਨਾਲ ਹੀ ਉਨ੍ਹਾਂ ਅਜਿਹੇ ਹਾਲਾਤ ਵਿਚ ਜਾਅਲੀ ਖ਼ਬਰਾਂ ਫ਼ੈਲਾਉਣ ਵਾਲਿਆਂ ਨੂੰ ਵੀ ਸਖ਼ਤ ਚਿਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ 'ਤੇ ਜਾਅਲੀ ਖ਼ਬਰਾਂ ਫਾਰਵਰਡ ਕਰਨ ਵਾਲਿਆਂ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਲੋਕਾਂ ਨੂੰ ਕਿਹਾ ਕਿ ਫ਼ੌਜ ਆਪਣਾ ਕੰਮ ਬਾਖ਼ੂਬੀ ਕਰ ਰਹੀ ਹੈ। ਜਲਦੀ ਹੀ ਸਭ ਕੁਝ ਸਹੀ ਹੋ ਜਾਵੇਗਾ। ਜਦੋਂ ਵੀ ਸਾਇਰਨ ਵਜਦਾ ਹੈ ਤਾਂ ਲੋਕ ਆਪੋ-ਆਪਣੇ ਘਰਾਂ ਦੇ ਅੰਦਰ ਜਾਂ ਕਿਸੇ ਸੁਰੱਖਿਅਤ ਥਾਂ 'ਤੇ ਸ਼ਰਣ ਲੈ ਲੈਣ।

## ਸੈਂਟਰਲ ਜੇਲ 'ਚ ਹਵਾਲਾਤੀ ਦੇ ਨਾਲ 3-4 ਕੈਦੀਆਂ ਨੇ ਕੀਤੀ ਬਦਫੈਲੀ

ਲੁਧਿਆਣਾ 15 ਨਵੰਬਰ। ਤਾਜਪੁਰ ਰੋਡ ਦੀ ਕੇਂਦਰੀ ਜੇਲ 'ਚ 4 ਕੈਦੀਆਂ ਵਲੋਂ ਇਕ ਹਵਾਲਾਤੀ ਦੇ ਨਾਲ ਕਥਿਤ ਤੌਰ 'ਤੇ ਬਦਫੈਲੀ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਪੀੜਤ ਹਵਾਲਾਤੀ ਨੂੰ ਇਲਾਜ ਲਈ ਸਿਵਲ ਹਸਪਤਾਲ ਦਾਖਲ ਕਰਵਾਇਆ ਗਿਆ ਹੈ। ਪੀੜਤ ਹਵਾਲਾਤੀ ਨੇ 20 ਦਿਨ ਤੱਕ ਇਸ ਮਾਮਲੇ ਨੂੰ ਦਬਾਈ ਰੱਖਿਆ, ਕਿਉਂਕਿ ਬਦਫੈਲੀ ਕਰਨ ਵਾਲੇ ਮੁਲਜ਼ਮਾਂ ਨੇ ਹਵਾਲਾਤੀ ਨੂੰ ਧਮਕਾਇਆ ਕਿ ਜੇਕਰ ਉਕਤ ਮਾਮਲੇ ਬਾਰੇ ਕਿਸੇ ਨੂੰ ਦੱਸਿਆ ਤਾਂ ਉਹ ਉਸ ਨੂੰ ਜਾਨੋਂ ਮਾਰ ਦੇਣਗੇ। ਆਖਿਰ ਪੀੜਤ ਹਵਾਲਾਤੀ ਅੱਜ ਉਕਤ ਘਟਨਾ ਦੀ ਸ਼ਿਕਾਇਤ ਲੈ ਕੇ ਜੇਲ ਸੁਪਰਡੈਂਟ ਕੋਲ ਪੁੱਜਾ। ਜੇਲ ਸੁਪਰਡੈਂਟ ਨੇ ਤੁਰੰਤ ਕਦਮ ਚੁੱਕਦੇ ਹੋਏ ਸਿਵਲ ਹਸਪਤਾਲ ਤੋਂ ਡਾਕਟਰ ਨੂੰ ਜੇਲ 'ਚ ਬੁਲਾਇਆ। ਸਿਵਲ ਹਸਪਤਾਲ ਦੇ ਡਾਕਟਰ ਨੇ ਜੇਲ ਸੁਪਰਡੈਂਟ



ਨੂੰ ਕਿਹਾ ਕਿ ਉਕਤ ਹਵਾਲਾਤੀ ਦਾ ਮੈਡੀਕਲ ਅਤੇ ਸੈਂਪਲਿੰਗ ਸਿਵਲ ਹਸਪਤਾਲ 'ਚ ਲਿਜਾ ਕੇ ਹੀ ਹੋਵੇਗੀ। ਉਸ ਤੋਂ ਬਾਅਦ ਪ੍ਰਸ਼ਾਸਨ ਨੇ ਹਵਾਲਾਤੀ ਨੂੰ ਪੁਲਸ ਹਿਰਾਸਤ ਲੈਟਰ ਪੇਜ (ਚਿੱਠੀ) 'ਚ ਸਿਵਲ ਹਸਪਤਾਲ ਭੇਜਿਆ, ਜਿਥੇ ਉਸ ਦਾ ਸੈਂਪਲ ਲੈ ਕੇ ਜਾਂਚ ਲਈ ਫੋਰੈਂਸਿਕ ਲੈਬ ਖਰੜ ਭੇਜ ਦਿੱਤਾ ਹੈ। ਜੇਲ ਸੁਪਰਡੈਂਟ ਸ਼ਿਵਰਾਜ ਸਿੰਘ ਨੰਦਗੜ੍ਹ ਨੇ ਇਸ ਘਟਨਾ ਦੀ ਜਾਂਚ ਜੇਲ ਡਿਪਟੀ ਸੁਪਰਡੈਂਟ ਸਕਿਓਰਿਟੀ ਭੁਵਨ ਪ੍ਰਤਾਪ ਸਿੰਘ ਨੂੰ ਸੌਂਪੀ ਗਈ ਹੈ। ਹਵਾਲਾਤੀ ਨੇ ਅੱਜ ਇਸ ਸਬੰਧੀ ਸ਼ਿਕਾਇਤ ਦਿੱਤ, ਜਿਸ 'ਚ ਦੱਸਿਆ ਕਿ 3, 4 ਦੇ ਲਗਭਗ ਕੈਦੀਆਂ ਨੇ ਉਸ ਨਾਲ ਅਜਿਹਾ ਘਿਨੌਣਾ ਕਾਰਾ ਕੀਤਾ ਹੈ। ਹਵਾਲਾਤੀ ਨੇ ਕਿਹਾ ਕਿ ਮੁਲਜ਼ਮ ਉਸ ਦੀ ਸ਼ਿਕਾਇਤ ਕਰਨ ਤੋਂ ਡਰਾ ਧਮਕਾ ਰਹੇ ਸਨ, ਜਿਸ ਕਾਰਨ ਉਹ ਇੰਨੇ ਦਿਨ ਚੁੱਪ ਰਿਹਾ। ਜਿਉਂ ਹੀ ਇਸ ਮਾਮਲੇ ਸਬੰਧੀ ਪਤਾ ਲੱਗਾਂ ਤਾਂ ਉਨ੍ਹਾਂ ਨੇ ਤੁਰੰਤ ਠੋਸ ਕਦਮ ਚੁੱਕਦੇ ਹੋਏ। ਇਸ ਦੀ ਜਾਂਚ ਦੇ ਹੁਕਮ ਦੇ ਦਿੱਤੇ। ਨਾਲ ਹੀ ਉਸ ਦਾ ਮੈਡੀਕਲ ਵੀ ਕਰਵਾਇਆ।

### ਟਰਾਂਸਪੋਰਟ ਵਿਭਾਗ ਨੇ ਕੀਤੀ ਸਖ਼ਤੀ, ਵੱਡੇ ਪੱਧਰ 'ਤੇ ਸ਼ੁਰੂ ਹੋਈ ਕਾਰਵਾਈ

ਪਟਿਆਲਾ/ਰੱਖੜਾ 15 ਨਵੰਬਰ। ਟਰਾਂਸਪੋਰਟ ਵਿਭਾਗ ਪਟਿਆਲਾ ਨੇ ਸਖ਼ਤੀ ਦਿਖਾਉਂਦੇ ਹੋਏ ਸਵੇਰ ਸਮੇਂ ਸ਼ਹਿਰ ਅੰਦਰ ਸਕੂਲਾਂ 'ਚ ਪੜ੍ਹਨ ਜਾਣ ਵਾਲੇ ਬੱਚਿਆਂ ਨੂੰ ਲਿਜਾਣ ਵਾਲੇ ਵਹੀਕਲਾਂ ਦੀ ਚੈਕਿੰਗ ਕੀਤੀ, ਜਿਸ 'ਚ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਮੌਕੇ 'ਤੇ ਹੀ ਚਲਾਨ ਕੱਟੇ ਗਏ। ਵਾਹਨਾਂ ਦੀ ਚੈਕਿੰਗ ਕਰਨ ਸਮੇਂ ਟਰਾਂਸਪੋਰਟ ਵਿਭਾਗ ਦੇ ਏ. ਟੀ. ਓ. ਪ੍ਰਦੀਪ ਸਿੰਘ ਤੇ ਉਨ੍ਹਾਂ ਦੀ ਟੀਮ ਮੌਜੂਦ ਰਹੀ, ਜਿੱਥੇ ਉਨ੍ਹਾਂ ਸਕੂਲ ਵੈਨਾ, ਥ?ਰੀ ਵੀਲਰ, ਟਵੇਰਾ ਗੱਡੀਆਂ, ਜੁਗਾੜੂ ਰੇਹੜੀਆਂ, ਕਮਰਸ਼ੀਅਲ ਟਰਾਲੀਆਂ ਦੀ ਚੈਕਿੰਗ ਕਰ ਕੇ 15 ਦੇ ਲਗਭਗ ਵਾਹਨਾਂ ਦੇ ਮੌਕੇ 'ਤੇ ਹੀ ਚਲਾਨ ਕੱਟੇ ਗਏ। ਉਨ੍ਹਾਂ ਨੂੰ ਸਖ਼ਤ ਹਦਾਇਤਾਂ ਕਰਦਿਆਂ ਏ. ਟੀ. ਓ. ਪ੍ਰਦੀਪ ਸਿੰਘ ਨੇ ਕਿਹਾ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਨਾਲ-ਨਾਲ ਉਨ੍ਹਾਂ ਦੇ ਮਾਲਕਾਂ 'ਤੇ ਵੀ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਲਿਹਾਜ਼ਾ ਉਲੰਘਣਾ ਕਰਨ ਵਾਲੇ ਵਾਹਨਾਂ ਕਾਰਨ ਸੜਕਾਂ 'ਤੇ ਨਿੱਤ ਨਵੇਂ ਹਾਦਸੇ ਵਾਪਰ ਰਹੇ ਹਨ, ਜਿਨ੍ਹਾਂ ਨੂੰ ਦੇਖਦੇ ਹੋਏ ਟਰਾਂਸਪੋਰਟ ਵਿਭਾਗ ਦੇ ਆਰ. ਟੀ. ਓ. ਨਮਨ ਮੜਕਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹੇ ਅੰਦਰ ਨਿੱਤ ਦਿਨ ਵੱਖ-ਵੱਖ ਸੜਕਾਂ 'ਤੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ।

## ਪੰਜਾਬ ਦੇ ਇਹ ਪਿੰਡ ਹੋਣ ਲੱਗੇ ਖਾਲ੍ਹੀ, ਸੁਰੱਖਿਅਤ ਥਾਵਾਂ 'ਤੇ ਪਹੁੰਚਣ ਲੱਗੇ ਲੋਕ

ਫਾਜ਼ਿਲਕਾ 15 ਨਵੰਬਰ। ਭਾਰਤ ਅਤੇ ਪਾਕਿਸਤਾਨ ਦੇ ਵਿਚਕਾਰ ਆਪਸੀ ਜੰਗ ਦਾ ਮਾਹੌਲ ਬਣਿਆ ਹੋਇਆ ਹੈ ਜਿਸ ਨੂੰ ਵੇਖਦੇ ਹੋਏ ਫਾਜ਼ਿਲਕਾ ਦੇ ਸਰਹੱਦੀ ਪਿੰਡ ਪੱਕਾ ਚਿਸ਼ਤੀ ਦੇ ਲੋਕਾਂ ਨੇ ਹੁਣ ਆਪਣੇ ਘਰਾਂ ਦਾ ਸਮਾਨ ਇਕ ਥਾਂ ਤੋਂ ਦੂਸਰੀ ਥਾਂ 'ਤੇ ਸ਼ਿਫਟ ਕਰਨਾ ਸ਼ੁਰੂ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਫੌਜਾ ਸਿੰਘ ਪਿੰਡ ਪੱਕਾ ਚਿਸ਼ਤੀ ਨੇ ਦੱਸਿਆ ਕਿ ਸਰਹੱਦੀ ਖੇਤਰ ਤੇ ਦੋਵਾਂ ਮੁਲਕਾਂ ਦੇ ਵਿਚਕਾਰ ਜੰਗ ਦਾ ਮਾਹੌਲ ਬਣਿਆ ਹੋਇਆ ਹੈ। ਇਸ ਨੂੰ ਵੇਖਦੇ ਹੋਏ ਉਹ ਆਪਣਾ ਘਰ ਦਾ ਸਮਾਨ ਫਾਜ਼ਿਲਕਾ ਸ਼ਹਿਰ ਤੋਂ ਅੱਗੇ ਪਿੰਡ ਪੰਚਾਂ ਵਾਲੀ ਵਿਖੇ ਪਹੁੰਚਾ ਰਹੇ ਹਨ ਉਨ੍ਹਾਂ ਦੱਸਿਆ ਕਿ 1971 ਅਤੇ 65 ਦੀ ਜੰਗ ਵੀ ਉਨ੍ਹਾਂ ਨੇ ਵੇਖੀ ਹੈ, ਜਿਸ ਵਿਚ ਉਨ੍ਹਾਂ ਦਾ ਬਹੁਤ ਜ਼ਿਆਦਾ ਨੁਕਸਾਨ ਹੋਇਆ ਸੀ। ਉਨ੍ਹਾਂ ਦੱਸਿਆ ਕਿ ਅਸੀਂ ਸਮਾਨ ਛੱਡ ਕੇ ਆਪ ਵਾਪਸ ਪਿੰਡ ਵਿਚ ਹੀ ਰਹਾਂਗੇ ਜੇ ਜੰਗ ਲੱਗਦੀ ਹੈ



ਤਾਂ ਸਾਨੂੰ ਕਿਤੇ ਵੀ ਭੱਜਣਾ ਪੈ ਸਕਦਾ ਹੈ। ਉਨ੍ਹਾਂ ਦੱਸਿਆ ਕਿ ਪਿਛਲੀਆਂ ਜੰਗਾਂ ਦੌਰਾਨ ਪਾਕਿਸਤਾਨ ਵੱਲੋਂ ਸਾਡੇ ਪਿੰਡਾਂ ਦੇ ਬਹੁਤ ਸਾਰੇ ਲੋਕ ਬੰਦੀ ਬਣਾ ਲਏ ਗਏ ਸਨ ਅਤੇ ਜਦੋਂ ਜੰਗ ਬੰਦ ਹੋਈ ਸੀ ਤਾਂ ਦੋਵਾਂ ਮੁਲਕਾਂ ਨੇ ਸਹਿਮਤੀ ਨਾਲ ਅਵਾਮ ਨੂੰ ਵਾਪਸ ਕੀਤਾ ਸੀ। ਜਿਸ ਨੂੰ ਵੇਖਦੇ ਹੋਏ ਉਹ ਹਰ ਵੇਲੇ ਚੌਕਸ ਹਨ। ਉਨ੍ਹਾਂ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਪਿੰਡ ਖਾਲੀ ਕਰਨ ਲਈ ਨਹੀਂ ਕਿਹਾ ਗਿਆ ਪਰ ਫਿਰ ਵੀ ਉਹ ਆਪਣੇ ਪੁਰਾਣੇ ਤਜਰਬੇ ਦੇ ਨਾਲ ਆਪਣਾ ਸਮਾਨ ਦੂਜੀ ਥਾਂ 'ਤੇ ਭੇਜ ਰਹੇ ਹਨ।

# ਹੁਣ ਤੱਕ ਗਾਂਜੇ ਦੀ ਭਾਰੀ ਖੇਪ ਦੇ ਨਾਲ ਫੜੇ ਜਾ ਚੁੱਕੇ ਦੇ 3 ਸਮੱਗਲਰ

ਅੰਮ੍ਰਿਤਸਰ 15 ਨਵੰਬਰ। ਪਹਿਲਾਂ ਚਿੱਟਾ, ਫਿਰ ਟਰਾਮਾਡੋਲ ਤੇ ਹੁਣ ਸ੍ਰੀ ਗੁਰੂ ਰਾਮਦਾਸ ਇੰਟਰਨੈਸ਼ਨਲ ਏਅਰਪੋਰਟ 'ਤੇ ਵਾਰ-ਵਾਰ ਹਾਈਡ?ਰੋਲਿਕ ਗਾਂਜੇ ਦੀ ਆਮਦ ਇਕ ਵੱਡੇ ਖਤਰੇ ਵੱਲ ਇਸ਼ਾਰਾ ਕਰ ਰਿਹਾ ਹੈ ਤਾਂ ਉਥੇ ਹੀ ਸੁਰੱਖਿਆ ਏਜੰਸੀਆਂ ਵੀ ਇਸ ਚਿੰਤਾ 'ਚ ਹਨ ਕਿ ਆਖ਼?ਰਕਾਰ ਅੰਮ੍ਰਿਤਸਰ ਏਅਰਪੋਰਟ 'ਤੇ ਹੀ ਵਾਰ-ਵਾਰ ਗਾਂਜੇ ਦੀ ਆਮਦ ਕਿਉਂ ਹੋ ਰਹੀ ਹੈ। ਐੱਸ. ਜੀ. ਆਰ. ਡੀ. ਏਅਰਪੋਰਟ 'ਤੇ ਕਸਟਮ ਵਿਭਾਗ ਦੀ ਗੱਲ ਕਰੀਏ ਤਾਂ ਵਿਭਾਗ ਵੱਲੋਂ ਮਲੇਸ਼ੀਆ, ਬੈਂਕਾਕ ਤੇ ਕੁਆਲਾਲੰਪੁਰ ਤੋਂ ਆਉਣ ਵਾਲੀਆਂ ਫਲਾਈਟਾਂ ਦੇ ਯਾਤਰੀਆਂ ਕੋਲੋਂ ਅੱਧਾ ਦਰਜਨ ਤੋਂ ਵੱਧ ਵੱਡੇ ਕੇਸ ਹਾਈਡ?ਰੋਲਿਕ ਗਾਂਜੇ ਦੇ ਬਣਾਏ ਗਏ ਹਨ, ਜਿਨ੍ਹਾਂ 'ਚ 22 ਕਿਲੋ ਗਾਂਜਾ ਜਿਸਦੀ ਕੀਮਤ ਲੱਗਭਗ 22 ਕਰੋੜ? ਹੈ, ਦੀ ਖੇਪ ਫੜੀ ਜਾ ਚੁੱਕੀ ਐ। ਇੰਨਾ ਹੀ ਨਹੀਂ ਅੰਮ੍ਰਿਤਸਰ ਨਾਸ ਸਬੰਧਤ 3 ਸਮੱਗਲਰ ਵੀ ਗ੍ਰਿਫਤਾਰ ਕੀਤੇ ਜਾ ਚੁੱਕੇ ਹਨ, ਜੋ ਗਾਂਜੇ ਦੀ ਖੇਪ ਆਪਣੇ ਸਾਮਾਨ 'ਚ ਲੈ ਕੇ ਆਏ ਸਨ ਪਰ ਇਹ ਗਾਂਜਾ ਕਿੱਥੇ ਵਰਤਿਆਂ ਜਾਣਾ ਸੀ, ਇਸ ਬਾਰੇ ਅਜੇ ਤੱਕ ਕਸਟਮ ਵਿਭਾਗ ਨੂੰ ਪਤਾ ਨਹੀਂ ਲੱਗ ਸਕਿਆ ਹੈ। ਗਾਂਜੇ ਦੀ ਖਪਤ ਅੰਮ੍ਰਿਤਸਰ ਜਾਂ ਪੰਜਾਬ 'ਚ ਕੀਤੀ ਜਾਣੀ ਸੀ ਜਾਂ ਫਿਰ ਕਿਸੇ ਹੋਰ ਸੂਬੇ 'ਚ ਹੋਈ ਸੀ, ਇਸਦਾ ਵੀ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ। ਬੀਤੇ ਦਿਨ ਫੜੀ ਗਈ ਖੇਪ ਤੋਂ ਪਹਿਲਾਂ ਅਮਨਦੀਪ ਸਿੰਘ ਨੂੰ ਗਾਂਜਾ ਦੀ ਖੇਪ ਨਾਲ ਬੈਂਕਾਕ ਤੋਂ ਮਲੇਸ਼ੀਆ ਭੇਜਿਆ ਗਿਆ, ਤਾਂ ਕਿ ਕਸਟਮ ਵਿਭਾਗ ਨੂੰ ਜ਼ਿਆਦਾ ਸ਼ੱਕ ਨਾ ਹੋਵੇ ਤੇ ਗਾਂਜਾ ਦੀ ਖੇਪ ਆਸਾਨੀ ਨਾਲ ਅੰਮ੍ਰਿਤਸਰ ਏਅਰਪੋਰਟ 'ਤੇ ਪਹੁੰਚ ਸਕੇ। ਪਤਾ ਲੱਗਾ ਹੈ ਕਿ ਅਮਨਦੀਪ ਸਿੰਘ ਦੀ ਉਮਰ ਸਿਰਫ 21 ਸਾਲ ਹੈ ਅਤੇ ਉਹ ਬਰਨਾਲਾ ਦਾ ਰਹਿਣ ਵਾਲਾ ਹੈ। ਉਸਦੀ ਵਿਦੇਸ਼ 'ਚ ਯਾਤਰਾ ਵੀ ਪਹਿਲੀ ਵਾਰ ਹੀ ਹੈ ਤਾਂ ਕਿ ਕਸਟਮ ਵਿਭਾਗ ਦੇ ਏ. ਪੀ. ਆਈ. ਐੱਸ. ਸਿਸਟਮ 'ਚ ਉਹ ਟ?ਰੇਸ ਨਾ ਹੋਵੇ ਸਕੇ ਪਰ ਫਿਰ ਵੀ ਵਿਭਾਗ ਦੇ ਤਜਰਬੇਕਾਰ ਅਧਿਕਾਰੀਆਂ ਦੀ ਨਜ਼ਰ ਤੋਂ ਅਮਨਦੀਪ ਬਚ ਨਹੀਂ ਸਕਿਆ ਤੇ ਫੜਿਆ ਗਿਆ। ਅਮਨਦੀਪ ਦੀ ਗ੍ਰਿਫਤਾਰੀ ਤੋਂ ਬਾਅਦ ਦੀ ਜਾਂਚ ਤੋਂ ਬਾਅਦ ਕਸਟਮ ਵਿਭਾਗ ਦੀ ਟੀਮ ਨੇ ਅਮਨਦੀਪ ਦੇ ਇਕ ਹੋਰ ਸਾਥੀ ਨੂੰ ਗ੍ਰਿਫਤਾਰ ਕੀਤਾ, ਜੋ ਕਿ ਕੋਲਕਾਤਾ ਦਾ ਰਹਿਣ ਵਾਲਾ ਸੀ। ਉਸਦਾ ਕੰਮ ਹੀ ਬੇਰੋਜ਼ਗਾਰ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਨੌਜਵਾਨਾਂ ਨੂੰ ਪੈਸੇ ਦਾ ਲਾਲਚ ਦੇਣਾ ਅਤੇ ਉਨ੍ਹਾਂ ਨੂੰ ਸਮੱਗਲਿੰਗ ਦੇ ਸਾਧਨ ਵਜੋਂ ਵਰਤਣਾ ਸੀ। ਫਿਲਹਾਲ ਕਸਟਮ ਵਿਭਾਗ ਵੀ ਇਸ ਮਾਮਲੇ ਨੂੰ ਬਹੁਤ ਗੰਭੀਰਤਾ ਨਾਲ ਲੈ ਰਿਹਾ ਹੈ ਅਤੇ ਇਹ ਪਤਾ ਲਾਉਣ ਦੀ ਵੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਕੀ ਗਾਂਜਾ ਪੰਜਾਬ ਵਿਚ ਹੀ ਖਪਤ ਕੀਤਾ ਜਾਣਾ ਸੀ, ਜਾਂ ਇਸ ਨੂੰ ਕਿਸੇ ਹੋਰ ਸੂਬੇ 'ਚ ਸਪਲਾਈ ਕੀਤਾ ਜਾਣਾ ਸੀ। ਦੇਸ਼ ਦੇ ਹੋਰ ਹਵਾਈ ਅੱਡਿਆਂ ਦੀ ਬਜਾਏ ਸਿਰਫ ਅੰਮ੍ਰਿਤਸਰ ਹਵਾਈ ਅੱਡੇ 'ਤੇ ਹੀ ਗਾਂਜੇ ਦੀਆਂ ਖੇਪਾਂ ਵਾਰ-ਵਾਰ ਭੇਜਣ ਨਾਲ



ਇਹ ਵੀ ਸਵਾਲ ਖੜ੍ਹੇ ਹੋਏ ਹਨ ਕਿ ਕੀ ਹਵਾਈ ਅੱਡੇ ਦੇ ਅੰਦਰ ਹੀ ਕੋਈ ਕਾਲੀਆਂ ਭੇਡਾਂ ਹਨ, ਜੋ ਗਾਂਜਾ ਸਮੱਗਲਿੰਗ ਕਰਨ 'ਚ ਮਦਦ ਕਰ ਰਹੀਆਂ ਹਨ। ਇਸ ਤੋਂ ਪਹਿਲਾਂ ਵੀ ਏਅਰਪੋਰਟ 'ਤੇ ਕਸਟਮ ਵਿਭਾਗ, ਠੇਕਾ 'ਤੇ ਰੱਖੇ ਕਰਮਚਾਰੀ ਅਤੇ ਏਅਰਲਾਈਨਜ਼ ਦੇ ਕਰਮਚਾਰੀ ਸਮੱਗਲਰਾਂ ਨਾਲ ਮਿਲੀਭੁਗਤ ਕਰਦੇ ਫੜੇ ਗਏ ਹਨ। ਘੱਟ ਤਨਖਾਹ ਵਾਲੇ ਕਰਮਚਾਰੀ ਸਮੱਗਲਰਾਂ ਲਈ ਆਸਾਨ ਸ਼ਿਕਾਰ ਹੁੰਦੇ ਹਨ। ਅਮਨਦੀਪ ਬਾਰੇ ਗੱਲ ਕਰੀਏ ਤਾਂ ਉਸਦੇ ਪਿਤਾ ਇਕ ਦਰਜ਼ੀ ਹੈ ਅਤੇ ਉਸਦੀ ਮਾਂ ਇਕ ਘਰੇਲੂ ਔਰਤ ਹੈ, ਹਾਲਾਂਕਿ, ਮਾਪਿਆਂ ਨੂੰ ਇਹ ਨਹੀਂ ਪਤਾ ਸੀ ਕਿ ਉਨ੍ਹਾਂ ਦਾ ਪੁੱਤਰ ਅਜਿਹੀਆਂ ਗਤੀਵਿਧੀਆਂ 'ਚ ਸ਼ਾਮਲ ਹੈ। ਅਮਨਦੀਪ ਇਹ ਵੀ ਮੰਨਣ ਲਈ ਤਿਆਰ ਨਹੀਂ ਹੈ ਕਿ ਉਹ ਸਮੱਗਲਿੰਗ ਦੇ ਮਕਸਦ ਨਾਲ ਵਿਦੇਸ਼ ਗਿਆ ਸੀ ਕਿਉਂਕਿ ਕੁਝ ਲੋਕ ਵਿਦੇਸ਼ਾਂ ਤੋਂ ਇਲੈਕਟ?ਰਾਨਿਕ ਸਾਮਾਨ ਲਿਆਉਣ ਦਾ ਕੰਮ ਵੀ ਕਰਦੇ ਹਨ। ਹੈਰੋਇਨ ਅਤੇ ਹੋਰ ਨਸ਼ੀਲੇ ਪਦਾਰਥਾਂ ਦੀ ਸਮੱਗਲਿੰਗ ਕਰਵਾਉਣ ਲਈ ਪਾਕਿਸਤਾਨ ਵਰਗੇ ਦੇਸ਼ ਸਰਹੱਦੀ ਪਿੰਡਾਂ ਵਿਚ ਰਹਿਣ ਵਾਲੇ ਨੌਜਵਾਨਾਂ ਨੂੰ ਆਪਣਾ ਸ਼ਿਕਾਰ ਬਣਾ ਰਹੇ ਹਨ। ਇਸਦਾ ਅੰਦਾਜ਼ਾ ਇਸ ਗੱਲ ਤੋਂ ਲਾਇਆ ਜਾ ਸਕਦਾ ਹੈ ਕਿ ਹੁਣ ਤੱਕ ਬੀ. ਐੱਸ. ਐੱਫ. ਅਤੇ ਏ. ਐੱਨ. ਟੀ. ਐੱਫ. ਐੱਨ. ਆਈ. ਏ. (ਐਂਟੀ ਨਾਰਕੋਟਿਕਸ ਟਾਸਕ ਫੋਰਸ) ਵੱਲੋਂ ਹੈਰੋਇਨ ਦੀ ਖੇਪ ਸਮੇਤ ਗ੍ਰਿਫਤਾਰ ਕੀਤੇ ਗਏ ਸਾਰੇ ਸਮੱਗਲਰਾਂ ਦੀ ਉਮਰ 18 ਤੋਂ 25 ਸਾਲ ਦੇ ਵਿਚਕਾਰ ਹੈ। ਅਜਿਹੇ ਨੌਜਵਾਨ ਘੱਟ ਮਿਹਨਤ ਨਾਲ ਜ਼ਿਆਦਾ ਪੈਸਾ ਕਮਾਉਣ ਦੇ ਲਾਲਚ ਵਿਚ ਸਮੱਗਲਰਾਂ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਫਿਰ ਆਪਣੀ ਪੂਰੀ ਜ਼ਿੰਦਗੀ ਵੱਡੇ ਸਮੱਗਲਰਾਂ ਦੇ ਗੁਰਗਿਆਂ ਵਜੋਂ ਬਿਤਾਉਂਦੇ ਹਨ ਕਿਉਂਕਿ ਇਕ ਵਾਰ ਜਦੋਂ ਉਹ ਫੜੇ ਜਾਂਦੇ ਹਨ ਅਤੇ ਜੇਲ ਜਾਂਦੇ ਹਨ, ਤਾਂ ਉਹ ਇਕ ਵੱਡਾ ਨੈੱਟਵਰਕ ਬਣਾ ਕੇ ਜੇਲ ਤੋਂ ਵਾਪਸ ਆਉਂਦੇ ਹਨ। ਗਾਂਜਾ ਅਤੇ ਇਸ ਨਾਲ ਸਬੰਧਤ ਨਸ਼ਿਆਂ ਬਾਰੇ ਗੱਲ ਕਰੀਏ, ਤਾਂ ਪਤਾ ਲੱਗਦਾ ਹੈ ਕਿ ਜ਼ਿਆਦਾਤਰ ਹਿਲ ਸਟੇਸ਼ਨਾਂ 'ਤੇ ਜਿੱਥੇ ਵਿਦੇਸ਼ਾਂ ਤੋਂ ਸੈਲਾਨੀ ਆਉਂਦੇ ਹਨ ਅਤੇ ਬਹੁਤ ਸਾਰਾ ਸਮਾਂ ਬਿਤਾਉਂਦੇ ਹਨ। ਅਜਿਹੇ ਹਿਲ ਸਟੇਸ਼ਨਾਂ 'ਚ ਗਾਂਜਾ, ਚਰਸ ਅਤੇ ਕੋਕੀਨ ਵਰਗੇ ਨਸ਼ੇ ਵੱਡੀ ਮਾਤਰਾ 'ਚ ਵਰਤੇ ਜਾਂਦੇ ਹਨ, ਹਾਲਾਂਕਿ ਕੁਝ ਸਟੇਸ਼ਨਾਂ 'ਚ ਭੰਗ ਵੀ ਵਰਤੀ ਜਾਂਦੀ ਹੈ।

**ਕੌਮੀ ਪਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਰੈਗੂਲਰ ਤੇ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਡਿਪਟੀ ਡਾਇਰੈਕਟਰ ਪ੍ਰਸ਼ਾਸਨ ਨਾਲ ਹੋਈ ਮੀਟਿੰਗ

## 31 ਦਸੰਬਰ ਤੱਕ ਫੀਲਡ ਮੁਲਾਜ਼ਮਾਂ ਦੀਆਂ ਕੀਤੀਆਂ ਜਾਣਗੀਆਂ ਪ੍ਰਮੋਸ਼ਨਾਂ

**ਕੌਮੀ ਪੱਤ੍ਰਿਕਾ**
**ਮਲਾਗਰ ਖਮਾਣੋਂ**

ਮੋਹਾਲੀ,15 ਨਵੰਬਰ: ਪੀ ਡਬਲਿਊ ਡੀ ਜਲ ਸਪਲਾਈ ਤਾਲਮੇਲ ਸੰਘਰਸ਼ ਕਮੇਟੀ ਪੰਜਾਬ ਦੀ ਮੀਟਿੰਗ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਡਿਪਟੀ ਡਾਇਰੈਕਟਰ ਪ੍ਰਸ਼ਾਸਨ ਪਰਨੀਤ ਗਰਗ ਨਾਲ ਮੁੱਖ ਦਫਤਰ ਮਹਾਲੀ ਵਿਖੇ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਸੂਬਾ ਕਨਵੀਨਰ ਮਲਾਗਰ ਸਿੰਘ ਖਮਾਣੋ ,ਮੁਕੇਸ਼ ਕੰਡਾ ,ਬਿਕਰ ਸਿੰਘ ਮਾਖਾ ਨੇ ਦੱਸਿਆ ਕਿ ਮੌਤ ਹੋ ਚੁੱਕੇ ਮੁਲਾਜ਼ਮਾਂ ਦੇ ਵਾਰਸਾਂ ਨੂੰ ਤਰਸ ਅਧਾਰ ਦੇ ਆਧਾਰ ਤੇ ਪੈਂਡਿੰਗ ਪਏ 52 ਕੇਸਾਂ ਸਬੰਧੀ ਦੋਵੇਂ ਧਿਰਾਂ ਕਾਗਜੀ ਕਾਰਵਾਈ ਮੁਕੰਮਲ ਕਰਵਾਉਣਗੀਆਂ, ਦਰਜਾ ਚਾਰ ਮੁਲਾਜ਼ਮਾਂ ਦੀਆਂ ਪ੍ਰਮੋਸ਼ਨਾਂ ਸੰਬੰਧੀ ਵਿਭਾਗੀ ਕਮੇਟੀ 30 ਨਵੰਬਰ ਤੱਕ ਟੈਸਟ ਲਵੇਗੀ ,6% ਤੇ 15% ਕੋਟੇ ਤਹਿਤ ਜੂਨੀਅਰ ਇੰਜੀਨੀਅਰ ਦੀਆਂ ਖਾਲੀ ਪੋਸਟਾਂ ਅਤੇ ਜੂਨੀਅਰ ਡਰਾਫਟਸਮੈਨਾਂ ਦੀਆਂ ਪੋਸਟਾਂ ਤੇ ਵੀ 31 ਦਸੰਬਰ ਤੱਕ ਪ੍ਰਮੋਸ਼ਨਾਂ ਕੀਤੀਆਂ ਜਾਣਗੀਆਂ ,ਵਿਭਾਗੀ ਮੁਖੀ ਦੀ ਹਾਜ਼ਰੀ ਵਿੱਚ ਹੋਏ ਫੈਸਲਿਆਂ ਨੂੰ ਲਾਗੂ ਕਰਨ ਅਤੇ ਆਈ ਐਚ ਆਰ ਐਮ ਐਸ ਤੇ ਫੀਲਡ ਮੁਲਾਜ਼ਮਾਂ ਦੀਆਂ ਤਰੁਟੀਆਂ ਨੂੰ ਦੂਰ ਕਰਨ ਲਈ ਸਮੂਹ ਡੀਡੀਓ ਨੂੰ ਰਿਮਾਇੰਡਰ ਜਾਰੀ ਕੀਤੇ ਜਾਣਗੇ ,20-30-50 ਅਨੁਪਾਤ ਅਨੁਸਾਰ ਟੈਕਨੀਸ਼ੀਅਨ ਦੀ ਪਲੇਸਮੈਂਟ ਜਨਵਰੀ ਤੱਕ ਦੁਬਾਰਾ ਕੀਤੀ ਜਾਵੇਗੀ, ਟੈਕਨੀਸ਼ੀਅਨ ਗਰੇਡ ਸਬੰਧੀ ਇਕਰੀਮਿੰਟ ਦੀ ਮੰਗ ਪੰਜਾਬ ਸਰਕਾਰ ਵੱਲੋਂ ਰੱਦ ਕੀਤੀ ਗਈ ਹੈ ,ਦਫਤਰਾਂ ਵਿੱਚ ਕੰਮ ਕਰਦੇ ਦਰਜਾ ਚਾਰ ਮੁਲਾਜ਼ਮਾਂ ਨੂੰ



ਕਲੈਰੀਕਲ ਖਾਲੀ ਪੋਸਟਾਂ ਤੇ ਟਾਈਪ ਟੈਸਟ 31 ਦਸੰਬਰ ਤੱਕ ਲੈਣ ਸਬੰਧੀ ਮੁੱਖ ਇੰਜੀਨੀਅਰ ਨਾਨ ਗਜ਼ਟਿਡ ਨੂੰ ਹਦਾਇਤਾਂ ਜਾਰੀ ਕੀਤੀਆਂ ਜਾਣਗੀਆਂ, ਦਰਜਾ ਚਾਰ ਕਰਮਚਾਰੀਆਂ ਦੀ ਸੀਨੀਅਰ ਸੂਚੀ ਮੁਕੰਮਲ ਹੋ ਚੁੱਕੀ ਹੈ ਤੇ ਦਰਜਾ ਤਿੰਨ ਦੀ ਸੀਨੀਅਰ ਸੂਚੀ ਜਨਵਰੀ ਤੱਕ ਮੁਕੰਮਲ ਕੀਤੀ ਜਾਵੇਗੀ। ਇਨਲਿਸਟਮੈਂਟ , ਆਊਟਸੋਰਸਿੰਗ ਕਾਮਿਆ ਨੂੰ ਵਿਭਾਗ ਵਿੱਚ ਲੈਂਣ ਸਬੰਧੀ ਵਿਭਾਗ ਵੱਲੋਂ ਬਣਾਈ ਗਈ ਪਾਲਸੀ ਸਬੰਧੀ ਦੱਸਿਆ ਗਿਆ ਕਿ ਵਿਭਾਗ ਦੇ ਮੁੱਖ ਸਕੱਤਰ ਨੂੰ ਪੰਜਾਬ ਸਰਕਾਰ ਵੱਲੋਂ ਨੋਡਲ ਅਫਸਰ ਲਾਇਆ ਗਿਆ ਹੈ ਜੋ ਦੂਜੇ ਵਿਭਾਗਾਂ ਦੇ ਕੱਚੇ ਕਾਮਿਆਂ ਸਬੰਧੀ ਪੋਲਸੀ ਫਾਈਨਲ ਕਰਨਗੇ ਅਤੇ ਪੰਜਾਬ ਸਰਕਾਰ ਇੱਕ ਹੀ ਪੋਲਸੀ ਤਿਆਰ ਕਰੇਗੀ। ਵਿਭਾਗ ਵੱਲੋਂ 58 ਸਾਲਾਂ ਕੱਚੇ ਕਾਮਿਆਂ ਨੂੰ ਨਹੀਂ ਹਟਾਇਆ ਜਾ ਰਿਹਾ ਕਿਉਂਕਿ ਇਹ ਕੇਸ ਪੰਜਾਬ ਸਰਕਾਰ ਦੇ ਵਿਚਾਰ ਅਧੀਨ ਹੈ, ਜਲ ਸਪਲਾਈ ਸਕੀਮਾਂ ਦੇ ਪੰਚਾਇਤੀਕਰਨ ਸਬੰਧੀ ਪੰਜਾਬ ਸਰਕਾਰ ਦੀ ਨੀਤੀ ਹੈ। ਮੀਟਿੰਗ ਵਿੱਚ ਜਸਵਿੰਦਰ ਸਿੰਘ ਸੀਨੀਅਰ ਸਹਾਇਕ ਤੋਂ ਇਲਾਵਾ ਦਵਿੰਦਰ ਸਿੰਘ ਨਾਭਾ, ਸਰਬਜੀਤ ਸਿੰਘ ਭੁੱਲਰ, ਹਰਦੀਪ ਕੁਮਾਰ , ਬ੍ਰਹਮਪਾਲ ਸਹੋਤਾ ,ਹਿੰਮਤ ਸਿੰਘ ਦੁਲੋਵਾਲ, ਬਲਵੀਰ ਸਿੰਘ ਹਿਰਦਾਪੁਰ ,ਹਰਪ੍ਰੀਤ ਸਿੰਘ ਰਾਜੀਆ, ਗੁਰਸੇਵਕ ਭਿੱਖੀ, ਦਰਸ਼ਨ ਸਿੰਘ ਬਹਾਦਰਗੜ੍ਹ, ਟੇਕ ਸਿੰਘ ਮੋਹਾਲੀ, ਜਸਪ੍ਰੀਤ ਵਾਲੀਆਂ ਆਦਿ ਹਾਜ਼ਰ ਸਨ।

# ਅੰਮ੍ਰਿਤ ਵੇਲੇ ਗੁਰੂਘਰ ਜਾ ਰਹੇ ਮਨਜੀਤ ਸਿੰਘ ਖ਼ਾਲਸਾ ਨਾਲ ਵੱਡੀ ਵਾਰਦਾਤ

ਲੁਧਿਆਣਾ 15 ਨਵੰਬਰ। ਲੁਧਿਆਣਾ ਵਿਚ ਅੱਜ ਤੜਕਸਾਰ ਹੀ ਸ਼ਹਿਰ ਦੀ ਕਾਨੂੰਨ ਵਿਵਸਥਾ ’ਤੇ ਸਵਾਲ ਖੜ੍ਹੇ ਕਰ ਦੇਣ ਵਾਲੀ ਇਕ ਹੋਰ ਵਾਰਦਾਤ ਹੋ ਗਈ। ਅੰਮ੍ਰਿਤ ਵੇਲੇ ਗੁਰਦੁਆਰਾ ਸਾਹਿਬ ਜਾ ਰਹੇ ਇਕ ਬਜ਼ੁਰਗ ਸ਼ਰਧਾਲੂ ਨੂੰ ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਸੜਕ ਵਿਚਾਲੇ ਘੇਰ ਲਿਆ। ਇਸ ਦੌਰਾਨ ਉਹ ਬਜ਼ੁਰਗ ਸ਼ਰਧਾਲੂ ਨੂੰ ਧਮਕਾ ਕੇ ਨਕਦੀ ਤੇ ਹੋਰ ਸਾਮਾਨ ਲੁੱਟ ਕੇ ਲੈ ਗਏ। ਲੁੱਟ ਦਾ ਸ਼ਿਕਾਰ ਹੋਏ ਭਾਈ ਦਯਾ ਸਿੰਘ ਸੁਸਾਇਟੀ ਦੇ ਮੈਂਬਰ ਮਨਜੀਤ ਸਿੰਘ ਖ਼ਾਲਸਾ ਨੇ ਦੱਸਿਆ ਕਿ ਉਹ ਰੋਜ਼ ਦੀ ਤਰ੍ਹਾਂ ਅੰਮ੍ਰਿਤ ਵੇਲੇ ਗੁਰਦੁਆਰਾ ਸਾਹਿਬ ਜਾ ਰਹੇ ਸਨ। ਇਸ ਦੌਰਾਨ ਤਿੰਨ ਨੌਜਵਾਨਾਂ ਨੇ ਮੋਟਰਸਾਈਕਲ ’ਤੇ ਆ ਕੇ ਉਨ੍ਹਾਂ ਨੂੰ ਘੇਰ ਲਿਆ। ਉਨ੍ਹਾਂ ਨੇ ਆਵਾਜ਼ ਦੇ ਕੇ ਰੋਕਿਆ ਤੇ ਗੱਲਬਾਤ ਕਰਨ ਦੇ ਬਹਾਨੇ ਕੋਲ ਬੁਲਾਇਆ। ਜਿਉਂ ਹੀ ਉਨ੍ਹਾਂ ਨੇ ਆਪਣੀ ਐਕਟਿਵਾ ਰੋਕੀ, ਲੁਟੇਰੇ ਉਨ੍ਹਾਂ ਨੂੰ ਧਮਕੀ ਦੇ ਕੇ ਨਕਦੀ ਤੇ ਸਾਮਾਨ ਲੁੱਟਣ ਲੱਗ ਪਏ। ਇਸ ਦੌਰਾਨ ਲੁਟੇਰਿਆਂ ਨੇ ਉਨ੍ਹਾਂ ਦੀਆਂ ਜੇਬਾਂ ਤਕ ਫ਼ਰੋਲੀਆਂ। ਮਨਜੀਤ ਸਿੰਘ ਖ਼ਾਲਸਾ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਸਾਰੀ ਘਟਨਾ ਦੀ ਜਾਣਕਾਰੀ ਥਾਣਾ ਡਵੀਜ਼ਨ ਨੰਬਰ 3 ਅਤੇ ਸ਼ਿੰਗਾਰ ਸਿਨੇਮਾ ਚੌਕੀ ਦੀ ਪੁਲਸ ਨੂੰ ਦੇ ਦਿੱਤੀ ਹੈ। ਪੁਲਸ ਨੇ ਸ਼ਿਕਾਇਤ ਦਰਜ ਕਰ ਲਈ ਹੈ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਦੱਸ ਦਈਏ ਕਿ ਇਹ ਘਟਨਾ ਸੀ. ਸੀ. ਟੀ. ਵੀ. ਕੈਮਰੇ ਵਿਚ ਵੀ ਕੈਦ ਹੋਈ ਹੈ, ਜਿਸ ਦੀ ਵੀਡੀਓ ਵੀ ਸਾਹਮਣੇ ਆ ਗਈ ਹੈ:

# ਗਾਂਧੀ ਨਗਰ ’ਚ ਨਗਰ ਨਿਗਮ ਵੱਲੋਂ ਨਾਜਾਇਜ਼ ਕਬਜ਼ੇ ਹਟਾਉਣ ਦੌਰਾਨ ਹੋਇਆ ਭਾਰੀ ਹੰਗਾਮਾ

ਲੁਧਿਆਣਾ 15 ਨਵੰਬਰ। ਗਾਂਧੀ ਨਗਰ ਵਿੱਚ ਨਗਰ ਨਿਗਮ ਵੱਲੋਂ ਨਾਜਾਇਜ਼ ਕਬਜ਼ੇ ਹਟਾਉਣ ਦੌਰਾਨ ਭਾਰੀ ਹੰਗਾਮਾ ਹੋਇਆ।ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਟ?ਰੈਫਿਕ ਜਾਮ ਦੀ ਸਮੱਸਿਆ ਨੂੰ ਹੱਲ ਕਰਨ ਦੇ ਨਾਮ ’ਤੇ, ਸ਼ਹਿਰ ਭਰ ਵਿੱਚ ਗਲੀ-ਵਿਕ੍ਰੇਤਾਵਾਂ ਅਤੇ ਦੁਕਾਨਦਾਰਾਂ ਵੱਲੋਂ ਕਬਜ਼ੇ ਹਟਾਉਣ ਲਈ ਇੱਕ ਮੁਹਿੰਮ ਚਲਾਈ ਜਾ ਰਹੀ ਹੈ।ਵੱਡੇ ਵਿਰੋਧ ਪ੍ਰਦਰਸ਼ਨਾਂ ਤੋਂ ਇਲਾਵਾ, ਕਬਜ਼ੇ ਹਟਾਉਣ ਤੋਂ ਥੋੜ੍ਹੀ ਦੇਰ ਬਾਅਦ ਦੁਬਾਰਾ ਵੀ ਬਣਾਏ ਜਾ ਰਹੇ ਹਨ।ਗਾਂਧੀ ਨਗਰ ਵਿੱਚ ਰੈਡੀਮੇਡ ਕੱਪੜਿਆਂ ਦੇ ਥੋਕ ਬਾਜ਼ਾਰ ਵਿੱਚ ਬੁੱਧਵਾਰ ਸ਼ਾਮ ਨੂੰ ਅਜਿਹੀ ਸਥਿਤੀ ਦੇਖਣ ਨੂੰ ਮਿਲੀ। ਦੁਕਾਨਦਾਰਾਂ ਨੇ ਟੈਕਸ ਅਧਿਕਾਰੀਆਂ ’ਤੇ ਪਿਕ-ਐਂਡ-ਚੂਜ਼ ਨੀਤੀ ਤਹਿਤ ਕਾਰਵਾਈ ਕਰਨ ਦਾ ਦੋਸ਼ ਲਗਾਇਆ।ਦੁਕਾਨਦਾਰਾਂ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੀਆਂ ਦੁਕਾਨਾਂ ਦੇ ਅੰਦਰੋਂ ਸਾਮਾਨ ਚੁੱਕਿਆ ਗਿਆ ਸੀ, ਜਦੋਂ ਕਿ ਗਲੀ-ਵਿਕ੍ਰੇਤਾਵਾਂ ਨੂੰ ਨਹੀਂ ਹਟਾਇਆ ਗਿਆ।ਹਾਲਾਂਕਿ ਨਗਰ ਨਿਗਮ ਦੇ ਕਰਮਚਾਰੀਆਂ ਨੇ ਗਲੀ-ਵਿਕ੍ਰੇਤਾਵਾਂ ਨੂੰ ਰਸੀਦਾਂ ਜਾਰੀ ਕਰਨ ਦਾ ਦਾਅਵਾ ਕੀਤਾ ਸੀ, ਪਰ ਉਹ ਉਨ੍ਹਾਂ ਨੂੰ ਪੇਸ਼ ਨਹੀਂ ਕਰ ਸਕੇ।ਆਮ ਆਦਮੀ ਪਾਰਟੀ ਦੇ ਆਗੂਆਂ ਮਨਪ੍ਰੀਤ ਬੰਟੀ ਅਤੇ ਸੈਮੀ ਓਬਰਾਏ ਨੇ ਵੀ ਭੂਮੀ ਮਾਲੀਆ ਕਰਮਚਾਰੀਆਂ ’ਤੇ ਮਹੀਨਾਵਾਰ ਰਿਸ਼ਵਤ ਲੈਣ ਦਾ ਦੋਸ਼ ਲਗਾਇਆ ਅਤੇ ਕਿਹਾ ਕਿ ਉਹ ਮੇਅਰ ਨੂੰ ਸ਼ਿਕਾਇਤ ਕਰਨਗੇ।


**NAME CHANGE**
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

**NAME CHANGE**
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

**NAME CHANGE**
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

**NAME CHANGE**
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

**NAME CHANGE**
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

**NAME CHANGE**
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**PUBLIC NOTICE**
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

**PUBLIC NOTICE**
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

**PUBLIC NOTICE**
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

**NAME CHANGE**
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

**NAME CHANGE**
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

**NAME CHANGE**
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

**NAME CHANGE**
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

**NAME CHANGE**
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

**NAME CHANGE**
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

**NAME CHANGE**
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

**NAME CHANGE**
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

**NAME CHANGE**
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DINDAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

**PUBLIC NOTICE**
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.



**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

**NAME CHANGE**
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

**NAME CHANGE**
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

**NAME CHANGE**
I, S VANITHA W/o No. 14838283N Rank-HAV/MT Name-RAMESH P R/o VILL-SEDRAMPUTTU, PO-SEDRAMPUTTU, TEH-POLUR, DIST-THRUVANNAMALAI, TAMIL NADU-632315, have changed my name from S VANITHA to VANITHA R for all future purposes vide Affidavit dated 15/07/2025 before Notary Public, Kupwara.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I, SANJAY KUMAR CHOUDHARY S/o LATE SH. LAXMAN CHAUDHARY Permanent R/o Parsauni Khirodhar, Sitamarhi, Bihar-843325 and Presently Residing at Plot No. B-20, Second Floor, Dass Garden, Baprola Vihar, Najafgarh, New Delhi-110043. declare that name of mine has been wrongly written as SANJAY CHOUDHARY in my minor daughter namely SHIWANGI CHOUDHARY aged 17 years in her 10th class Marksheet. The actual name of mine is SANJAY KUMAR CHOUDHARY, which may be amended accordingly.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.



**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.



**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.



**NAME CHANGE**
I hitherto known as JAGANATH KAPUR alias JAYANTI KAPUR W/o RAJ KUMAR KAPUR, R/o Near Dhingra Park, House No. 26, Road No. 14, East Punjabi Bagh, West Delhi, Delhi-110026, have changed my name and shall hereafter be known as JAYANTI KAPUR.

**NAME CHANGE**
It is for general information that I, VISHAL SONI S/o SUGHAR SINGH R/o 1338A/8, Gali No.-8, Nearby SK Depot, Govindpuri Kalkaji, Kalkaji, South Delhi, Delhi-110019, declare that name of mine has been wrongly written as VISHAL in my Driving Licence No. DL03 20090024443. The actual name of mine is VISHAL SONI, which may be amended accordingly.

**PUBLIC NOTICE**
Public notice is hereby given that my clients Mr. Sushil Kumar and Mr. Rajendra Kumar Tyagi both S/o Mr. Ved Prakash Tyagi, both R/o House No. 312, Saddiq Nagar, Near Auto Stand Sihani, Ghaziabad, Uttar Pradesh 201003, are owner of Residential Plot No. 43 & 44, area measuring 200 Square Yards i.e. 167.22 Square Meters out of Khasra No. 459, situated in the village Saddiq Nagar, Pargana Loni, Tehsil & District Ghaziabad, Uttar Pradesh, vide Khatauni Fasli Year 1427-1432 Calendar Year 2019-2024, it is pertinent to mention here that after the death of their father Mr. Ved Prakash Tyagi, they became the owner of the said property. My client is absolute owner of the said property which is free from encumbrance. The said property neither falls under acquisition nor falls under any litigation in any court of law. On date, being the absolute owner of the said property, my clients are going to sell the said property to Mrs. Deepika Singh W/o Mr. Krishna Kumar Singh. The same is going to be financed by PNB Housing Finance Ltd., branch Sahibabad, Ghaziabad, Uttar Pradesh. If any person(s) has/have any objection regarding the above said property, then kindly may submit his/her objection within 7 days from the date of the Notice in writing to undersigned or the said Bank/FI. The said objection may be kindly sent to the undersigned/bank by way of the Registered Post on the address given below and by E-mail. Failing which, the claim as per aforesaid shall be treated as null and void in respect of the subject property.
**[RUPESH KUMAR ROUSHAN]**
Advocate
D-803, Nandgram,
Ghaziabad,
Uttar Pradesh 201003
roushan.rupesh@gmail.com

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.



**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.



**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.



**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.



**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose



**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.



**PUBLIC NOTICE**
My client Gokul Chand S/o Prabhu Ram and his Wife Maya, H.No- 83, 84, F-4 Block, Sultanpuri, New Delhi- 86, has severed all his relations & connections from his Son Rajesh Kumar & disowned his from her all movable and immovable properties. My client shall not be responsible for his any acts.
**Shyam Sharma (Adv)**

**PUBLIC NOTICE**
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

**NAME CHANGE**
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

**NAME CHANGE**
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

**NAME CHANGE**
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

**NAME CHANGE**
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**
I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**
I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.



**PUBLIC NOTICE**
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
**ARJUN BIDHURI Advocate**
CH. NO.536, Saket Courts
New Delhi-110017.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes



**NAME CHANGE**
I, Sunita Rani W/o Ashok Kumar R/o Tehsil-Nakodar, Fazalpur, Dist: Jalandhar, Punjab-144040, have changed my name and shall hereafter be known as Shindo.

**NAME CHANGE**
I, Kamaldeep alias Kamaldeep Sharma S/o Ashok Kumar R/o Village Fazalpur, PO:Nurpur, Dist: Jalandhar, Punjab-144040, have changed my name and shall hereafter be known as Kamaldeep Sharma.



**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.



**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9,
ROHINI, NEW DELHI

# ਪੰਜਾਬ ਦੇ 3100 ਪਿੰਡਾਂ ਵਿੱਚ 1100 ਕਰੋੜ ਰੁਪਏ ਨਾਲ ਬਣਾਏ ਜਾ ਰਹੇ ਹਨ ਖੇਡ ਸਟੇਡੀਅਮ: ਅਮਨ ਅਰੋੜਾ




**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਕੀਤੇ ਤਹੀਏ ਤਹਿਤ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਹਰ ਪਿੰਡ ਵਿੱਚ ਵਧੀਆ ਖੇਡ ਢਾਂਚਾ ਉਪਲਬਧ ਕਰਵਾਉਣ ਦੇ ਯਤਨਾਂ ਨੂੰ ਹੋਰ ਮਜ਼ਬੂਤੀ ਦਿੰਦਿਆਂ, ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਤੇ ਸਿਖਲਾਈ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਸ੍ਰੀ ਅਮਨ ਅਰੋੜਾ ਨੇ ਅੱਜ ਵਿਧਾਨ ਸਭਾ ਹਲਕਾ ਸੁਨਾਮ ਦੇ 11 ਪਿੰਡਾਂ ਵਿੱਚ ਬਣਨ ਵਾਲੇ ਸਟੇਡੀਅਮਾਂ ਦੇ ਕੰਮ ਦੀ ਸ਼ੁਰੂਆਤ ਕੀਤੀ। ਇਹਨਾਂ ਸਟੇਡੀਅਮਾਂ ਉੱਤੇ ਕੁੱਲ 05 ਕਰੋੜ 32 ਲੱਖ ਰੁਪਏ ਦੀ ਲਾਗਤ ਆਵੇਗੀ ਤੇ ਇਹ ਕਰੀਬ 03 ਮਹੀਨਿਆਂ ਵਿੱਚ ਬਣ ਕੇ ਤਿਆਰ ਹੋ ਜਾਣਗੇ।

ਇਸ ਮੌਕੇ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਸੂਬੇ ਦੇ 3100 ਪਿੰਡਾਂ ਵਿੱਚ ਕਰੀਬ 1100 ਕਰੋੜ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ

ਬਣਾਏ ਜਾ ਰਹੇ ਹਨ ਅਤੇ ਵਿਧਾਨ ਸਭਾ ਹਲਕਾ ਸੁਨਾਮ ਦੇ 29 ਪਿੰਡਾਂ ਵਿੱਚ ਕਰੀਬ 11.5 ਕਰੋੜ ਰੁਪਏ ਦੀ ਲਾਗਤ ਨਾਲ ਖੇਡ ਸਟੇਡੀਅਮ ਬਣਾਏ ਜਾਣੇ ਹਨ।

ਇਹ ਸਟੇਡੀਅਮ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ ਲਈ ਵਧੀਆ ਮੌਕਾ ਪ੍ਰਦਾਨ ਕਰਨਗੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ÷ਹਰ ਪਿੰਡ ਖੇਡ ਮੈਦਾਨ÷ ਮੁਹਿੰਮ ਨੂੰ ਮਿਸ਼ਨ ਦੇ ਰੂਪ ਵਿੱਚ ਅੱਗੇ ਵਧਾ ਰਹੀ ਹੈ, ਤਾਂ ਜੋ ਪਿੰਡ ਪੱਧਰ 'ਤੇ ਨੌਜਵਾਨਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕੀਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਸੁਨਾਮ ਜਿਹੜੇ ਪਿੰਡਾਂ ਵਿੱਚ ਸਟੇਡੀਅਮ ਬਣਾਉਣ ਦੀ ਸ਼ੁਰੂਆਤ ਕੀਤੀ ਗਈ ਹੈ, ਉਹਨਾਂ ਵਿੱਚ ਪਿੰਡ ਕਿਲਾ ਹਕੀਮਾਂ ਵਿਖੇ 65.09 ਲੱਖ, ਸ਼ੇਰੋਂ ਵਿਖੇ 52.43 ਲੱਖ, ਸ਼ਾਹਪੁਰ ਕਲਾਂ ਵਿਖੇ 39.10 ਲੱਖ, ਝਾੜੋਂ ਵਿਖੇ 117.16 ਲੱਖ, ਤੋਗਾਵਾਲ ਵਿਖੇ 41.56 ਲੱਖ, ਢੱਡਰੀਆਂ ਵਿਖੇ 26.28 ਲੱਖ, ਸਾਹੋਕੇ ਵਿਖੇ 35.57 ਲੱਖ, ਤੱਕੀਪੁਰ ਵਿਖੇ 23.94 ਲੱਖ, ਮੰਡੇਰ ਕਲਾਂ ਵਿਖੇ 45.98 ਲੱਖ, ਲੋਹਾਖੇੜਾ ਵਿਖੇ 41.02 ਲੱਖ, ਪਿੰਡੀ ਅਮਰ ਸਿੰਘ ਵਾਲੀ ਵਿਖੇ 43.70 ਲੱਖ ਰੁਪਏ ਦੀ ਲਾਗਤ ਸਟੇਡੀਅਮ ਬਣਾਉਣ ਦੇ ਕੰਮ ਦੀ ਸ਼ੁਰੂਆਤ ਕਰਵਾਈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸਿਰਫ ਖੇਡਾਂ ਨੂੰ ਉਤਸ਼ਾਹਿਤ ਕਰਨਾ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਉਨ੍ਹਾਂ ਨੂੰ ਸਿਹਤਮੰਦ ਅਤੇ ਉਤਸ਼ਾਹ ਵਾਲੇ ਜੀਵਨ ਵੱਲ ਮੋੜਨਾ ਵੀ ਹੈ। ਉਨ੍ਹਾਂ ਕਿਹਾ ਕਿ ਇਹ ਸਟੇਡੀਅਮ ਖੇਡਾਂ ਦੇ ਨਾਲ ਨਾਲ ਪਿੰਡ ਪੱਧਰ 'ਤੇ ਸਮਾਜਕ ਇਕਜੁੱਟਤਾ ਦੇ ਕੇਂਦਰ ਵਜੋਂ ਵੀ ਕੰਮ ਕਰਨਗੇ।

ਇਸ ਮੌਕੇ ਵੱਖ ਵੱਖ ਪਿੰਡਾਂ ਦੇ ਸਰਪੰਚਾਂ, ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ, ਪੰਚਾਇਤ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਹਾਜ਼ਰੀ ਭਰੀ। ਲੋਕਾਂ ਨੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਕਿ ਸਰਕਾਰ ਨੇ ਪਿੰਡ ਪੱਧਰ 'ਤੇ ਖੇਡਾਂ ਦੇ ਢਾਂਚੇ ਨੂੰ ਮਜ਼ਬੂਤ ਕਰਨ ਲਈ ਇਤਿਹਾਸਕ ਕਦਮ ਚੁੱਕਿਆ ਹੈ।

# ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੂੰ, ਉਨ੍ਹਾਂ ਦੇ ਹੈਂਡਲਰ ਗੋਲਡੀ ਢਿੱਲੋਂ ਵੱਲੋਂ ਪੰਜਾਬ ਵਿੱਚ ਇੱਕ ਕਾਰੋਬਾਰੀ ਨੂੰ ਨਿਸ਼ਾਨਾ ਬਣਾਉਣ ਦਾ ਸੌਂਪਿਆ ਸੀ ਕੰਮ : ਡੀਜੀਪੀ ਗੌਰਵ ਯਾਦਵ

**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਗੈਂਗਸਟਰ ਵਿਰੋਧੀ ਟਾਸਕ ਫੋਰਸ (ਏ.ਜੀ.ਟੀ.ਐਫ.) ਪੰਜਾਬ ਨੇ ਐਸ.ਏ.ਐਸ. ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਤਹਿਤ ਅੰਬਾਲਾ-ਡੇਰਾ ਬੱਸੀ ਹਾਈਵੇਅ ਦੇ ਘੱਗਰ ਪੁਲ ▾ਤੇ ਹੋਈ ਗੋਲੀਬਾਰੀ ਤੋਂ ਬਾਅਦ ਲਾਰੈਂਸ ਬਿਸ਼ਨੋਈ ਗੈਂਗ ਦੇ ਵਿਦੇਸ਼ੀ ਗੈਂਗਸਟਰ ਗੋਲਡੀ ਢਿੱਲੋਂ ਨਾਲ ਜੁੜੇ ਦੋ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਕੇ ਵੱਡੀ ਗੈਂਗਸਟਰ ਸਾਜਿ ?ਸ਼ ਨੂੰ ਨਾਕਾਮ ਕਰ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਮੋਹਾਲੀ ਦੇ ਮੋਟੇਮਾਜਰਾ ਦੇ ਰਹਿਣ ਵਾਲੇ ਸ਼ਰਨਜੀਤ ਸਿੰਘ , ਜੋ ਮੌਜੂਦਾ ਸਮੇਂ ਟੰਗੋਰੀ (ਮੋਹਾਲੀ) ਵਿਚ ਰਹਿ ਰਿਹਾ ਹੈ ਅਤੇ ਅਮਨ ਕੁਮਾਰ ਵਾਸੀ ਖਿਜਰਗੜ੍ਹ, ਜ਼ੀਰਕਪੁਰ (ਮੋਹਾਲੀ) ਵਜੋਂ ਹੋਈ ਹੈ। ਪੁਲਿਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ਚੋਂ ਦੋ .32 ਬੋਰ ਪਿਸਤੌਲਾਂ ਸਮੇਤ 10 ਜਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ। ਇਸ ਤੋਂ ਇਲਾਵਾ ਉਨ੍ਹਾਂ ਦਾ ਬਜਾਜ ਡਿਸਕਵਰ ਮੋਟਰਸਾਈਕਲ, ਜਿਸ ▾ਤੇ ਉਹ ਸਵਾਰ ਸਨ,ਨੂੰ ਵੀ ਜ਼ਬਤ ਕੀਤਾ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮ ਪਿਛਲੇ ਮਹੀਨੇ ਰਾਜਪੁਰਾ ਵਿੱਚ ਵਾਪਰੀ ਗੋਲੀਬਾਰੀ ਦੀ ਵਾਰਦਾਤ ਵਿੱਚ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਉਕਤ ਮੁਲਜ਼ਮਾਂ ਨੂੰ ਗੋਲਡੀ ਢਿੱਲੋਂ ਨੇ ਪੰਜਾਬ ਵਿੱਚ ਇੱਕ ਕਾਰੋਬਾਰੀ ਨੂੰ ਨਿਸ਼ਾਨਾ ਬਣਾਉਣ ਦਾ ਕੰਮ ਸੌਂਪਿਆ ਸੀ।

ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏ.ਡੀ.ਜੀ.ਪੀ.) ਏ.ਜੀ.ਟੀ.ਐਫ. ਪ੍ਰਮੋਦ ਬਾਨ ਨੇ ਦੱਸਿਆ ਕਿ ਵਿਦੇਸ਼ੀ ਗੈਂਗਸਟਰ ਗੋਲਡੀ ਢਿੱਲੋਂ ਇਸ ਸਾਲ ਅਕਤੂਬਰ ਵਿੱਚ ਐਬਟਸਫੋਰਡ ਵਿੱਚ ਬ੍ਰਿਟਿਸ਼ ਕੋਲੰਬੀਆ ਦੇ ਇੱਕ ਭਾਰਤੀ ਮੂਲ ਦੇ ਉਦਯੋਗਪਤੀ ਦੀ ਦਿਨ-ਦਿਹਾੜੇ ਹੋਈ ਹੱਤਿਆ ਦਾ ਵੀ ਮਾਸਟਰਮਾਈਂਡ ਸੀ।

ਡੀਆਈਜੀ ਏ.ਜੀ.ਟੀ.ਐਫ. ਗੁਰਮੀਤ ਸਿੰਘ ਚੌਹਾਨ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਦੋਵੇਂ ਮੁਲਜ਼ਮਾਂ ਦਾ ਅਪਰਾਧਿਕ ਪਿਛੋਕੜ ਹੈ ਅਤੇ ਮੁਲਜ਼ਮ ਅਮਨ ਵਿਰੁੱਧ ਹਥਿਆਰਾਂ ਸਬੰਧੀ ਅਪਰਾਧਾਂ ਦੇ ਮਾਮਲੇ ਵਿੱਚ ਦੋ ਐਫਆਈਆਰਜ਼ ਦਰਜ ਹਨ।

ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦੇ ਹੋਏ, ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਹਰਮਨਦੀਪ ਹੰਸ, ਜੋ ਐਸ.ਪੀ. (ਦਿਹਾਤੀ) ਮਨਪ੍ਰੀਤ ਸਿੰਘ ਦੇ ਨਾਲ ਮੌਕੇ ਦਾ ਦੌਰਾ ਕਰ ਰਹੇ ਸਨ, ਨੇ ਕਿਹਾ ਕਿ ਭਰੋਸੇਯੋਗ ਸੂਤਰਾਂ ਤੋਂ ਲਾਰੈਂਸ ਬਿਸ਼ਨੋਈ ਗੈਂਗ ਦੇ ਦੋ ਕਾਰਕੁਨਾਂ ਦੀਆਂ ਗਤੀਵਿਧੀਆਂ ਬਾਰੇ ਖੁਫੀਆ ਜਾਣਕਾਰੀ ਮਿਲੀ ਸੀ।

ਐਸ.ਐਸ.ਪੀ. ਨੇ ਕਿਹਾ ਕਿ ਮੁਸਤੈਦੀ ਨਾਲ ਕਾਰਵਾਈ ਕਰਦੇ ਹੋਏ, ਡੀਐਸਪੀ ਡੇਰਾਬੱਸੀ ਬਿਕਰਮਜੀਤ ਬਰਾੜ ਦੀ ਅਗਵਾਈ ਵਿੱਚ ਏ.ਜੀ.ਟੀ.ਐਫ. ਅਤੇ ਐਸਏਐਸ ਨਗਰ ਦੀਆਂ ਪੁਲਿਸ ਟੀਮਾਂ ਨੇ ਸਾਂਝੀ ਕਾਰਵਾਈ ਕਰਦਿਆਂ ਮੁਲਜ਼ਮਾਂ ਨੂੰ ਸਫਲਤਾਪੂਰਵਕ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਦੱਸਿਆ ਕਿ ਕਾਰਵਾਈ ਦੌਰਾਨ, ਮੁਲਜ਼ਮਾਂ ਨੇ ਗ੍ਰਿਫ਼ਤਾਰੀ ਤੋਂ ਬਚਣ ਦੀ ਕੋਸਿ ? ?ਸ਼ ਤਹਿਤ ਪੁਲਿਸ ਪਾਰਟੀ ▾ਤੇ ਗੋਲੀਬਾਰੀ ਕੀਤੀ। ਪੁਲਿਸ ਵੱਲੋਂ ਵੀ ਜਵਾਬੀ ਗੋਲੀਬਾਰੀ ਕੀਤੀ ਗਈ ਤੇ ਦੋਵਾਂ ਮੁਲਜ਼ਮਾਂ ਨੂੰ ਗੋਲੀਆਂ ਲੱਗੀਆਂ।

ਇਸ ਸਬੰਧ ਵਿੱਚ, ਬੀਐਨਐਸ ਦੀ ਧਾਰਾ 109, 132, 221 ਅਤੇ 3 (5) ਅਤੇ ਅਸਲਾ ਐਕਟ ਦੀ ਧਾਰਾ 25 ਦੇ ਤਹਿਤ ਐਫਆਈਆਰ ਨੰਬਰ 324 ਮਿਤੀ 12/11/2025 ਨੂੰ ਐਸਏਐਸ ਨਗਰ ਦੇ ਪੁਲਿਸ ਸਟੇਸ਼ਨ ਡੇਰਾਬੱਸੀ ਵਿਖੇ ਕੇਸ ਦਰਜ ਕੀਤਾ ਗਿਆ ਹੈ।

# 'ਯੁੱਧ ਨਸ਼ਿਆਂ ਵਿਰੁੱਧ': 256ਵੇਂ ਦਿਨ, ਪੰਜਾਬ ਪੁਲਿਸ ਵੱਲੋਂ 59 ਨਸ਼ਾ ਤਸਕਰ ਗ੍ਰਿਫ਼ਤਾਰ

**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਨਸ਼ਾ ਵਿਰੁੱਧ ਜੰਗ ÷ਯੁੱਧ ਨਸ਼ਿਆਂ ਵਿਰੁੱਧ÷ ਨੂੰ ਲਗਾਤਾਰ 256ਵੇਂ ਦਿਨ ਵੀ ਜਾਰੀ ਰੱਖਦਿਆਂ, ਪੰਜਾਬ ਪੁਲਿਸ ਨੇ ਅੱਜ 286 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਭਰ ਵਿੱਚ 42 ਐਫਆਈਆਰਜ਼ ਦਰਜ ਕਰਕੇ 59 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ, 256 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 36,257 ਹੋ ਗਈ ਹੈ।

ਇਸ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 274 ਗ੍ਰਾਮ ਹੈਰੋਇਨ, 3 ਕਿਲੋ ਗਾਂਜਾ, 389 ਨਸ਼ੀਲੀਆਂ ਗੋਲੀਆਂ ਅਤੇ 1910 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਗਿਆ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ।

ਇਸ ਆਪਰੇਸ਼ਨ ਦੌਰਾਨ 56 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 286 ਛਾਪੇ ਮਾਰੇ ਹਨ। ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 322 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਹੈ। ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ 'ਡੀ-ਅਡਿਕਸ਼ਨ' ਹਿੱਸੇ ਵਜੋਂ ਅੱਜ 35 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਨਸ਼ਾ ਮੁਕਤੀ ਲਈ ਜਾਗਰੂਕਤਾ ਰੈਲੀ ਦਾ ਆਯੋਜਨ



**ਬਠਿੰਡਾ,15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਵੱਲੋਂ ਏ.ਪੀ. ਇੰਟਰਨੈਸ਼ਨਲ ਸਕੂਲ, ਬਠਿੰਡਾ ਦੇ ਸਹਿਯੋਗ ਨਾਲ ਪਿੰਡ ਗਿੱਲ ਪੱਤੀ ਵਿੱਚ ਨਸ਼ੇ ਦੀ ਲਤ ਖਿਲਾਫ ਇੱਕ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ।

ਇਹ ਰੈਲੀ ਸ੍ਰੀ ਕਰੁਨੇਸ਼ ਕੁਮਾਰ, ਜਿਲ੍ਹਾ ਅਤੇ ਸੈਸ਼ਨ ਜੱਜ-ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਜੀ ਦੀਆਂ ਹਦਾਇਤਾਂ ਅਤੇ ਸ੍ਰੀਮਤੀ ਬਲਜਿੰਦਰ ਕੌਰ ਮਾਨ, ਸਿਵਲ ਜੱਜ (ਸੀਨੀਅਰ ਡਿਵੀਜ਼ਨ)-ਕਮ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕੱਢੀ ਗਈ।

ਰੈਲੀ ਦੇ ਆਯੋਜਨ ਵਿੱਚ ਏ.ਪੀ. ਇੰਟਰਨੈਸ਼ਨਲ ਸਕੂਲ ਦੇ ਸਟਾਫ, ਵਿਦਿਆਰਥੀਆਂ ਅਤੇ ਪੈਰਾ ਲੀਗਲ ਵਲੰਟੀਅਰਜ਼ ਰਾਧੇ ਸਿਆਮ ਬਾਂਸਲ, ਰਾਕੇਸ ਨਰੂਲਾ, ਸੰਜੀਵ ਕੁਮਾਰ ਅਤੇ ਪਰਮਜੀਤ ਕੌਰ ਨੇ ਸਹਿਯੋਗ ਦਿੱਤਾ।

ਇਸ ਮੌਕੇ ਵਿਦਿਆਰਥੀਆਂ ਨੇ ਨਸ਼ੇ ਦੇ ਸਾਈਡ ਇਫੈਕਟਸ ਅਤੇ ਨਸ਼ੇ ਕਾਰਨ ਪਰਿਵਾਰ ਤੇ ਸਮਾਜ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਇੱਕ ਨਾਟਕ ਪੇਸ਼ ਕੀਤਾ। ਨਾਟਕ ਰਾਹੀਂ ਇਹ ਦਰਸਾਇਆ ਗਿਆ ਕਿ ਨਸ਼ੇ ਦੀ ਲਤ ਕਿਸ ਤਰ੍ਹਾਂ ਇੱਕ ਵਿਅਕਤੀ ਦੀ ਜ਼ਿੰਦਗੀ ਅਤੇ ਉਸਦੇ ਪਰਿਵਾਰ ਨੂੰ ਪ੍ਰਭਾਵਿਤ ਕਰਦੀ ਹੈ।

ਇਸ ਤੋਂ ਬਾਅਦ ਵਿਦਿਆਰਥੀਆਂ ਨੇ ਪਿੰਡ ਗਿੱਲ ਪੱਤੀ ਵਿੱਚ ਨਸ਼ਾ ਮੁਕਤੀ ਦੇ ਨਾਰੇ ਲਗਾਉਂਦੇ ਹੋਏ ਰੈਲੀ ਕੱਢੀ, ਜਿਸ ਵਿੱਚ ਪਿੰਡ ਵਾਸੀਆਂ ਨੇ ਵੀ ਉਤਸ਼ਾਹ ਨਾਲ ਭਾਗ ਲਿਆ। ਇਸ ਦੌਰਾਨ ਪੈਰਾ ਲੀਗਲ ਵਲੰਟੀਅਰਜ਼ ਵੱਲੋਂ ਪਿੰਡ ਵਾਸੀਆਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਗਈ। ਉਹਨਾਂ ਨੇ ਦੱਸਿਆ ਕਿ ਜੇ ਕੋਈ ਵਿਅਕਤੀ ਜਾਂ ਪਰਿਵਾਰ ਨਸ਼ੇ ਜਾਂ ਕਿਸੇ ਹੋਰ ਸਮਾਜਿਕ ਸਮੱਸਿਆ ਕਾਰਨ ਪੀੜਤ ਹੈ, ਤਾਂ ਉਹ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਹੀਂ ਬਿਨਾਂ ਖਰਚੇ ਦੇ ਕਾਨੂੰਨੀ ਮਦਦ ਪ੍ਰਾਪਤ ਕਰ ਸਕਦਾ ਹੈ।

ਇਸ ਜਾਗਰੂਕਤਾ ਪ੍ਰੋਗਰਾਮ ਵਿੱਚ ਸਕੂਲ ਪ੍ਰਿੰਸੀਪਲ ਸ੍ਰੀ ਰਾਜੀਵ ਕੁਮਾਰ, ਸਕੂਲ ਅਧਿਆਪਕ, ਵਿਦਿਆਰਥੀ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਪਿੰਡ ਅਮਰਪੁਰਾ ਦੀ ਪੰਚਾਇਤ ਨੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਕਰਵਾਈ ਫੋਗਿੰਗ



**ਹੁਸ਼ਿਆਰਪੁਰ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਵਲ ਸਰਜਨ ਡਾ. ਰੋਹਿਤ ਗੋਇਲ ਦੇ ਨਿਰਦੇਸ਼ਾਂ, ਸਹਾਇਕ ਸਿਵਿਲ ਸਰਜਨ ਡਾ. ਅਰਪਿਤ ਗੁਪਤਾ ਅਤੇ ਜ਼ਿਲਾ ਐਪੀਡਿਮੈਲੋਜਿਸਟ ਡਾ. ਸੁਨੀਤਾ ਕੰਬੋਜ ਦੀ ਅਗਵਾਈ ਅਤੇ ਐਸ.ਐਮ.ਓ ਡਾ. ਸੁਮੀਤ ਸਿੰਘ ਅਤੇ ਮੈਡੀਕਲ ਅਫਸਰ ਡਾ. ਨਵੀਨ ਮਿੱਤਲ ਦੀ ਦੇਖ ਰੇਖ @ਚ ਡੇਂਗੂ ਵਿਰੁੱਧ ਅਭਿਆਨ ਤਹਿਤ ਅੱਜ ਪਿੰਡ ਅਮਰਪੁਰਾ ਵਿਖੇ ਫੋਗਿੰਗ ਕਰਵਾਈ ਗਈ।

ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਿਹਤ ਕਰਮੀਆਂ ਰਮਨ ਕੁਮਾਰ ਅਤੇ ਬਲਵਿੰਦਰ ਕੌਰ ਨੇ ਦੱਸਿਆ ਕਿ ਪਿੰਡ ਦੇ ਸਰਪੰਚ ਰਾਜੇਸ਼ ਕੁਮਾਰ ਅਤੇ ਪੰਚਾਇਤ ਵੱਲੋਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਪਿੰਡ ਵਿਖੇ ਡੇਂਗੂ ਵਿਰੋਧੀ ਗਤੀਵਿਧੀਆਂ ਦੇ ਤਹਿਤ ਫੋਗਿੰਗ ਕਰਵਾਈ ਗਈ। ਸਰਪੰਚ ਰਾਜੇਸ਼ ਕੁਮਾਰ ਅਤੇ ਸਿਹਤ ਕਰਮੀਆਂ ਨੇ ਦੱਸਿਆ ਕਿ ਸਟਾਫ ਵੱਲੋਂ ਲਗਾਤਾਰ ਸਰਵੇ ਕਰਕੇ ਲਾਰਵਾ ਚੈੱਕ ਕੀਤਾ ਜਾ ਰਿਹਾ ਹੈ ਅਤੇ ਡੇਂਗੂ ਤੋਂ ਬਚਾਅ ਲਈ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਡੇਂਗੂ, ਚਿਕਨਗੁਨੀਆ, ਮਲੇਰੀਆ ਆਦਿ ਰੋਕਣ ਲਈ ਘਰਾਂ ਦੀਆਂ ਛੱਤਾਂ @ਤੇ ਪਏ ਟਾਇਰਾਂ, ਟੁੱਟੇ ਭੱਜੇ ਬਰਤਨਾਂ, ਕੂਲਰਾਂ ਦੇ ਪਾਣੀ, ਕਬਾੜ ਦੀਆਂ ਦੁਕਾਨਾਂ @ਤੇ ਪਏ ਕਬਾੜ ਆਦਿ ਨੂੰ ਖਾਲੀ ਕਰਕੇ ਸੁਕਾਉਣਾ ਚਾਹੀਦਾ ਹੈ। ਫਰਿੱਜ ਦੀ ਟਰੇ, ਮਨੀ ਪਲਾਂਟ ਵਾਲੀ ਬੋਤਲ ਦੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਖਾਲੀ ਕਰਕੇ ਸੁਕਾਉਣ ਉਪਰੰਤ ਦੁਬਾਰਾ ਪਾਣੀ ਭਰਨਾ ਚਾਹੀਦਾ ਹੈ। ਜੇਕਰ ਇੰਨ੍ਹਾਂ ਥਾਂਵਾਂ ਨੂੰ ਸਾਫ ਕਰਕੇ ਸੁਕਾਇਆ ਨਾ ਜਾਵੇ ਤਾਂ ਲਾਰਵਾ ਪੈਦਾ ਹੁੰਦਾ ਹੈ ਜੋ ਡੇਂਗੂ ਦੇ ਫੈਲਣ ਦਾ ਕਾਰਨ ਬਣਦਾ ਹੈ।

ਡੇਂਗੂ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦੇ ਹੋਏ ਸਿਹਤ ਕਰਮੀਆਂ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਤੇਜ਼ ਬੁਖਾਰ,ਉਲਟੀਆਂ,ਅੱਖਾਂ ਵਿਚ ਦਰਦ, ਜੋੜਾਂ ਅਤੇ ਹੱਡੀਆਂ ਵਿੱਚ ਦਰਦ ਆਦਿ ਦੇ ਲੱਛਣ ਹੋਣ ਤਾਂ ਨੇੜੇ ਦੀ ਸਿਹਤ ਸੰਸਥਾ @ਚ ਜਾ ਕੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਮੱਛਰ ਦੇ ਕੱਟਣ ਤੋਂ ਬਚਾਅ ਲਈ ਪੂਰਾ ਸਰੀਰ ਢੱਕਣ ਵਾਲੇ ਕੱਪੜੇ ਪਹਿਨਣੇ ਚਾਹੀਦੇ ਹਨ ਅਤੇ ਸੌਣ ਸਮੇਂ ਮੱਛਰਾਂ ਤੋਂ ਬਚਾਅ ਵਾਲੀਆਂ ਕਰੀਮਾਂ ਅਤੇ ਮੱਛਰਦਾਨੀਆਂ ਦਾ ਪ੍ਰਯੋਗ ਵੀ ਕੀਤਾ ਜਾਣਾ ਚਾਹੀਦਾ ਹੈ। ਬੁਖਾਰ ਹੋਣ ਦੀ ਸੂਰਤ ਵਿੱਚ ਪੈਰਾਸਿਟਾਮੋਲ ਦੀ ਗੋਲੀ ਲੈਣੀ ਚਾਹੀਦੀ ਹੈ।

ਇਸ ਮੌਕੇ ਪੰਚਾਇਤ ਮੈਂਬਰ ਸੁਲਤਾਨ ਰਾਮ, ਭੀਮ ਸਿੰਘ, ਰਣਬੀਰ ਸਿੰਘ, ਰਾਏ ਸਿੰਘ, ਸਰਵਨ, ਰਾਮ ਪ੍ਰਤਾਪ ਅਤੇ ਸਮੂਹ ਆਸ਼ਾ ਵਰਕਰ ਮੌਜੂਦ ਸਨ।

# ਇਕ ਰੋਜ਼ਾ ਕਰੀਅਰ ਕਾਊਂਸਲ ਮੀਟ ਤੇ ਵਰਕਸ਼ਾਪ ਕਰਵਾਈ



**ਬਠਿੰਡਾ,15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਏਅਰਟੈੱਲ ਫਾਊਂਡੇਸ਼ਨ ਅਤੇ ਜ਼ਿਲ੍ਹਾ ਪ੍ਰਸ਼ਾਸਨ, ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਠਿੰਡਾ ਦੇ ਸਹਿਯੋਗ ਨਾਲ, ਜ਼ਿਲ੍ਹਾ ਸਿੱਖਿਆ ਦਫ਼ਤਰ ਬਠਿੰਡਾ ਦੀ ਰਹਿਨੁਮਾਈ ਹੇਠ ਇਕ ਰੋਜ਼ਾ ਕਰੀਅਰ ਕਾਊਂਸਲ ਮੀਟ ਤੇ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹੇ ਦੇ 22 ਸਰਕਾਰੀ ਸਕੂਲਾਂ ਦੇ ਕਰੀਅਰ ਕਾਊਂਸਲ ਇੰਚਾਰਜਾਂ ਨੇ ਭਾਗ ਲਿਆ।

ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ ਨਿਰਦੇਸ਼ਾਂ ਦੇ ਅਨੁਸਾਰ ਵਰਕਸ਼ਾਪ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਵੱਲੋਂ ਮੈਡਮ ਹਰਸਿਤਾ ਸਰਮਾ (ਆਈ.ਏ.ਐਸ.) ਵੱਲੋਂ ਸ਼ਿਰਕਤ ਕੀਤੀ ਗਈ।

ਇਸ ਵਰਕਸ਼ਾਪ ਦੀ ਅਗਵਾਈ ਸ. ਅਮ੍ਰਿਤਪਾਲ ਸਿੰਘ ਕਲਸੀ, ਮੁੱਖੀ ਕਰੀਅਰ ਐਂਡ ਗਾਈਡੈਂਸ ਡਿਪਾਰਟਮੈਂਟ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵੱਲੋਂ ਕੀਤੀ ਗਈ। ਉਨ੍ਹਾਂ ਨੇ ਸਕੂਲ ਪੱਧਰ 'ਤੇ ਵਿਦਿਆਰਥੀਆਂ ਦੀ ਕਰੀਅਰ ਚੋਣ ਵਿੱਚ ਸਹਾਇਕ ਬਣਨ ਲਈ ਕਾਊਂਸਲਰਾਂ ਨੂੰ ਵੱਖ-ਵੱਖ ਮੌਕਿਆਂ ਅਤੇ ਨਵੀਂ ਪੀੜ੍ਹੀ ਦੀਆਂ ਜ਼ਰੂਰਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਵਰਕਸ਼ਾਪ ਦੌਰਾਨ ਡਾ. ਸ੍ਰੁਤੀ ਸੁਕਲਾ, ਸਹਾਇਕ ਡਾਇਰੈਕਟਰ (ਐਸ.ਸੀ.ਈ.ਆਰ.ਟੀ., ਪੰਜਾਬ) ਗਾਈਡੈਂਸ ਐਂਡ ਕਾਊਂਸਲਿੰਗ ਨੇ ਕਾਊਂਸਲਰਾਂ ਨੂੰ ਵਿਦਿਆਰਥੀਆਂ ਨਾਲ ਪ੍ਰਭਾਵਸ਼ਾਲੀ ਸੰਚਾਰ, ਮਨੋਵਿਗਿਆਨਕ ਸਹਾਇਤਾ ਅਤੇ ਕਰੀਅਰ ਯੋਜਨਾ ਬਣਾਉਣ ਦੇ ਤਰੀਕਿਆਂ ਬਾਰੇ ਵਿਸਤ੍ਰਿਤ ਜਾਣਕਾਰੀ ਦਿੱਤੀ।

ਸਾਰੇ ਪ੍ਰੋਗਰਾਮ ਨੂੰ ਭਾਰਤੀ ਏਅਰਟੈੱਲ ਫਾਊਂਡੇਸ਼ਨ ਦੀ ਟੀਮ ਦੇ ਸਹਿਯੋਗ ਨਾਲ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ 'ਤੇ ਸਾਰੇ ਵਿਦਵਾਨਾਂ ਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ ਗਿਆ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਉਪਯੋਗੀ ਪ੍ਰੋਗਰਾਮ ਜਾਰੀ ਰੱਖਣ ਦਾ ਸੰਕਲਪ ਕੀਤਾ ਗਿਆ।

ਇਸ ਮੌਕੇ ਡਿਪਟੀ ਡੀ.ਈ.ਓ. ਸ. ਚਮਕੌਰ ਸਿੰਘ ਸਿੱਧੂ, ਜ਼ਿਲ੍ਹਾ ਕਰੀਅਰ ਕਾਊਂਸਲ ਇੰਚਾਰਜ ਰਾਜੀਵਰ ਔਲਖ ਤੇ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਬਠਿੰਡਾ ਦੇ ਕਰੀਅਰ ਕਾਊਂਸਲ ਇੰਚਾਰਜ ਵਿਸ਼ਾਲ ਚਾਵਲਾ ਆਦਿ ਮੌਜੂਦ ਰਹੇ।

# ਕਿਸਾਨਾਂ ਦੇ ਮੋਢੇ ਨਾਲ ਪੂਰੀ ਤਰ੍ਹਾਂ ਮੋਢਾ ਜੋੜ ਕੇ ਖੜ੍ਹੀ ਮਾਨ ਸਰਕਾਰ : ਵਿਧਾਇਕ ਗੁਰਲਾਲ ਘਨੌਰ



**ਘਨੌਰ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਬੱਡੀ ਐਸੋਸੀਏਸ਼ਨ ਦੇ ਪ੍ਰਧਾਨ ਤੇ ਵਿਧਾਇਕ ਸ. ਗੁਰਲਾਲ ਘਨੌਰ ਨੇ ਅੱਜ ਪਿੰਡ ਚੱਪੜ ਵਿਖੇ ਅਨਾਜ ਮੰਡੀ ਵਿੱਚ 1 ਕਰੋੜ 2 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ। ਇਹ ਸ਼ੈੱਡ 200 ਫੁੱਟ ਲੰਬਾ ਤੇ 75 ਫੁੱਟ ਚੌੜਾ ਹੋਵੇਗਾ, ਜੋ ਖਰੀਦ ਮੌਸਮ ਦੌਰਾਨ ਕਿਸਾਨਾਂ ਅਤੇ ਮਜਦੂਰਾਂ ਲਈ ਵੱਡੀ ਸਹੂਲਤ ਸਾਬਤ ਹੋਵੇਗਾ।

ਇਸ ਮੌਕੇ ਗੁਰਲਾਲ ਘਨੌਰ ਨੇ ਕਿਹਾ ਕਿ ਪੰਜਾਬ ਮੰਡੀ ਬੋਰਡ ਵੱਲੋਂ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦੇ ਵਿਸ਼ੇਸ਼ ਯਤਨਾਂ ਸਦਕਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਹਲਕੇ ਘਨੌਰ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ।

ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਮਾਨ ਸਰਕਾਰ ਦਾ ਮਕਸਦ ਸੂਬੇ ਦੀ ਹਰ ਮੰਡੀ ਨੂੰ ਆਧੁਨਿਕ ਸਹੂਲਤਾਂ ਨਾਲ ਸਜਾਉਣਾ ਹੈ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਦੀ ਖਰੀਦ-ਫ਼ਰੋਖ਼ਤ ਦੌਰਾਨ ਕਿਸੇ ਕਿਸਮ ਦੀ ਤਕਲੀਫ਼ ਦਾ ਸਾਹਮਣਾ ਨਾ ਕਰਨਾ ਪਵੇ।ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੂਰੀ ਤਰ੍ਹਾਂ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਕਿਸਾਨਾਂ ਦੇ ਹਿੱਤਾਂ ਦੀ ਰੱਖਿਆ, ਫਸਲ ਦੀ ਵਾਜ਼ਬ ਕੀਮਤ ਅਤੇ ਖੇਤੀਬਾੜੀ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਸਰਕਾਰ ਵੱਲੋਂ ਕਈ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਮੌਕੇ ਗੁਰਲਾਲ ਘਨੌਰ ਨੇ ਕਿਹਾ ਕਿ ਇਹ ਸ਼ੈੱਡ ਬਣਨ ਨਾਲ ਅਨਾਜ ਮੰਡੀ ਚੱਪੜ ਵਿੱਚ ਮੌਸਮੀ ਤਬਦੀਲੀਆਂ ਜਿਵੇਂ ਤੇਜ਼ ਮੀਂਹ ਜਾਂ ਧੁੱਪ ਦੌਰਾਨ ਵੀ ਕਿਸਾਨਾਂ ਅਤੇ ਮਜ਼ਦੂਰਾਂ ਦੀ ਫਸਲ ਸੁਰੱਖਿਅਤ ਰਹੇਗੀ। ਇਸ ਨਾਲ ਮੰਡੀ ਦਾ ਕੰਮਕਾਜ ਵੀ ਹੋਰ ਸੁਚਾਰੂ ਅਤੇ ਪ੍ਰਬੰਧਿਤ ਢੰਗ ਨਾਲ ਚੱਲੇਗਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਰਾਸ਼ੀ ਜਾਰੀ ਕੀਤੀ ਗਈ ਹੈ ਅਤੇ ਹਰ ਹਲਕੇ ਵਿੱਚ ਜਨਹਿੱਤ ਪ੍ਰੋਜੈਕਟਾਂ ਨੂੰ ਤਰਜੀਹ ਦੇ ਕੇ ਨੇਪਰੇ ਚੜ੍ਹਾਇਆ ਜਾ ਰਿਹਾ ਹੈ।

ਵਿਧਾਇਕ ਗੁਰਲਾਲ ਘਨੌਰ ਨੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਨਿਰਮਾਣ ਕਾਰਜਾਂ ਦੀ ਗੁਣਵੱਤਾ 'ਤੇ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਕੰਮ ਸਮੇਂ ਸਿਰ ਪੂਰਾ ਕੀਤਾ ਜਾਵੇ। ਉਨ੍ਹਾਂ ਨੇ ਸਪੱਸ਼ਟ ਕਿਹਾ ਕਿ ਨਿਰਮਾਣ ਕਾਰਜਾਂ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਇਸ ਪ੍ਰੋਜੈਕਟ ਦੀ ਤਾਮੀਰ ਨਾਲ ਕਿਸਾਨਾਂ, ਮਜਦੂਰਾਂ ਅਤੇ ਆਮ ਜਨਤਾ ਨੂੰ ਮੰਡੀ ਵਿੱਚ ਆਉਣ-ਜਾਣ ਦੀ ਸੁਵਿਧਾ ਹੋਵੇਗੀ ਅਤੇ ਅਨਾਜ ਦੀ ਖਰੀਦ ਪ੍ਰਕਿਰਿਆ ਵੀ ਹੋਰ ਤੇਜ਼ੀ ਅਤੇ ਸੁਚਾਰੂ ਢੰਗ ਨਾਲ ਹੋਵੇਗੀ।

ਉਨ੍ਹਾਂ ਇਲਾਕਾ ਨਿਵਾਸੀਆਂ ਨਾਲ ਦਾਅਵਾ ਕੀਤਾ ਕਿ ਚੱਪੜ ਅਨਾਜ ਮੰਡੀ ਵਿਖੇ ਨਿਰਮਾਣ ਅਧੀਨ ਸ਼ੈੱਡ ਦਾ ਕੰਮ ਜਲਦੀ ਮੁਕੰਮਲ ਕਰਕੇ ਕਿਸਾਨਾਂ ਦੇ ਸਪੁਰਦ ਕਰ ਦਿੱਤਾ ਜਾਵੇਗਾ।

ਇਸ ਮੌਕੇ ਪਿੰਡ ਵਾਸੀਆਂ ਅਤੇ ਮੰਡੀ ਕਮੇਟੀ ਦੇ ਮੈਂਬਰਾਂ ਨੇ ਵਿਧਾਇਕ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮਾਨ ਸਰਕਾਰ ਵੱਲੋਂ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਨਾਲ ਲੋਕਾਂ ਵਿੱਚ ਨਵਾਂ ਭਰੋਸਾ ਤੇ ਉਤਸ਼ਾਹ ਪੈਦਾ ਹੋਇਆ ਹੈ।

ਇਸ ਮੌਕੇ ਗੁਰਤਾਜ ਸਿੰਘ ਸੰਧੂ, ਸਰਪੰਚ ਇੰਦਰਜੀਤ ਸਿੰਘ ਸਿਆਲੂ, ਸਰਪੰਚ ਹਰਪ੍ਰੀਤ ਹੈਪੀ, ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਮੰਨਣ, ਗੁਰਪ੍ਰੀਤ, ਦਮਨਪ੍ਰੀਤ ਸਰਪੰਚ ਖੇੜੀ, ਚਮਕੌਰ ਸਿੰਘ, ਮਾਰਕੀਟ ਕਮੇਟੀਆਂ ਦੇ ਅਹੁਦੇਦਾਰ, ਮੈਂਬਰ, ਸਬੰਧਤ ਵਿਭਾਗ ਦੇ ਅਧਿਕਾਰੀ,ਕਿਸਾਨ, ਪੰਚ, ਸਰਪੰਚ ਅਤੇ ਸਥਾਨਕ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਸ੍ਰੀ ਅਨੰਦਪੁਰ ਸਾਹਿਬ ਵਿੱਚ ਫੁੱਟਪਾਥਾਂ ਤੇ ਫੜ੍ਹੀਆਂ/ਦੁਕਾਨਾਂ ਲਗਾਉਣ ਉੱਤੇ ਪੂਰਨ ਪਾਬੰਦੀ

**ਰੂਪ ਨਗਰ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮੈਜਿਸਟਰੇਟ ਰੂਪਨਗਰ ਸ਼੍ਰੀ ਵਰਜੀਤ ਵਾਲੀਆ, ਆਈ.ਏ.ਐਸ. ਵੱਲੋਂ ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਜ਼ਿਲ੍ਹਾ ਰੂਪਨਗਰ ਦੀ ਹਦੂਦ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸਮਾਗਮ ਦੌਰਾਨ ਮੈਨ ਹਾਈਵੇ ਅਤੇ ਸੰਬੰਧਤ ਸੜਕਾਂ ਦੇ ਫੁੱਟਪਾਥਾਂ ਤੇ ਕਿਸੇ ਵੀ ਕਿਸਮ ਦੀਆਂ ਫੜ੍ਹੀਆਂ /ਦੁਕਾਨਾਂ ਲਗਾਉਣ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ।

ਉਨ੍ਹਾਂ ਦੱਸਿਆ ਕਿ 21 ਨਵੰਬਰ ਤੋਂ 29 ਨਵੰਬਰ 2025 ਤੱਕ ਸੰਗਤਾਂ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਪਹੁੰਚਣਗੀਆਂ। ਇਸ ਦੌਰਾਨ ਮਿਊਜ਼ੀਅਮ ਚੌਕ ਤੋਂ ਗੁਰਦੁਆਰਾ ਕੇਸਗੜ੍ਹ ਸਾਹਿਬ ਵਾਇਆ ਅਨੰਦਗੜ੍ਹ ਸਾਹਿਬ (ਲੋਅਰ ਸਾਈਡ) ਤੋਂ ਪੰਜ ਪਿਆਰਾ ਪਾਰਕ ਤੱਕ ਦੇ ਖੇਤਰ ਵਿੱਚ ਫੁੱਟਪਾਥਾਂ ਤੇ ਫੜ੍ਹੀਆਂ ਅਤੇ ਦੁਕਾਨਾਂ ਲੱਗਣ ਕਾਰਨ ਆਮ ਜਨਤਾ ਅਤੇ ਸੰਗਤਾਂ ਦੀ ਆਵਾਜਾਈ ਵਿੱਚ ਰੁਕਾਵਟ ਪੈਣ ਦੀ ਸੰਭਾਵਨਾ ਰਹਿੰਦੀ ਹੈ, ਜਿਸ ਨਾਲ ਦੁਰਘਟਨਾ ਦੇ ਆਸਾਰ ਵੀ ਬਣਦੇ ਹਨ।

ਸੰਗਤਾਂ ਦੀ ਸੁਰੱਖਿਆ ਅਤੇ ਨਿਰਵਿਘਨ ਆਵਾਜਾਈ ਨੂੰ ਯਕੀਨੀ ਬਣਾਉਣ ਲਈ ਇਸ ਖੇਤਰ ਵਿੱਚ ਫੜ੍ਹੀਆਂ/ਦੁਕਾਨਾਂ ਲਗਾਉਣ 'ਤੇ ਪੂਰੀ ਤਰ੍ਹਾਂ ਰੋਕ ਲਗਾਈ ਗਈ ਹੈ।

ਇਹ ਹੁਕਮ 15 ਨਵੰਬਰ 2025 ਤੋਂ 30 ਨਵੰਬਰ 2025 ਤੱਕ ਜ਼ਿਲ੍ਹਾ ਰੂਪਨਗਰ ਦੀ ਹਦੂਦ ਵਿੱਚ ਲਾਗੂ ਰਹਿਣਗੇ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਨਾਗਰਿਕਾਂ ਅਤੇ ਸੰਗਤਾਂ ਨੂੰ ਬੇਨਤੀ ਹੈ ਕਿ ਇਸ ਪਵਿੱਤਰ ਸਮਾਗਮ ਨੂੰ ਸ਼ਾਂਤੀਪੂਰਨ ਅਤੇ ਸੁਚਾਰੂ ਢੰਗ ਨਾਲ ਬਣਾਏ ਰੱਖਣ ਲਈ ਪ੍ਰਸ਼ਾਸਨ ਦਾ ਸਹਿਯੋਗ ਦੇਣ।

# ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਵਚਨਬੱਧ: ਮੋਹਿੰਦਰ ਭਗਤ



**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ। ਇਸੇ ਮੰਤਵ ਦੀ ਪੂਰਤੀ ਲਈ ਰੱਖਿਆ ਸੇਵਾਵਾਂ ਭਲਾਈ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਅੱਜ ਰੱਖਿਆ ਸੇਵਾਵਾਂ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਵਿਭਾਗ ਵਿੱਚ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਅਤੇ ਵਿਸ਼ੇਸ਼ ਤੌਰ 'ਤੇ ਜੰਗੀ ਯਾਦਗਾਰਾਂ ਦੇ ਨਵੀਨੀਕਰਣ ਸਬੰਧੀ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।

ਪੰਜਾਬ ਸਿਵਿਲ ਸਕੱਤਰੇਤ ਵਿਖੇ ਹੋਈ ਸਮੀਖਿਆ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਸਾਬਕਾ ਸੈਨਿਕਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਮੁਕੰਮਲ ਜਾਣਕਾਰੀ ਮੰਤਰੀ ਨੂੰ ਦਿੱਤੀ। ਉਨ੍ਹਾ ਦੱਸਿਆ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਹਰ ਸੰਭਵ ਸਹਾਇਤਾ ਕੀਤੀ ਜਾ ਰਹੀ ਹੈ। ਉਨ੍ਹਾ ਦੱਸਿਆ ਕਿ ਸਾਬਕਾ ਸੈਨਿਕਾਂ ਦੀਆਂ ਮੁਸ਼ਕਲਾਂ ਦਾ ਹੱਲ ਜ਼ਿਲ੍ਹਾ ਪੱਧਰ 'ਤੇ ਹੀ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਉਨ੍ਹਾ ਦੱਸਿਆ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪੈਨਸ਼ਨ ਦੀ ਵੰਡ ਅਤੇ ਹੋਰ ਸਹੂਲਤਾਂ ਮਿੱਥੇ ਸਮੇਂ 'ਤੇ ਦਿੱਤੀਆਂ ਜਾ ਰਹੀਆਂ ਹਨ। ਅਧਿਕਾਰੀਆਂ ਨੇ ਦੱਸਿਆ ਕਿ ਵਾਰ ਮੈਮੋਰੀਅਲ ਦੇ ਨਵੀਨੀਕਰਣ ਸਬੰਧੀ ਵੀ ਕੰਮ ਤੇਜ਼ੀ ਨਾਲ ਕੀਤੇ ਜਾ ਰਹੇ ਹਨ।

ਮੰਤਰੀ ਸ੍ਰੀ ਭਗਤ ਨੇ ਕਿਹਾ ਕਿ ਸਾਬਕਾ ਸੈਨਿਕਾਂ ਨੇ ਦੇਸ਼ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ। ਉਨ੍ਹਾ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ। ਮੰਤਰੀ ਨੇ ਕਿਹਾ ਕਿ ਜੰਗੀ ਯਾਦਗਾਰਾਂ ਦੇ ਨਵੀਨੀਕਰਣ ਸਬੰਧੀ ਕੰਮਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇ। ਉਨ੍ਹਾ ਕਿਹਾ ਇਸ ਕੰਮ ਲਈ ਸਰਕਾਰ ਵੱਲੋਂ ਬਜਟ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।

# ਕਵਿਤਾ ਸਵੈ-ਪ੍ਰਗਟਾਵੇ ਦਾ ਦੂਜਾ ਨਾਂ: ਸੁਹਿੰਦਰਬੀਰ

**ਸ਼ਾਹਬਾਦ ਮਾਰਕੰਡਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੁਰੂਕਸ਼ੇਤਰ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੋਮਨਾਥ ਸਚਦੇਵਾ ਦੀ ਅਗਵਾਈ ਹੇਠ ਪੰਜਾਬੀ ਵਿਭਾਗ ਵੱਲੋਂ ਪੰਜਾਬੀ ਕਵਿਤਾ ਸਿਧਾਂਤ ਤੇ ਅਭਿਆਸ ਵਿਸ਼ੇ 'ਤੇ ਪ੍ਰੋਗਰਾਮ ਕੀਤਾ ਗਿਆ। ਮੁੱਖ ਬੁਲਾਰੇ ਡਾ. ਸੁਹਿੰਦਰਬੀਰ ਸਿੰਘ ਨੇ 'ਕਵਿਤਾ ਕੀ ਹੈ' ਬਾਰੇ ਚਰਚਾ ਕਰ ਕੇ ਸ਼ੁਰੂ ਕੀਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਆਪਣੀ ਕਾਵਿ ਰਚਨਾ ਪ੍ਰਸਿੱਧ ਕਵੀ ਡਾ. ਹਰਿਭਜਨ ਸਿੰਘ ਤੋਂ ਪ੍ਰੇਰਿਤ ਹੋ ਕੇ ਸ਼ੁਰੂ ਕੀਤੀ ਸੀ।

ਸ੍ਰੀ ਸਿੰਘ ਨੇ ਕਿਹਾ ਕਿ ਕਵਿਤਾ ਆਪਣੇ ਆਪ ਤੋਂ ਆਪਣੇ ਤਕ ਦੀ ਯਾਤਰਾ ਹੈ। ਕਵਿਤਾ ਬਾਰੇ ਬੋਲਦਿਆਂ ਉਨ੍ਹਾਂ ਪ੍ਰਸਿੱਧ ਪੰਜਾਬੀ ਕਵੀ ਸ਼ਿਵ ਕੁਮਾਰ ਬਟਾਲਵੀ ਦਾ ਹਵਾਲਾ ਦਿੱਤਾ। ਉਨ੍ਹਾਂ ਕਵਿਤਾ ਨੂੰ ਸਵੈ-ਪ੍ਰਗਟਾਵੇ ਦਾ ਸਮਾਨਾਰਥੀ ਦੱਸਿਆ।

# ਐਨ. ਆਰ. ਆਈ ਵਿੰਗ ਵੱਲੋਂ ਇਸ਼ਤਿਹਾਰੀ ਮੁਜ਼ਰਿਮ ਗ੍ਰਿਫ਼ਤਾਰ



**ਹੁਸ਼ਿਆਰਪੁਰ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਾਇਰੈਕਟਰ ਜਨਰਲ ਪੁਲਿਸ, ਪ੍ਰਵਾਸੀ ਭਾਰਤੀ ਅਤੇ ਮਹਿਲਾ ਵਿੰਗ, ਮੁਹਾਲੀ ਪੰਜਾਬ ਆਰ.ਕੇ ਜਾਇਸਵਾਲ, ਸਹਾਇਕ ਇੰਸਪੈਕਟਰ ਜਨਰਲ ਪੁਲਿਸ ਪ੍ਰਵਾਸੀ ਭਾਰਤੀ ਮਾਮਲੇ ਵਿੰਗ, ਜਲੰਧਰ ਹਰਕੰਵਲਪ੍ਰੀਤ ਸਿੰਘ ਖੱਖ ਅਤੇ ਉਪ-ਕਪਤਾਨ ਪੁਲਿਸ ਪ੍ਰਵਾਸੀ ਭਾਰਤੀ ਮਾਮਲੇ ਵਿੰਗ, ਜਲੰਧਰ ਰਸ਼ਮਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮੁਕੱਦਮਾ ਨੰਬਰ 9 ਮਿਤੀ 7 ਅਕਤੂਬਰ 2021 ਅ/ਧ 420,406 ਭ ਦ, 13 ਪੰਜਾਬ ਟਰੈਵਲ ਪ੍ਰੋਫੈਸ਼ਨਲ ਰੈਗੂਲੇਸ਼ਨ ਐਕਟ 2014 ਥਾਣਾ ਐਨ.ਆਰ.ਆਈਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਬਲਜਿੰਦਰ ਸਿੰਘ ਪੁੱਤਰ ਚਰਨਜੀਤ ਸਿੰਘ ਵਾਸੀ ਮੌਲਾ ਵਾਹਿਦਪੁਰ ਥਾਣਾ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਹਾਲ ਵਾਸੀ ਅਮਰੀਕਾ ਬਰਖਿਲਾਫ਼ ਬਲਜੀਤ ਸਿੰਘ ਪੁੱਤਰ ਕੁਲਜੀਤ ਸਿੰਘ ਵਾਸੀ ਡੀ-69, ਜੇਲ੍ਹ ਰੋਡ ਫਤਹਿ ਨਗਰ, ਤਿਲਕ ਨਗਰ ਨਵੀ ਦਿੱਲੀ, ਹਾਲ ਵਾਸੀ ਆਫਿਸਰ ਸਿਟੀ 01, ਫਲੈਟ ਨੰਬਰ 901, ਥਾਣਾ ਰਾਜ ਨਗਰ ਐਕਸਟੈਂਸ਼ਨ ਗਾਜ਼ੀਆਬਾਦ, ਯੂ.ਪੀ. ਵਗੈਰਾ ਬਾਬਤ ਮੁਦੱਈ ਮੁਕੱਦਮਾ ਦੇ ਭਰਾ ਸੁਖਵਿੰਦਰ ਸਿੰਘ ਨੂੰ ਵਿਦੇਸ਼ ਨਿਊਜ਼ੀਲੈਂਡ ਭੇਜਣ ਦੇ ਨਾਮ @ਤੇ 11 ਲੱਖ 50 ਹਜ਼ਾਰ ਰੁਪਏ ਠੱਗੀ ਮਾਰਨ ਸਬੰਧੀ ਦਰਜ ਕੀਤਾ ਗਿਆ ਹੈ। ਦੋਸ਼ੀ ਬਲਜੀਤ ਸਿੰਘ ਨੂੰ ਮਾਨਯੋਗ ਅਦਾਲਤ ਕਰਨਵੀਰ ਸਿੰਘ ਜੇ.ਐਮ.ਆਈ.ਸੀ ਹੁਸ਼ਿਆਰਪੁਰ ਵੱਲੋਂ 24 ਸਤੰਬਰ 2024 ਨੂੰ ਇਸ਼ਤਿਹਾਰੀ ਮੁਜ਼ਰਿਮ ਘੋਸ਼ਿਤ ਕੀਤਾ ਗਿਆ ਸੀ। ਜਿਸ ਨੂੰ 11 ਨਵੰਬਰ 2025 ਨੂੰ ਸਬ ਇੰਸਪੈਕਟਰ ਰਾਜਵਿੰਦਰ ਸਿੰਘ ਮੁੱਖ ਅਫਸਰ ਥਾਣਾ ਵੱਲੋ ਨਿਯੁਕਤ ਕੀਤੀ ਪੁਲਿਸ ਪਾਰਟੀ ਏ.ਐਸ.ਆਈ. ਸੋਹਨ ਸਿੰਘ, ਏ.ਐਸ.ਆਈ. ਕ੍ਰਿਸ਼ਨ ਲਾਲ ਅਤੇ ਐਚ.ਸੀ ਮਨਦੀਪ ਸਿੰਘ ਥਾਣਾ ਐਨ.ਆਰ.ਆਈ, ਹੁਸ਼ਿਆਰਪੁਰ ਵਲੋਂ ਗ੍ਰਿਫਤਾਰ ਕੀਤਾ ਗਿਆ। ਉਸ ਨੂੰ ਅਦਾਲਤ ਵਿਚ ਪੇਸ਼ ਕੀਤਾ ਜਾ ਰਿਹਾ ਹੈ।



• ਡਾ. ਰਣਜੀਤ ਸਿੰਘ
94170-87328

*ਰਕਬੇ ਦੇ ਹਿਸਾਬ ਨਾਲ ਲੀਚੀ ਦਾ ਪੰਜਾਬ ਵਿਚ ਪੰਜਵਾਂ ਸਥਾਨ ਹੈ। ਪੰਜਾਬ ਵਿਚ ਲੀਚੀ ਦੇ ਬਗ਼ੀਚੇ ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਪਠਾਨਕੋਟ ਜ਼ਿਲ੍ਹਿਆਂ ਵਿਚ ਹਨ...*





# ਪੰਜਾਬ ਦਾ ਮੁੱਖ ਫਲ ਲੀਚੀ

ਕਿਸੇ ਸਮੇਂ ਪੰਜਾਬ ਨੂੰ ਬਗ਼ੀਚਿਆਂ ਦਾ ਸੂਬਾ ਮੰਨਿਆ ਜਾਂਦਾ ਸੀ। ਪੰਜਾਬ 'ਚ ਫਲਦਾਰ ਬੂਟੇ ਲਗਾਉਣ ਦੇ ਦੋ ਮੌਸਮ ਹਨ ਫਰਵਰੀ-ਮਾਰਚ ਤੇ ਅਗਸਤ-ਸਤੰਬਰ। ਇਸ ਸਮੇਂ ਪੰਜਾਬ ਵਿਚ ਸਿਰਫ਼ 76,600 ਹੈਕਟੇਅਰ ਰਕਬੇ 'ਚ ਫਲਾਂ ਦੇ ਰੁੱਖ ਹਨ। ਇਨ੍ਹਾਂ ਵਿੱਚੋਂ ਵੀ ਅੱਧਾ ਰਕਬਾ ਸਿਰਫ਼ ਕਿੰਨੂ ਹੇਠ ਹੈ।

ਆਜ਼ਾਦੀ ਤੋਂ ਬਾਅਦ ਪੰਜਾਬ ਵਿਚ ਫਲਾਂ ਦੇ ਬਗ਼ੀਚੇ ਲਗਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਹਰ ਜ਼ਿਲ੍ਹੇ 'ਚ ਘੱਟੋ ਘੱਟ ਦੋ ਪਿੰਡ ਚੁਣੇ ਗਏ, ਜਿੱਥੇ ਪੱਛਮੀ ਪੰਜਾਬ ਤੋਂ ਆਏ ਕਿਸਾਨਾਂ ਨੂੰ ਵਸਾਇਆ ਗਿਆ ਸੀ। ਇਨ੍ਹਾਂ ਨੂੰ ਗਾਰਡਨ ਕਲੋਨੀਆਂ ਦਾ ਨਾਂ ਦਿੱਤਾ ਗਿਆ ਸੀ। ਪ੍ਰਤਾਪ ਸਿੰਘ ਕੈਰੋਂ ਜਦ ਪੰਜਾਬ ਦੇ ਮੁੱਖ ਮੰਤਰੀ ਸਨ ਤਾਂ ਉਨ੍ਹਾਂ ਨੇ ਬਾਗ਼ਬਾਨੀ ਲਈ ਵਿਸ਼ੇਸ਼ ਮੁਹਿੰਮ ਚਲਾਈ। ਪੰਜਾਬ ਵਿਚ ਲਗਣ ਵਾਲੇ ਕੁਝ ਮੁੱਖ ਫਲਾਂ ਵਿੱਚੋਂ ਅੱਜ ਅਸੀਂ ਲੀਚੀ ਬਾਰੇ ਜਾਣਕਾਰੀ ਦੇ ਰਹੇ ਹਾਂ।

## ਬਿਜਾਈ ਲਈ ਢੁਕਵੇਂ ਇਲਾਕੇ

ਲੀਚੀ ਨੂੰ ਅਮੀਰ ਲੋਕਾਂ ਦਾ ਫਲ ਮੰਨਿਆ ਜਾਂਦਾ ਹੈ। ਆਮ ਤੌਰ 'ਤੇ ਮੰਡੀ ਵਿਚ ਇਹ ਸਭ ਤੋਂ ਮਹਿੰਗੀ ਵਿਕਦੀ ਹੈ। ਪੰਜਾਬ ਵਿਚ ਲੀਚੀ ਦੇ ਬਗ਼ੀਚੇ ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਪਠਾਨਕੋਟ ਜ਼ਿਲ੍ਹਿਆਂ ਵਿਚ ਹਨ। ਇਸ ਦੀ ਕਾਸ਼ਤ ਗਰਮ ਇਲਾਕਿਆਂ ਵਿਚ ਨਹੀਂ ਕੀਤੀ ਜਾ ਸਕਦੀ। ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਦੇ ਗੁਰਦਾਸਪੁਰ ਸਥਿਤ ਫਲ ਖੋਜ ਕੇਂਦਰ ਵਿਚ ਲੀਚੀ ਉੱਤੇ ਖੋਜ ਕੀਤੀ ਗਈ ਤੇ ਇਸ ਇਲਾਕੇ ਵਿਚ ਇਨ੍ਹਾਂ ਦੇ ਬਾਗ਼ ਲਗਾਉਣ ਨੂੰ ਉਤਸ਼ਾਹਿਤ ਕੀਤਾ ਗਿਆ। ਲੀਚੀ ਦਾ ਬਾਹਰੀ ਛਿਲਕਾ ਖੁਰਦਰਾ ਹੁੰਦਾ ਹੈ ਪਰ ਛਿਲਣ ਪਿੱਛੋਂ ਅੰਦਰੋਂ ਸਫ਼ੈਦ ਰੰਗ ਦਾ ਰਸੀਲਾ ਗੁੱਦਾ ਨਿਕਲਦਾ ਹੈ।

ਲੀਚੀ ਦੇ ਬੂਟੇ ਪੰਜ ਕੁ ਸਾਲ ਪਿੱਛੋਂ ਫਲ ਦੇਣਾ ਸ਼ੁਰੂ ਕਰ ਦਿੰਦੇ ਹਨ। ਇਹ ਫਲ ਆਮ ਕਰਕੇ ਜੂਨ ਦੇ ਮਹੀਨੇ ਵਿਚ ਪੱਕਦੇ ਹਨ। ਇਕ ਬੂਟੇ ਤੋਂ ਕਰੀਬ 80 ਕਿੱਲੋ ਫਲ ਪ੍ਰਾਪਤ ਹੋ ਜਾਂਦੇ ਹਨ। ਰਕਬੇ ਦੇ ਹਿਸਾਬ ਨਾਲ ਲੀਚੀ ਦਾ ਪੰਜਾਬ ਵਿਚ ਪੰਜਵਾਂ ਸਥਾਨ ਹੈ।

## ਕਿਸਮਾਂ ਤੇ ਬਿਜਾਈ ਦਾ ਸਮਾਂ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਇਸ ਦੀ ਪੈਦਾਵਾਪ ਲਈ ਦੇਹਰਾਦੂਨ, ਕਲਕੱਤੀਆ ਅਤੇ ਸੀਂਡਲੈੱਸ ਲੇਟ ਕਿਸਮਾਂ ਦੀ ਸਿਫ਼ਾਰਸ਼ ਕੀਤੀ ਗਈ ਹੈ। ਲੀਚੀ ਦੇ ਬੂਟੇ ਗਰਮੀ ਘੱਟ ਹੋਣ 'ਤੇ ਸਤੰਬਰ-ਅਕਤੂਬਰ ਵਿਚ ਲਗਾਏ ਜਾ ਸਕਦੇ ਹਨ। •



*ਖੇਤੀ ਜ਼ਹਿਰਾਂ ਦੀ ਬੇਲੋੜੀ ਵਰਤੋਂ ਬਾਸਮਤੀ ਦੇ ਮਿਆਰ 'ਚ ਗਿਰਾਵਟ ਦਾ ਕਾਰਨ ਬਣਦੀਆਂ ਹਨ ਤੇ ਬਰਾਮਦ 'ਤੇ ਮਾੜਾ ਅਸਰ ਪਾਉਂਦੀਆਂ ਹਨ...*

# ਜ਼ਹਿਰ-ਮੁਕਤ ਬਾਸਮਤੀ ਦੀ ਪੈਦਾਵਾਰ

• ਗੁਰਪ੍ਰੀਤ ਸਿੰਘ ਮੱਕੜ, ਰਣਵੀਰ ਸਿੰਘ ਗਿੱਲ

ਬਾਸਮਤੀ ਲੰਬੇ ਪਤਲੇ ਤੇ ਖ਼ੁਸ਼ਬੂਦਾਰ ਦਾਣਿਆਂ ਵਾਲੀਆਂ ਚੌਲਾਂ ਦੀਆਂ ਰਵਾਇਤੀ ਕਿਸਮਾਂ ਦੀ ਸ਼੍ਰੇਣੀ ਵਿੱਚੋਂ ਹੈ। ਭਾਰਤ 'ਚ ਹੁਣ ਤਕ ਬਾਸਮਤੀ ਦੀਆਂ 32 ਕਿਸਮਾਂ 'ਸੀਡ ਐਕਟ-1966' ਤਹਿਤ ਰਜਿਸਟਰਡ ਹਨ। ਇਨ੍ਹਾਂ ਵਿੱਚੋਂ ਕੁਝ ਕਿਸਮਾਂ, ਜਿਵੇਂ ਪੂਸਾ ਬਾਸਮਤੀ-1, ਪੂਸਾ-1401, ਬਾਸਮਤੀ-386, ਤਰੌੜੀ ਜਾਂ ਐੱਚਬੀਸੀ-19, ਸੁਪਰ ਜਾਂ ਸ਼ਬਨਮ ਆਦਿ ਯੂਰਪੀਅਨ ਸੰਘ ਵੱਲੋਂ ਬਰਾਮਦ ਕੀਤੇ ਜਾਣ ਲਈ ਮਨਜ਼ੂਰਸ਼ੁਦਾ ਹਨ। ਭਾਰਤ 'ਚ ਬਾਸਮਤੀ ਦੀ ਕਾਸ਼ਤ ਮੁੱਖ ਤੌਰ 'ਤੇ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼, ਦਿੱਲੀ, ਉੱਤਰਾਖੰਡ, ਪੱਛਮੀ ਉੱਤਰ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਵਿਚ ਕੀਤੀ ਜਾਂਦੀ ਹੈ। ਭਾਰਤ ਬਾਸਮਤੀ ਦਾ ਨਾ ਸਿਰਫ਼ ਸਭ ਤੋਂ ਵੱਡਾ ਉਤਪਾਦਕ ਹੈ ਬਲਕਿ ਦੁਨੀਆ ਭਰ ਵਿਚ ਬਾਸਮਤੀ ਦੇ ਬਰਾਮਦ ਦੇ ਮਾਮਲੇ 'ਚ ਪਹਿਲੇ ਸਥਾਨ 'ਤੇ ਹੈ। 2017-18 ਦੌਰਾਨ ਭਾਰਤ ਨੇ 40.52 ਲੱਖ ਮੀਟ੍ਰਿਕ ਟਨ ਬਾਸਮਤੀ ਐਕਪੋਰਟ ਕੀਤੀ, ਜਿਸ ਦੀ ਕੀਮਤ 26,841 ਕਰੋੜ ਰੁਪਏ ਸੀ।

## ਜ਼ਹਿਰਾਂ ਸਬੰਧੀ ਵੱਖ-ਵੱਖ ਦੇਸ਼ਾਂ ਦੇ ਮਾਪਦੰਡ

ਬਾਸਮਤੀ ਕਿਸਮਾਂ ਪੱਕਣ 'ਚ ਕਰੀਬ ਪੰਜ ਮਹੀਨੇ ਦਾ ਸਮਾਂ ਲੈਂਦੀਆਂ ਹਨ। ਇਸ ਦੌਰਾਨ ਫ਼ਸਲ ਉੱਪਰ ਵੱਖ-ਵੱਖ ਕੀੜਿਆਂ ਤੇ ਬਿਮਾਰੀਆਂ ਦਾ ਹਮਲਾ ਹੁੰਦਾ ਹੈ। ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਕਿਸਾਨ ਅਕਸਰ ਰਸਾਇਣਕ ਜ਼ਹਿਰਾਂ ਦੀ ਵਰਤੋਂ ਨੂੰ ਤਰਜੀਹ ਦਿੰਦੇ ਹਨ। ਖੇਤੀ ਜ਼ਹਿਰਾਂ ਦੀ ਦੁਰਵਰਤੋਂ ਕਾਰਨ ਬਾਸਮਤੀ ਦੇ ਦਾਣਿਆਂ ਵਿਚ ਇਨ੍ਹਾਂ ਜ਼ਹਿਰਾਂ ਦੀ ਰਹਿੰਦ-ਖੂੰਹਦ ਦੀ ਸਮੱਸਿਆ ਵੱਡੇ ਪੱਧਰ 'ਤੇ ਸਾਹਮਣੇ ਆਈ ਹੈ। ਬੀਤੇ ਕੁਝ ਸਾਲਾਂ ਦੌਰਾਨ ਕਈ ਵਾਰ ਯੂਰਪੀਅਨ ਸੰਘ, ਅਮਰੀਕਾ ਤੇ ਈਰਾਨ ਵਰਗੇ ਦੇਸ਼ਾਂ ਵੱਲੋਂ ਭਾਰਤ ਤੋਂ ਬਾਸਮਤੀ ਦੀ ਖ਼ਰੀਦ 'ਤੇ ਪਾਬੰਦੀ ਲਗਾਏ ਜਾਣ ਦੀਆਂ ਖ਼ਬਰਾਂ ਆਈਆਂ ਹਨ। 2012 ਵਿਚ ਅਮਰੀਕਾ ਨੇ ਭਾਰਤ ਤੋਂ ਲਗਪਗ 151.2 ਕਰੋੜ ਰੁਪਏ ਦੀ ਬਾਸਮਤੀ ਦੀ ਖ਼ਰੀਦ ਨੂੰ ਇਸ ਲਈ ਠੁਕਰਾ ਦਿੱਤਾ ਕਿਉਂਕਿ ਉਸ ਵਿਚ ਖੇਤੀ ਜ਼ਹਿਰਾਂ ਦੀ ਰਹਿੰਦ-ਖੂੰਹਦ ਮਿੱਥੀ ਗਈ ਹੱਦ ਤੋਂ ਜ਼ਿਆਦਾ ਪਾਈ ਗਈ ਸੀ। ਇਸੇ ਕਾਰਨ ਅਪ੍ਰੈਲ 2018 ਵਿਤ ਜਾਰਡਨ ਐਗਰੀਕਲਚਰਲ ਮਿਨਿਸਟਰੀ ਨੇ ਵੀ ਭਾਰਤ ਤੋਂ 270 ਟਨ ਬਾਸਮਤੀ ਦੇ ਆਰਡਰ ਨੂੰ ਠੁਕਰਾ ਦਿੱਤਾ। ਅਮਰੀਕਾ ਵੱਲੋਂ ਬੁਪਰੋਫੇਜਿਨ ਅਤੇ ਆਈਸੋਪ੍ਰੋਥਾਇਉਲੇਨ ਜ਼ਹਿਰਾਂ ਦੀ ਦਾਣਿਆਂ ਵਿਚਲੀ ਰਹਿੰਦ-ਖੂੰਹਦ ਦੀ ਹੱਦ (ਐੱਮਆਰਐੱਲ) 0.01 ਮਿਲੀਗ੍ਰਾਮ ਪ੍ਰਤੀ ਕਿੱਲੋ ਮਿੱਥੀ ਗਈ ਹੈ। ਇਸੇ ਤਰ੍ਹਾਂ ਯੂਰਪੀਅਨ ਸੰਘ ਨੇ ਜਨਵਰੀ 2018 ਤੋ ਟ੍ਰਾਈਸਾਈਕਲਾਜ਼ੋਲ ਜ਼ਹਿਰ ਦੀ ਬਾਸਮਤੀ ਵਿਚ ਰਹਿੰਦ-ਖੂੰਹਦ ਦੀ ਹੱਦ ਨੂੰ 100 ਗੁਣਾ ਘਟਾ ਕੇ 0.01 ਮਿਲੀਗ੍ਰਾਮ ਪ੍ਰਤੀ ਕਿੱਲੋ ਕਰ ਦਿੱਤਾ ਹੈ। ਜਾਰਡਨ ਐਗਰੀਕਲਚਰਲ ਮਿਨਿਸਟਰੀ ਨੇ ਵੀ ਯੂਰਪੀਅਨ ਸੰਘ ਵੱਲੋਂ ਟ੍ਰਾਈਸਾਈਕਲਾਜ਼ੋਲ ਜ਼ਹਿਰ ਦੀ ਰਹਿੰਦ-ਖੂੰਹਦ ਦੀ ਹੱਦ ਲਈ ਮਿੱਥੇ ਗਏ ਪੈਮਾਨੇ ਨੂੰ ਲਾਗੂ ਕਰ ਲਿਆ ਹਨ। ਇਨ੍ਹਾਂ ਘਟਨਾਵਾਂ ਤੋ ਸਿੱਧ ਹੋ ਜਾਂਦਾ ਹੈ ਕਿ ਖੇਤੀ ਜ਼ਹਿਰਾਂ ਦੀ ਵਰਤੋਂ ਕਾਰਨ ਬਾਸਮਤੀ ਵਿਚ ਜ਼ਹਿਰਾਂ ਦੀ ਰਹਿੰਦ-ਖੂੰਹਦ ਮਿੱਥੇ ਹੋਏ ਪੱਧਰ ਤੋਂ ਵੱਧ ਹੋਣ ਕਾਰਨ ਇਸ ਦੀ ਬਰਾਮਦ ਉੱਪਰ ਮਾੜਾ ਅਸਰ ਪੈ ਰਿਹਾ ਹੈ।





## ਮਿਆਰੀ ਉਤਪਾਦਨ ਲਈ ਅਹਿਮ ਨੁਕਤੇ

ਕੀਟਨਾਸ਼ਕਾਂ, ਉੱਲਨਾਸ਼ਕਾਂ ਤੇ ਹੋਰ ਖੇਤੀ ਜ਼ਹਿਰਾਂ ਦੀ ਸੁਚੱਜੀ ਵਰਤੋਂ ਲਈ ਹੇਠ ਲਿਖੇ ਨੁਕਤੇ ਅਪਣਾ ਕੇ ਮਿਆਰੀ ਬਾਸਮਤੀ ਦੀ ਪੈਦਾਵਾਰ ਕੀਤੀ ਜਾ ਸਕਦੀ ਹੈ :

ਖੇਤ ਵਿਚ ਖੜ੍ਹੀ ਫ਼ਸਲ ਦਾ ਲਗਾਤਾਰ ਨਿਰੀਖਣ ਕਰਦੇ ਰਹਿਣਾ ਚਾਹੀਦਾ ਹੈ ਤਾਂ ਜੋ ਕੀੜੇ ਜਾਂ ਬਿਮਾਰੀ ਦੇ ਹਮਲੇ ਦਾ ਸਮੇਂ ਸਿਰ ਪਤਾ ਲਗਾਇਆ ਜਾ ਸਕੇ ਤੇ ਉਸ ਦੀ ਰੋਕਥਾਮ ਕੀਤੀ ਜਾ ਸਕੇ। ਕੀਟਨਾਸ਼ਕਾਂ ਜਾਂ ਉੱਲੀਨਾਸ਼ਕਾਂ ਦੀ ਵਰਤੋਂ ਵਿੱਤੀ ਨੁਕਸਾਨ ਦੇ ਪੱਧਰ (Economic threshold level) ਤੇ ਹੋਰ ਜ਼ਰੂਰੀ ਸਾਵਧਾਨੀਆਂ ਅਨੁਸਾਰ ਕਰੋ। ਚੰਗੇ ਨਤੀਜਿਆਂ ਲਈ ਖੇਤੀ ਜ਼ਹਿਰਾਂ ਦੀ ਵਰਤੋਂ ਸਿਫ਼ਾਰਸ਼ ਮਾਤਰਾ ਅਤੇ ਸਹੀ ਤਕਨੀਕ ਅਨੁਸਾਰ ਹੀ ਕਰੋ ਤਾਂ ਜੋ ਖ਼ੁਰਾਕੀ ਪਦਾਰਥਾਂ ਵਿਚ ਖੇਤੀ ਜ਼ਹਿਰਾਂ ਦੀ ਰਹਿੰਦ-ਖੂੰਹਦ ਦੀ ਮਾਤਰਾ ਨਾ ਵਧੇ। ਨਾਈਟ੍ਰੋਜਨ ਤੱਤ ਵਾਲੀਆਂ ਖਾਦਾਂ ਦੀ ਵਰਤੋਂ ਸਿਫਾਰਸ਼ ਮਾਤਾਰ ਅਨੁਸਾਰ ਜਾਂ ਮਿੱਟੀ ਪਰਖ ਦੀ ਪਰਖ ਦੇ ਆਧਾਰ 'ਤੇ ਹੀ ਕਰੋ। ਇਨ੍ਹਾਂ ਦੀ ਵਧੇਰੇ ਵਰਤੋਂ ਨਾਲ ਫ਼ਸਲ ਉੱਪਰ ਕੀੜਿਆਂ ਤੇ ਬਿਮਾਰੀਆਂ ਦਾ ਹਮਲਾ ਵਧਦਾ ਹੈ। ਸਿੰਥੈਟਿਕ ਪਰਿਥਰਾਇਡ ਗਰੁੱਪ ਦੇ ਕੀਟਨਾਸ਼ਕਾਂ (ਸਾਈਪਰਮੈਥਰਿਨ, ਸਾਈਫਲੂਥਰਿਨ ਆਦਿ) ਦੀ ਵਰਤੋਂ ਨਾ ਕਰੋ। ਇਸ ਨਾਲ ਰਸ ਚੂਸਣ ਵਾਲੇ ਕੀੜਿਆਂ (ਬੂਟਿਆਂ ਦੇ ਟਿੱਡੇ) ਦਾ ਹਮਲਾ ਵੱਧ ਜਾਂਦਾ ਹੈ। ਟ੍ਰਾਈਸਾਈਕਲਾਜ਼ੋਲ ਉੱਲੀਨਾਸ਼ਕ ਦੀ ਬਾਸਮਤੀ ਅਤੇ ਝੋਨੇ ਵਿਚ ਮਿੱਥੀ ਹੋਈ ਹੱਦ ਤੋਂ ਵਧੇਰੇ ਰਹਿੰਦ-ਖੂੰਹਦ, ਬਾਸਮਤੀ ਦੀ ਬਰਾਮਦ 'ਚ ਵੱਡਾ ਅੜਿੱਕਾ ਬਣ ਕੇ ਸਾਹਮਣੇ ਆ ਰਹੀ ਹੈ। ਇਸ ਲਈ ਬਾਸਮਤੀ ਵਿਚ ਭੁਰੜ ਰੋਗ ਦੀ ਰੋਕਥਾਮ ਲਈ ਐਮੀਸਟਾਰ ਟੌਪ 325 ਐੱਸਸੀ 200 ਮਿਲੀਲਿਟਰ ਨੂੰ 200 ਲੀਟਰ ਪਾਣੀ 'ਚ ਘੋਲ ਕੇ ਪ੍ਰਤੀ ਏਕੜ ਦੇ ਹਿਸਾਬ ਨਾਲ ਗੋਭ ਵੇਲੇ ਤੇ ਮੁੰਜਰਾਂ ਨਿਕਲਣੀਆਂ ਸ਼ੁਰੂ ਹੋਣ 'ਤੇ ਛਿੜਕਾਅ ਕਰੋ। ਫ਼ਸਲ ਦੇ ਪੱਕਣ ਸਮੇਂ ਆਖ਼ਰੀ ਦੋ-ਤਿੰਨ ਹਫ਼ਤੇ ਖੇਤੀ ਜ਼ਹਿਰਾਂ ਦੀ ਵਰਤੋਂ ਤੋਂ ਗੁਰੇਜ਼ ਕਰੋ। ਖੇਤੀ ਜ਼ਹਿਰਾਂ ਦੀ ਸੁਚੱਜੀ ਵਰਤੋਂ ਸਬੰਧੀ ਜਾਣਕਾਰੀ ਪ੍ਰਾਪਤ ਕਰਨ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਕ੍ਰਿਸ਼ੀ ਵਿਗਿਆਨ ਕੇਂਦਰਾਂ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਦੇ ਮਾਹਿਰਾਂ ਨਾਲ ਸੰਪਰਕ ਰੱਖੋ। ਬਾਸਮਤੀ 'ਚ ਖੇਤੀ ਜ਼ਹਿਰਾਂ ਦੀ ਰਹਿੰਦ-ਖੂੰਹਦ ਤੇ ਬਰਾਮਦ ਸਬੰਧੀ ਵੱਖ-ਵੱਖ ਦੇਸ਼ਾਂ ਦੇ ਨਿਯਮਾਂ ਬਾਰੇ ਜਾਣਕਾਰੀ ਜਾਣਕਾਰੀ 'ਅਪੇਡਾ' ਦੀ ਵੈੱਬਸਾਈਟ ਤੋਂ ਪ੍ਰਾਪਤ ਕਰੋ। •

### ਖੇਤੀ ਜ਼ਹਿਰਾਂ ਦੀ ਰੋਕਥਾਮ ਲਈ ਜ਼ਿੰਮੇਵਾਰ ਸੰਸਥਾਵਾਂ

*ਖੇਤੀ ਜ਼ਹਿਰਾਂ ਦੇ ਮਾੜੇ ਪ੍ਰਭਾਵ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ 'ਪੰਜਾਬ ਖੇਤੀਬਾੜੀ ਯੂਨੀਵਰਸਿਟੀ' ਲੁਧਿਆਣਾ ਵੱਲੋਂ 'ਸਰ ਰਤਨ ਟਾਟਾ ਟਰੱਸਟ' ਦੇ ਸਹਿਯੋਗ ਨਾਲ ਕਈ ਪ੍ਰੋਗਰਾਮ ਉਲੀਕੇ ਗਏ ਹਨ। ਇਸ ਤੋਂ ਇਲਾਵਾ 'ਐਗਰੀਕਲਚਰਲ ਐਂਡ ਪ੍ਰੋਸੈੱਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਿਟੀ' (APEDA) ਵੀ ਕਿਸਾਨਾਂ, ਸਨਅਤਕਾਰਾਂ ਤੇ ਸਬੰਧਤ ਵਿਭਾਗਾਂ ਨੂੰ ਇਸ ਬਾਰੇ ਜਾਣੂ ਕਰਵਾਉਣ ਲਈ ਯੂਨੀਵਰਸਿਟੀਆਂ, ਆਲ ਇੰਡੀਆ ਰਾਈਸ ਐਕਸਪੋਰਟਰਜ਼ ਐਸੋਸੀਏਸ਼ਨ ਅਤੇ ਖੇਤੀਬਾੜੀ ਵਿਭਾਗਾਂ ਦੇ ਸਹਿਯੋਗ ਨਾਲ ਸੂਬਾ ਪੱਧਰੀ ਵਰਕਸ਼ਾਪਾਂ ਕਰਵਾਉਂਦੀ ਹੈ। 'ਅਪੇਡਾ' ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਪਹਿਲੀ ਨਵੰਬਰ 2017 ਤੋਂ ਬਾਅਦ ਭਾਰਤ ਤੋਂ ਯੂਰਪੀਅਨ ਸੰਘ ਨੂੰ ਐਕਸਪੋਰਟ ਕੀਤੀ ਜਾਣ ਵਾਲੀ ਬਾਸਮਤੀ ਵਿਚ ਵੱਖ-ਵੱਖ ਜ਼ਹਿਰਾਂ ਦੀ ਰਹਿੰਦ-ਖੂੰਹਦ ਲਈ ਟੈਸਟਿੰਗ 'ਬਾਸਮਤੀ ਐਕਸਪੋਰਟ ਡਿਵੈਲਪਮੈਂਟ ਫਾਊਂਡੇਸ਼ਨ' (BEDF), ਮੋਦੀਪੁਰਮ ਦੀ ਪ੍ਰਯੋਗਸ਼ਾਲਾਂ ਜਾਂ ਕਿਸੇ 'ਨੈਸ਼ਨਲ ਐਕਰੀਡਿਟੇਸ਼ਨ ਬੋਰਡ ਫਾਰ ਟੈਸਟਿੰਗ ਐਂਡ ਕੈਲੀਬਰੇਸ਼ਨ ਲੈਬੋਰੇਟਰੀ' (NABL) ਦੁਆਰਾ ਪ੍ਰਮਾਣਿਤ ਪ੍ਰਯੋਗਸ਼ਾਲਾ ਤੋਂ ਕਰਵਾਉਣੀ ਲਾਜ਼ਮੀ ਹੈ। ਬਾਸਮਤੀ ਦੀ ਬਰਾਮਦ ਜਾਂ ਐਕਸਪੋਰਟ ਸਬੰਧੀ ਮੌਜੂਦਾ ਸਖ਼ਤ ਨਿਯਮਾਂ ਨੂੰ ਧਿਆਨ 'ਚ ਰੱਖਦੇ ਹੋਏ ਜ਼ਹਿਰ-ਮੁਕਤ ਤੇ ਮਿਆਰੀ ਬਾਸਮਤੀ ਪੈਦਾ ਕਰਨ ਲਈ ਜ਼ਰੂਰੀ ਕਦਮ ਚੁੱਕਣੇ ਬੇਹੱਦ ਲਾਜ਼ਮੀ ਹਨ। ਬਰਾਮਦ ਕੀਤੀ ਜਾਣ ਵਾਲੀ ਮਿਆਰੀ ਤੇ ਜ਼ਹਿਰ-ਮੁਕਤ ਬਾਸਮਤੀ ਦੀ ਪੈਦਾਵਾਰ ਲਈ ਕਿਸਾਨਾਂ, ਸਰਕਾਰੀ ਤੇ ਗ਼ੈਰ-ਸਰਕਾਰੀ ਸੰਸਥਾਵਾਂ ਦਾ ਸਹਿਯੋਗ ਬੇਹੱਦ ਜ਼ਰੂਰੀ ਹੈ।*



# ਬਰਾਨੀ ਹਾਲਤਾਂ 'ਚ ਮੂੰਗਫਲੀ ਦੀ ਸੁਚੱਜੀ ਕਾਸ਼ਤ

• ਡਾ. ਬਲਵਿੰਦਰ ਸਿੰਘ ਢਿੱਲੋਂ
94654-20097

ਮੂੰਗਫਲੀ ਸਾਉਣੀ ਰੁੱਤ ਦੀ ਮੁੱਖ ਤੇਲਬੀਜ ਫ਼ਸਲ ਹੈ। ਪਾਣੀ ਦੀ ਘਾਟ ਵਾਲੀਆਂ ਬਰਾਨੀ ਹਾਲਤਾਂ ਵਿਚ ਇਸ ਫ਼ਸਲ ਦੀ ਕਾਸ਼ਤ ਕਰ ਕੇ ਚੰਗਾ ਮੁਨਾਫ਼ਾ ਕਮਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ ਮੂੰਗਫਲੀ ਦੀ ਫ਼ਸਲ ਮਿੱਟੀ ਦੀ ਉਪਜਾਊ ਸ਼ਕਤੀ 'ਚ ਵੀ ਵਾਧਾ ਕਰਦੀ ਹੈ। ਪੰਜਾਬ ਵਿਚ ਪਿਛਲੇ ਵਰ੍ਹੇ 1.2 ਹਜ਼ਾਰ ਹੈਕਟੇਅਰ ਰਕਬੇ 'ਚ ਮੂੰਗਫਲੀ ਦੀ ਕਾਸ਼ਤ ਕੀਤੀ ਗਈ। ਇਸ ਦੀ ਉਪਜ 2.3 ਹਜ਼ਾਰ ਟਨ ਤੇ ਝਾੜ 19.2 ਕੁਇੰਟਲ ਪ੍ਰਤੀ ਹੈਕਟੇਅਰ (7.68 ਕੁਇੰਟਲ ਪ੍ਰਤੀ ਏਕੜ) ਰਿਹਾ।

## ਉੱਨਤ ਕਿਸਮਾਂ

**ਐੱਸਜੀ-99** : ਇਸ ਦੀਆਂ ਗੱਠੀਆਂ ਦਰਮਿਆਨੇ ਆਕਾਰ ਦੀਆਂ ਤੇ ਮੁੱਖ ਜੜ੍ਹ ਦੇ ਨੇੜੇ ਲਗਦੀਆਂ ਹਨ, ਜਿਸ ਕਰਕੇ ਪੁਟਾਈ ਸਮੇਂ ਘੱਟ ਨੁਕਸਾਨ ਹੁੰਦਾ ਹੈ। ਇਕ ਕੁਇੰਟਲ ਗੱਠੀਆਂ ਵਿੱਚੋਂ 66 ਕਿੱਲੋ ਗਿਰੀਆਂ ਨਿਕਲਦੀਆਂ ਹਨ। 100 ਗਿਰੀਆਂ ਦਾ ਭਾਰ 54 ਗ੍ਰਾਮ ਹੁੰਦਾ ਹੈ, ਜਿਨ੍ਹਾਂ ਵਿਚ 52 ਫ਼ੀਸਦੀ ਤੇਲ ਹੁੰਦਾ ਹੈ। ਇਹ ਕਿਸਮ 123 ਦਿਨਾਂ 'ਚ ਪੱਕ ਜਾਂਦੀ ਹੈ। ਇਹ ਕਿਸਮ ਵਿਸ਼ਾਣੂ ਰੋਗ ਦਾ ਮੁਕਾਬਲਾ ਕਰਨ ਦੇ ਸਮਰੱਥ ਹੈ। ਇਸ ਦਾ ਔਸਤ ਝਾੜ 10 ਕੁਇੰਟਲ ਪ੍ਰਤੀ ਏਕੜ ਹੈ।

**ਟੀਜੀ-37-ਏ** : ਇਹ ਅਗੇਤੀ ਪੱਕਣ ਵਾਲੀ ਗੁੱਛੇਦਾਰ ਕਿਸਮ ਹੈ। ਇਸ ਦੀ ਕਾਸ਼ਤ ਬਹਾਰ ਰੁੱਤ ਵਿਚ ਕਰਨੀ ਚਾਹੀਦੀ ਹੈ। ਇਕ ਕੁਇੰਟਲ ਗੱਠੀਆਂ 'ਚੋ 65 ਕਿੱਲੋ ਗਿਰੀਆਂ ਨਿਕਲਦੀਆਂ ਹਨ। ਇਕ ਗੱਠੀ 'ਚ ਦੋ ਤੋਂ ਤਿੰਨ ਗਿਰੀਆਂ ਹੁੰਦੀਆਂ ਹਨ। ਗਿਰੀਆਂ 'ਚ 48.6 ਫ਼ੀਸਦੀ ਤੇਲ ਹੁੰਦਾ ਹੈ। ਇਹ 101 ਦਿਨਾਂ 'ਚ ਪੱਕ ਜਾਂਦੀ ਹੈ। ਔਸਤ ਝਾੜ 12.3 ਕੁਇੰਟਲ ਪ੍ਰਤੀ ਏਕੜ ਹੈ।

**ਐੱਮ-522** : ਇਹ ਵਿਛਵੀਂ ਕਿਸਮ ਹੈ, ਜਿਸ ਦੀਆਂ ਗੱਠੀਆਂ ਦਰਮਿਆਨੇ ਆਕਾਰ ਦੀਆਂ ਹੁੰਦੀਆਂ ਹਨ। ਗੱਠੀਆਂ ਮੁੱਖ ਜੜ੍ਹ ਦੇ ਨੇੜੇ ਲਗਦੀਆਂ ਹਨ। ਇਕ ਕੁਇੰਟਲ ਗੱਠੀਆਂ 'ਚੋਂ 68 ਕਿੱਲੋ ਗਿਰੀਆਂ ਨਿਕਲਦੀਆਂ ਹਨ। 100 ਗਿਰੀਆਂ ਦਾ ਭਾਰ 65 ਗ੍ਰਾਮ ਹੁੰਦਾ ਹੈ, ਜਿਨ੍ਹਾਂ ਵਿਚ 51 ਫ਼ੀਸਦੀ ਤੇਲ ਹੁੰਦਾ ਹੈ। ਇਹ ਕਿਸਮ 120 ਦਿਨਾਂ 'ਚ ਪੱਕ ਜਾਂਦੀ ਹੈ। ਔਸਤ ਝਾੜ 9 ਕੁਇੰਟਲ ਪ੍ਰਤੀ ਏਕੜ ਹੈ।

## ਕਾਸ਼ਤ ਦੇ ਢੰਗ

**ਜ਼ਮੀਨ ਦੀ ਤਿਆਰੀ** : ਤਵੀਆਂ ਜਾਂ ਹਲ ਨਾਲ ਦੋ ਵਾਰ ਵਹਾਈ ਕਰ ਕੇ ਖੇਤ ਨੂੰ ਤਿਆਰ ਕਰੋ। ਲੋੜ ਪਵੇ ਤਾਂ ਬਰਾਨੀ ਹਾਲਤਾਂ ਵਿਚ ਤੀਸਰੀ ਵਹਾਈ ਅਖ਼ੀਰ ਜੁਲਾਈ ਵਿਚ ਕਰੋ।

**ਬੀਜ ਦੀ ਸੋਧ** : ਬਿਜਾਈ ਤੋਂ ਕਰੀਬ 15 ਦਿਨ ਪਹਿਲਾਂ ਮੋਟੀਆਂ ਗੱਠੀਆਂ ਵਿੱਚੋਂ ਹੱਥਾਂ ਨਾਲ ਗਿਰੀਆਂ ਕੱਢ ਲਵੋ। ਗਿਰੀਆਂ ਕੱਢਣ ਵਾਲੀ ਮਸ਼ੀਨ ਨਾਲ ਗਿਰੀਆਂ ਕੱਢਣਾ ਸਸਤਾ ਹੈ ਅਤੇ ਇਸ ਨਾਲ 6-8 ਗੁਣਾ ਵਧੇਰੇ ਕੰਮ ਹੁੰਦਾ ਹੈ। ਬਹੁਤ ਛੋਟੀਆਂ, ਸੁੱਕੀਆਂ ਤੇ ਬਿਮਾਰੀ ਵਾਲੀਆਂ ਗਿਰੀਆਂ ਬੀਜਣ ਲਈ ਨਾ ਵਰਤੋ। ਸਿਹਤਮੰਦ ਤੇ ਨਰੋਈਆਂ ਗਿਰੀਆਂ ਨੂੰ ਛਾਂਟ ਕੇ 5 ਗ੍ਰਾਮ 'ਥੀਰਮ' ਪ੍ਰਤੀ ਕਿੱਲੋ ਜਾਂ 3 ਗ੍ਰਾਮ ਇੰਡੋਫਿਲ ਐੱਮ-45 ਪ੍ਰਤੀ ਕਿੱਲੋ ਗਿਰੀਆਂ ਦੇ ਹਿਸਾਬ ਨਾਲ ਬਿਜਾਈ ਤੋਂ ਪਹਿਲਾਂ ਸੋਧ ਲਵੋ।

**ਬਿਜਾਈ ਦਾ ਸਮਾਂ ਤੇ ਢੰਗ** : ਬਰਾਨੀ ਹਾਲਤਾਂ ਵਿਚ ਮੂੰਗਫਲੀ ਦੀ ਬਿਜਾਈ ਮੌਨਸੂਨ ਸ਼ੁਰੂ ਹੋਣ ਉਪਰੰਤ ਕਰੋ। ਇਸ ਨਾਲ ਇਹ ਫ਼ਸਲ ਕਣਕ ਬੀਜਣ ਲਈ ਖੇਤ ਨੂੰ ਸਮੇਂ ਸਿਰ ਵਿਹਲਾ ਕਰ ਦੇਵੇਗੀ। ਬਿਜਾਈ ਤੋਂ ਤੁਰੰਤ ਬਾਅਦ ਖੇਤ 'ਚ ਵੱਟਾਂ ਪਾ ਕੇ ਲੋੜ ਅਨੁਸਾਰ ਕਿਆਰੇ ਬਣਾ ਲਵੋ ਤਾਂ ਜੋ ਲੋੜ ਪੈਣ 'ਤੇ ਹਲਕਾ ਪਾਣੀ ਲਾਇਆ ਜਾ ਸਕੇ। ਪੰਜ ਸੈਂਟੀਮੀਟਰ ਡੂੰਘਾਈ ਤੇ ਬਿਜਾਈ ਕੇਰੇ, ਪੋਰੇ ਜਾਂ ਡਰਿਲ ਨਾਲ ਕਰੋ। ਮੂੰਗਫਲੀ ਬੀਜਣ ਵਾਲੀਆਂ ਮਸ਼ੀਨਾਂ ਵੀ ਮਿਲਦੀਆਂ ਹਨ।

**ਬੀਜ ਦੀ ਮਾਤਰਾ** : ਮੂੰਗਫਲੀ ਦੀ ਟੀਜੀ-37-ਏ ਕਿਸਮ ਲਈ 32 ਕਿੱਲੋ, ਐੱਸਜੀ-99 ਕਿਸਮ ਲਈ 40 ਕਿੱਲੋ ਅਤੇ ਐੱਮ-522 ਕਿਸਮ ਲਈ 38 ਕਿੱਲੋ ਗਿਰੀਆਂ ਪ੍ਰਤੀ ਏਕੜ ਦੇ ਹਿਸਾਬ ਨਾਲ ਬੀਜ ਦੇ ਤੌਰ 'ਤੇ ਵਰਤੋਂ। ਟੀਜੀ-37-ਏ ਅਤੇ ਐੱਸਜੀ-99 ਕਿਸਮ ਲਈ ਬੂਟੇ ਤੋਂ ਬੂਟੇ ਦਰਮਿਆਨ ਫ਼ਾਸਲਾ 15 ਸੈਂਟੀਮੀਟਰ ਅਤੇ ਐੱਮ-522 ਕਿਸਮ ਲਈ ਫ਼ਾਸਲਾ 22.5 ਸੈਂਟੀਮੀਟਰ ਰੱਖੋ।

### ਸਿੰਚਾਈ

*ਮੌਸਮੀ ਵਰਖਾ ਅਨੁਸਾਰ 2 ਜਾਂ 3 ਪਾਣੀ ਮੂੰਗਫਲੀ ਲਈ ਜ਼ਰੂਰੀ ਹਨ। ਜੇ ਬਰਸਾਤ ਲੋੜ ਅਨੁਸਾਰ ਨਾ ਹੋਵੇ ਤਾਂ ਪਹਿਲਾ ਪਾਣੀ ਫੁੱਲ ਪੈਣ ਸਮੇਂ ਲਗਾਉ। ਗੱਠੀਆਂ ਦੇ ਠੀਕ ਵਾਧੇ ਲਈ ਗੱਠੀਆਂ ਪੈਣ ਸਮੇਂ ਮੌਨਸੂਨ ਅਨੁਸਾਰ ਇਕ ਜਾਂ ਦੋ ਪਾਣੀ ਹੋਰ ਲਗਾਉ। ਮੂੰਗਫਲੀ ਦੀ ਆਸਾਨ ਪੁਟਾਈ ਲਈ ਪੁਟਾਈ ਤੋਂ ਕੁਝ ਦਿਨ ਪਹਿਲਾਂ ਇਕ ਪਾਣੀ ਲਗਾਉ।*



## ਖਾਦਾਂ ਦਾ ਪ੍ਰਬੰਧ

ਦਰਮਿਆਨੀਆਂ ਉਪਜਾਊ ਜ਼ਮੀਨਾਂ ਲਈ ਨਾਈਟ੍ਰੋਜਨ ਤੱਤ ਵਾਲੀਆਂ ਖਾਦਾਂ ਦੀ ਵਰਤੋਂ 6 ਕਿੱਲੋ ਖਾਦ ਪ੍ਰਤੀ ਏਕੜ ਦੇ ਹਿਸਾਬ ਨਾਲ ਵਰਤੋਂ। ਫਾਸਫੋਰਸਰਸ 8 ਕਿੱਲੋ, ਪੋਟਾਸ਼ 10 ਕਿੱਲੋ, ਯੂਰੀਆ 13 ਕਿੱਲੋ, ਸਿੰਗਲ ਸੁਪਰਫਾਸਫੇਟ 50 ਕਿੱਲੋ, ਮਿਊਰੇਟ ਆਫ ਪੋਟਾਸ਼ 17 ਕਿੱਲੋ ਅਤੇ ਜਿਪਸਮ ਦੀ 50 ਕਿੱਲੋ ਮਾਤਰਾ ਪ੍ਰਤੀ ਏਕੜ ਦੇ ਹਿਸਾਬ ਨਾਲ ਵਰਤੋ। ਘੱਟ ਅਤੇ ਵੱਧ ਉਪਜਾਊ ਜ਼ਮੀਨਾਂ ਲਈ ਖਾਦਾਂ ਦੀ ਵਰਤੋਂ ਮਿੱਟੀ ਪਰਖ ਦੇ ਆਧਾਰ 'ਤੇ ਕਰੋ। ਮਿੱਟੀ ਦੀ ਪਰਖ ਅਨੁਸਾਰ ਪੋਟਾਸ਼ ਦੀ ਘਾਟ ਹੋਣ 'ਤੇ ਇਸ ਤੱਤ ਦੀ ਵਰਤੋਂ ਕਰੋ। ਕਣਕ-ਮੂੰਗਫ਼ਲੀ ਦੇ ਫ਼ਸਲੀ ਚੱਕਰ 'ਚ ਜੇ ਕਣਕ ਨੂੰ ਸਿਫ਼ਾਰਸ਼ ਕੀਤੀ ਮਾਤਰਾ 'ਚ ਫਾਸਫੋਰਸ ਤੱਤ ਦਿੱਤਾ ਗਿਆ ਹੋਵੇ ਤਾਂ ਉਸ ਖੇਤ ਵਿਚ ਮੂੰਗਫਲੀ ਨੂੰ ਫਾਸਫੋਰਸ ਤੱਤ ਪਾਉਣ ਦੀ ਲੋੜ ਨਹੀਂ। ਜਿਪਸਮ ਦਾ ਛੱਟਾ ਦੇ ਦਿਉ ਤੇ ਹੋਰ ਸਾਰੀ ਖਾਦ ਬਿਜਾਈ ਸਮੇਂ ਡਰਿਲ ਕਰ ਦਿਉ।

**ਜ਼ਿੰਕ ਦੀ ਘਾਟ** : ਪੌਦੇ ਦੇ ਉੱਪਰਲੇ ਅੱਧੇ ਹਿੱਸੇ ਦੇ ਪੱਤੇ ਛੋਟੇ ਆਕਾਰ ਦੇ ਰਹਿ ਜਾਂਦੇ ਹਨ। ਪੱਤਿਆਂ ਦਾ ਰੰਗ ਹਲਕਾ ਪੀਲਾ ਹੋ ਜਾਂਦਾ ਹੈ। ਜਦੋਂ ਜ਼ਿੰਕ ਦੀ ਘਾਟ ਗੰਭੀਰ ਹੋਵੇ ਤਾਂ ਪੌਦਾ ਪੂਰਾ ਵਧਦਾ-ਫੁੱਲਦਾ ਨਹੀਂ ਤੇ ਗਿਰੀਆਂ ਸੁੰਗੜ ਜਾਂਦੀਆਂ ਹਨ। ਅਜਿਹੀ ਹਾਲਤ ਵਿਚ 25 ਕਿੱਲੋ ਜ਼ਿੰਕ ਸਲਫੇਟ ਹੈਪਟਾਹਾਈਡ੍ਰੇਟ (21 ਫ਼ੀਸਦੀ) ਜਾਂ 16 ਕਿੱਲੋ ਜ਼ਿੰਕ ਸਲਫੇਟ ਮੋਨੋਹਾਈਡ੍ਰੇਟ (33 ਫ਼ੀਸਦੀ) ਪ੍ਰਤੀ ਏਕੜ ਪਾਉ। ਜ਼ਿੰਕ ਸਲਫੇਟ ਦੀ ਏਨੀ ਮਿਕਦਾਰ ਦੋ-ਤਿੰਨ ਸਾਲ ਫ਼ਸਲ ਪੈਦਾ ਕਰਨ ਲਈ ਕਾਫ਼ੀ ਹੈ।

## ਨਦੀਨਾਂ ਦੀ ਰੋਕਥਾਮ

ਦੋ ਗੋਡੀਆਂ ਬਿਜਾਈ ਤੋਂ 3 ਹਫ਼ਤੇ ਅਤੇ 6 ਹਫ਼ਤੇ ਬਾਅਦ ਕਰੋ। ਅਰੈਕਨੀ ਘਾਹ, ਕਾਂ ਮੱਕੀ ਆਦਿ ਦੀ ਰੋਕਥਾਮ ਲਈ ਬਿਜਾਈ ਤੋਂ ਦੋ ਦਿਨਾਂ ਦੇ ਅੰਦਰ 1.0 ਲੀਟਰ ਪ੍ਰਤੀ ਏਕੜ ਦੇ ਹਿਸਾਬ ਨਾਲ ਸਟੌਂਪ 30 ਈਸੀ (ਪੈਂਡੀਮੈਥਾਲਿਨ) ਨੂੰ 200 ਲੀਟਰ ਪਾਣੀ 'ਚ ਘੋਲ ਕੇ ਛਿੜਕਾਅ ਕਰੋ ਤੇ ਬਿਜਾਈ ਤੋਂ 45 ਦਿਨਾਂ ਬਾਅਦ ਇਕ ਗੋਡੀ ਕਰੋ। •



### ਫ਼ਸਲ ਦੀ ਪੁਟਾਈ

*ਬਹਾਰ ਤੇ ਸਾਉਣੀ ਦੀ ਫ਼ਸਲ ਦਾ ਪਤਰਾਲ ਪੱਕਣ ਸਮੇਂ ਹਰਾ ਹੀ ਰਹਿੰਦਾ ਹੈ। ਬੂਟੇ ਪੁੱਟਣ ਉਪਰੰਤ ਜੇ ਦੋ ਤਿਹਾਈ ਗਿਰੀਆਂ ਦਾ ਰੰਗ ਗੁਲਾਬੀ ਅਤੇ ਗੱਠੀਆਂ ਦਾ ਛਿਲਕਾ ਅੰਦਰੋਂ ਭੂਰੇ ਜਾਂ ਕਾਲੇ ਰੰਗ ਦਾ ਹੋਵੇ ਤਾਂ ਇਹ ਫ਼ਸਲ ਦੇ ਪੱਕਣ ਦੀ ਨਿਸ਼ਾਨੀ ਹੈ। ਬਰਾਨੀ ਫ਼ਸਲ ਆਮ ਤੌਰ 'ਤੇ ਨਵੰਬਰ ਦੇ ਸ਼ੁਰੂ 'ਚ ਪੱਕ ਜਾਂਦੀ ਹੈ। ਪੱਕਣ 'ਤੇ ਸਾਰੀ ਫ਼ਸਲ ਇਕਸਾਰ ਪੀਲੀ ਹੋ ਜਾਂਦੀ ਹੈ ਤੇ ਪੁਰਾਣੇ ਪੱਤੇ ਝੜ ਜਾਂਦੇ ਹਨ। ਮੂੰਗਫਲੀ ਪੁੱਟਣ ਲਈ ਟ੍ਰੈਕਟਰ ਨਾਲ ਚੱਲਣ ਵਾਲੀ ਮਸ਼ੀਨ ਦੀ ਵਰਤੋਂ ਕੀਤੀ ਜਾ ਸਕਦੀ ਹੈ। ਮਸ਼ੀਨ ਦੀ ਠੀਕ ਵਰਤੋਂ ਲਈ ਜ਼ਮੀਨ 'ਚ ਪੂਰੀ ਸਿੱਲ੍ਹ ਹੋਣੀ ਲਾਜ਼ਮੀ ਹੈ। ਦੂਸਰਾ ਇਹ ਕਿ ਫ਼ਸਲ ਬਹੁਤ ਜ਼ਿਆਦਾ ਪੱਕੀ ਨਹੀਂ ਹੋਣੀ ਚਾਹੀਦੀ। ਪੁੱਟੀ ਹੋਈ ਫ਼ਸਲ ਦੇ ਛੋਟੇ-ਛੋਟੇ ਢੇਰਾਂ ਨੂੰ ਦੋ ਦਿਨਾਂ ਲਈ ਖੇਤ 'ਚ ਪਏ ਰਹਿਣ ਦਿਉ। ਇਸ ਪਿੱਛੋਂ ਫ਼ਸਲ ਨੂੰ ਇਕ ਥਾਂ ਇਕੱਠੀ ਕਰ ਕੇ ਰੋਜ਼ਾਨਾ ਦੋ-ਤਿੰਨ ਵਾਰ, ਦੋ-ਤਿੰਨ ਦਿਨਾਂ ਲਈ ਤਰੰਗਲੀ ਨਾਲ ਝਾੜਦੇ ਰਹੋ ਅਤੇ ਟਾਂਗਰ ਨਾਲੋਂ ਗੱਠੀਆਂ ਤੇ ਪੱਤੇ ਵੱਖ ਕਰ ਲਉ। ਇਸ ਤੋਂ ਬਾਅਦ ਉਡਾਈ ਕਰ ਕੇ ਗੱਠੀਆਂ ਨੂੰ ਪੱਤਿਆਂ ਨਾਲੋਂ ਵੱਖ ਕਰ ਦਿਉ।*

# ਸਾਉਣੀ ਰੁੱਤ 'ਚ ਮੂੰਗੀ ਤੇ ਮਾਂਹ ਦੀ ਪੈਦਾਵਾਰ

*ਮੂੰਗੀ ਤੇ ਮਾਂਹ ਦੀਆਂ ਫ਼ਸਲਾਂ ਫਲੀਦਾਰ ਹੋਣ ਕਾਰਨ ਇਨ੍ਹਾਂ ਦੀਆਂ ਜੜ੍ਹਾਂ 'ਚ ਮੌਜੂਦ ਰਾਈਜ਼ੋਬੀਅਮ ਬੈਕਟੀਰੀਆ ਹਵਾ 'ਚੋਂ ਨਾਈਟ੍ਰੋਜਨ ਪ੍ਰਾਪਤ ਕਰ ਕੇ ਜ਼ਮੀਨ 'ਚ ਜਮ੍ਹਾਂ ਕਰਦੇ ਹਨ ਤੇ ਫ਼ਸਲ ਲਈ ਇਸ ਤੱਤ ਦੀ ਲੋੜ ਨੂੰ ਪੂਰਾ ਕਰਦੇ ਹਨ...*

• ਠਾਕਰ ਸਿੰਘ, ਜਗਮੋਹਨ ਕੌਰ
98145-44422

ਦਾਲਾਂ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਵਧਾ ਕੇ ਖੇਤੀ ਪੈਦਾਵਾਰ 'ਚ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ। ਦਾਲਾਂ ਮਨੁੱਖੀ ਖ਼ੁਰਾਕ ਦਾ ਅਹਿਮ ਹਿੱਸਾ ਹਨ ਕਿਉਂਕਿ ਇਨ੍ਹਾਂ ਵਿਚ 20 ਤੋਂ 25 ਫ਼ੀਸਦੀ ਪ੍ਰੋਟੀਨ ਤੇ ਹੋਰ ਜ਼ਰੂਰੀ ਤੱਤ ਹੁੰਦੇ ਹਨ। ਦਾਲਾਂ ਪ੍ਰੋਟੀਨ ਦਾ ਸਸਤਾ ਸਰੋਤ ਹਨ। ਦਾਲਾਂ ਦੀਆਂ ਜੜ੍ਹਾਂ 'ਚ ਮੌਜੂਦ ਰਾਈਜ਼ੋਬੀਅਮ ਬੈਕਟੀਰੀਆ ਹਵਾ 'ਚੋਂ ਨਾਈਟ੍ਰੋਜਨ ਪ੍ਰਾਪਤ ਕਰ ਕੇ ਜ਼ਮੀਨ 'ਚ ਜਮ੍ਹਾਂ ਕਰਦੇ ਹਨ ਤੇ ਫ਼ਸਲ ਲਈ ਇਸ ਤੱਤ ਦੀ ਲੋੜ ਨੂੰ ਪੂਰਾ ਕਰਦੇ ਹਨ। ਇਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵਧਦੀ ਹੈ। ਇਕ ਏਕੜ 'ਚ ਬੀਜੀ ਹੋਈ ਦਾਲ ਦੀ ਫ਼ਸਲ 5 ਤੋਂ 15 ਕਿੱਲੋ ਨਾਈਟ੍ਰੋਜਨ ਮਿੱਟੀ 'ਚ ਜਮ੍ਹਾਂ ਕਰਨ ਦੇ ਸਮਰੱਥ ਹੁੰਦੀ ਹੈ। ਦਾਲਾਂ ਦੀ ਫ਼ਸਲ 'ਚ ਖਾਦਾਂ ਤੇ ਪਾਣੀ ਦੀ ਖਪਤ ਵੀ ਘੱਟ ਹੁੰਦੀ ਹੈ। ਇਨ੍ਹਾਂ ਦੇ ਪੱਤੇ ਮਿੱਟੀ ਦੇ ਭੌਤਿਕ ਗੁਣਾਂ (ਮਿੱਟੀ ਦੀ ਘਣਤਾ, ਪਾਣੀ ਦੇ ਮਿੱਟੀ 'ਚ ਜਜ਼ਬ ਹੋਣ ਦੀ ਸ਼ਕਤੀ) 'ਚ ਵਾਧਾ ਕਰਦੇ ਹਨ। ਇਹ ਫ਼ਸਲੀ ਵਿਭਿੰਨਤਾ ਲਿਆਉਣ 'ਚ ਵੀ ਅਹਿਮ ਰੋਲ ਅਦਾ ਕਰਦੀਆਂ ਹਨ। ਦਾਲਾਂ ਦੇ ਘੱਟ ਝਾੜ ਦਾ ਮੁੱਖ ਕਾਰਨ ਇਨ੍ਹਾਂ ਦੀ ਕਾਸ਼ਤ ਹਲਕੀ ਤੇ ਘੱਟ ਉਪਜਾਊ ਜ਼ਮੀਨ 'ਤੇ ਕਰਨਾ ਹੈ। ਪੰਜਾਬ 'ਚ ਸਾਉਣੀ ਰੁੱਤੇ ਮੁੱਖ ਤੌਰ 'ਤੇ ਮੂੰਗੀ ਤੇ ਮਾਂਹ ਬੀਜੇ ਜਾਂਦੇ ਹਨ।

## ਫ਼ਸਲੀ ਚੱਕਰ

ਸਾਉਣੀ ਰੁੱਤ ਵਿਚ ਮੂੰਗੀ ਨੂੰ ਰਾਇਆ ਤੇ ਕਣਕ ਤੋਂ ਬਾਅਦ ਜਾਂ ਰਾਇਆ/ਕਣਕ-ਗਰਮ ਰੁੱਤ ਦੀ ਮੂੰਗੀ ਤੋਂ ਬਾਅਦ ਲਗਾਇਆ ਜਾ ਸਕਦਾ ਹੈ। ਮਾਂਹ ਦੀ ਫ਼ਸਲ ਕਣਕ ਤੋਂ ਬਾਅਦ ਬੀਜੀ ਜਾ ਸਕਦੀ ਹੈ।

## ਖੇਤ ਦੀ ਤਿਆਰੀ

ਮੂੰਗੀ ਤੇ ਮਾਂਹ ਵੱਖ-ਵੱਖ ਤਰ੍ਹਾਂ ਦੀਆਂ ਚੰਗੇ ਜਲ-ਨਿਕਾਸ ਵਾਲੀਆਂ ਜ਼ਮੀਨਾਂ 'ਚ ਬੀਜੇ ਜਾ ਸਕਦੇ ਹਨ। ਚੰਗੇ ਜਲ ਨਿਕਾਸ ਵਾਲੀਆਂ ਮੱਧਮ ਤੋਂ ਭਾਰੀਆਂ ਜ਼ਮੀਨਾਂ ਇਨ੍ਹਾਂ ਦੀ ਕਾਸ਼ਤ ਲਈ ਕਾਫ਼ੀ ਢੁੱਕਵੀਆਂ ਹਨ। ਦਾਲਾਂ ਖਾਰੇਪਣ, ਲੂਣੇਪਣ ਤੇ ਸੇਮ ਨੂੰ ਨਹੀਂ ਸਹਿ ਸਕਦੀਆਂ ਕਿਉਂਕਿ ਇਨ੍ਹਾਂ ਕਾਰਨਾਂ ਨਾਲ ਬੀਜ ਦੇ ਉੱਗਣ ਤੇ ਜੜ੍ਹਾਂ ਵਿਚ ਨਾਈਟ੍ਰੋਜਨ ਤੱਤ ਵਾਲੀਆਂ ਥੈਲੀਆਂ ਬਣਨ 'ਤੇ ਮਾੜਾ ਅਸਰ ਪੈਂਦਾ ਹੈ। ਚੰਗੀ ਫ਼ਸਲ ਲੈਣ ਲਈ ਖੇਤ ਨਦੀਨਾਂ ਤੇ ਢੇਲਿਆਂ ਤੋਂ ਰਹਿਤ ਹੋਣਾ ਚਾਹੀਦਾ ਹੈ। ਬੀਜ ਦੇ ਠੀਕ ਪੁੰਗਾਰੇ ਲਈ ਖੇਤ ਭੁਰਭੁਰਾ ਹੋਣਾ ਚਾਹੀਦਾ ਹੈ। ਮਿੱਟੀ ਨੂੰ ਭੁਰਭੁਰਾ ਬਣਾਉਣ ਲਈ 2-3 ਵਾਰ ਵਾਹ ਕੇ ਹਰ ਵਾਰ ਸੁਹਾਗਾ ਮਾਰਨਾ ਚਾਹੀਦਾ ਹੈ।

## ਉੱਨਤ ਕਿਸਮਾਂ

ਪੀਏਯੂ ਵੱਲੋਂ ਮੂੰਗੀ ਦੀਆਂ ਐੱਮਐੱਲ-2056 ਅਤੇ ਐੱਮਐੱਲ-818 ਕਿਸਮਾਂ ਦੀ ਬਿਜਾਈ ਲਈ ਸਿਫ਼ਾਰਸ਼ ਕੀਤੀ ਗਈ ਹੈ। ਇਹ ਕਿਸਮਾਂ ਪੀਲਾ ਚਿਤਕਬਰਾ ਰੋਗ ਤੇ ਪੱਤਿਆਂ ਦੇ ਧੱਬਿਆਂ ਦੇ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹਨ। ਮਾਂਹ ਦੀਆਂ ਮਾਂਹ-114 ਅਤੇ ਮਾਂਹ-338 ਉੱਨਤ ਕਿਸਮਾਂ ਹਨ। ਇਹ ਕਿਸਮਾਂ ਚਿਤਕਬਰਾ ਰੋਗ ਤੇ ਪੱਤਿਆਂ ਦੇ ਧੱਬਿਆਂ ਦੇ ਰੋਗ ਦਾ ਟਾਕਰਾ ਕਰਨ ਦੇ ਸਮਰੱਥ ਹਨ।

### ਬੀਜ ਨੂੰ ਟੀਕਾ ਲਗਾਉਣਾ

*ਮੂੰਗੀ ਨੂੰ ਟੀਕਾ ਲਗਾਉਣ ਨਾਲ ਝਾੜ 'ਚ 12-16 ਫ਼ੀਸਦੀ ਵਾਧਾ ਹੁੰਦਾ ਹੈ। ਇਹ ਟੀਕਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਇਕਰੋਬਾਇਆਲੋਜੀ ਵਿਭਾਗ ਪਾਸੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਬੀਜ ਨੂੰ ਥੋੜ੍ਹਾ ਜਿਹਾ ਗਿੱਲਾ ਕਰ ਕੇ ਇਕ ਏਕੜ ਲਈ ਦਿੱਤੇ ਗਏ ਟੀਕੇ ਨਾਲ ਚੰਗੀ ਤਰ੍ਹਾਂ ਰਲਾ ਲਵੋ ਤੇ ਫਿਰ ਇਸ ਬੀਜ ਨੂੰ ਛਾਵੇਂ ਫ਼ਰਸ਼ 'ਤੇ ਖਿਲਾਰ ਦਿਉ।*

## ਬੀਜ ਦੀ ਮਾਤਰਾ

ਬੀਜ ਦੀ ਸਿਫ਼ਾਰਸ਼ ਕੀਤੀ ਮਾਤਰਾ ਹੀ ਵਰਤੋ ਤਾਂ ਕਿ ਬੂਟਿਆਂ ਦੀ ਪੂਰੀ ਗਿਣਤੀ ਹੋ ਸਕੇ ਤੇ ਵਧੀਆ ਝਾੜ ਲਿਆ ਜਾ ਸਕੇ। ਸਾਉਣੀ ਰੁੱਤ ਦੀ ਮੂੰਗੀ ਲਈ 8 ਕਿੱਲੋ ਅਤੇ ਮਾਂਹ ਲਈ 6-8 ਕਿੱਲੋ ਬੀਜ ਪ੍ਰਤੀ ਏਕੜ ਵਰਤੋ। ਬੀਜ ਭਰੋਸੇਮੰਦ ਸੰਸਥਾ ਤੋਂ ਹੀ ਖ਼ਰੀਦੋ। ਬਿਜਾਈ ਤੋਂ ਪਹਿਲਾਂ ਬੀਜ ਨੂੰ ਸੋਧਣ ਨਾਲ ਕਈ ਬਿਮਾਰੀਆਂ ਤੋਂ ਨਿਜਾਤ ਪਾਈ ਜਾ ਸਕਦੀ ਹੈ। ਬੀਜ ਨੂੰ ਸੋਧਣ ਲਈ ਉੱਲੀਨਾਸ਼ਕ ਦਵਾਈਆਂ 'ਕੈਪਟਾਨ' ਜਾਂ 'ਥੀਰਮ' ਦਵਾਈ 3 ਗ੍ਰਾਮ ਪ੍ਰਤੀ ਕਿੱਲੋ ਬੀਜ ਲਈ ਵਰਤੋ।

## ਬਿਜਾਈ ਦਾ ਸਮਾਂ

ਵਧੇਰੇ ਝਾੜ ਲੈਣ ਲਈ ਬਿਜਾਈ ਦਾ ਠੀਕ ਸਮਾਂ ਤੇ ਠੀਕ ਤਰੀਕਾ ਬਹੁਤ ਮਹੱਤਵਪੂਰਨ ਹਨ। ਮੂੰਗੀ ਨੂੰ ਜੁਲਾਈ ਮਹੀਨੇ ਡਰਿਲ/ਪੋਰੇ ਜਾਂ ਕੇਰੇ ਨਾਲ 4-6 ਸੈਂਟੀਮੀਟਰ ਡੂੰਘਾ, 30 ਸੈਂਟੀਮੀਟਰ ਕਤਾਰ ਤੋਂ ਕਤਾਰ ਦੇ ਫ਼ਾਸਲੇ ਤੇ 10 ਸੈਂਟੀਮੀਟਰ ਬੂਟੇ ਤੋਂ ਬੂਟੇ ਦੇ ਫ਼ਾਸਲੇ 'ਤੇ ਬੀਜੋ। ਵਧੇਰੇ ਝਾੜ ਲੈਣ ਲਈ ਅੱਧਾ-ਅੱਧਾ ਬੀਜ ਪਾ ਕੇ 30 ਸੈਂਟੀਮੀਟਰ ਵਿੱਥ ਤੇ ਦੋ-ਪਾਸੀ ਬਿਜਾਈ ਕਰੋ। ਮੂੰਗੀ ਦੀ ਬਿਜਾਈ ਜ਼ੀਰੋ ਟਿਲ ਡਰਿੱਲ ਨਾਲ ਵੀ ਕੀਤੀ ਜਾ ਸਕਦੀ ਹੈ। ਜੇ ਬਿਨਾਂ ਵਾਹੇ ਖੇਤ 'ਚ ਬਿਜਾਈ ਕਰਨੀ ਹੋਵੇ ਤੇ ਬੀਜਣ ਤੋਂ ਪਹਿਲਾਂ ਨਦੀਨ ਜ਼ਿਆਦਾ ਹੋਣ ਤਾਂ ਨਦੀਨਾਂ ਤੋਂ ਨਿਜਾਤ ਪਾਉਣ ਲਈ 500 ਮਿਲੀਲਿਟਰ ਗ੍ਰਾਮੈਕਸੋਨ 24 ਐੱਸਐੱਲ (ਪੈਰਾਕੁਇਟ) ਨੂੰ 200 ਲੀਟਰ ਪਾਣੀ 'ਚ ਮਿਲਾ ਕੇ ਛਿੜਕਾਅ ਕਰੋ। ਮੂੰਗੀ ਨੂੰ ਕਣਕ ਵਾਂਗ ਬੈੱਡਾਂ 'ਤੇ ਵੀ ਬੀਜਿਆ ਜਾ ਸਕਦਾ ਹੈ। ਇਸ ਲਈ 67.5 ਸੈਂਟੀਮੀਟਰ ਦੀ ਵਿੱਥ 'ਤੇ ਬਣੇ ਬੈੱਡਾਂ ਉੱਪਰ ਮੂੰਗੀ ਦੀਆਂ ਦੋ ਕਤਾਰਾਂ 20 ਸੈਂਟੀਮੀਟਰ ਦੇ ਫ਼ਾਸਲੇ 'ਤੇ ਬੀਜੋ। ਬੈੱਡਾਂ 'ਤੇ ਬਿਜਾਈ ਕਰਨ ਨਾਲ ਪਾਣੀ ਦੀ ਬੱਚਤ ਵੀ ਹੁੰਦੀ ਹੈ ਅਤੇ ਇਹ ਖੇਤ ਵਿਚ ਜ਼ਿਆਦਾ ਪਾਣੀ ਖੜ੍ਹਾ ਹੋਣ ਦੇ ਨੁਕਸਾਨ ਤੋਂ ਵੀ ਬਚਾਉਂਦੇ ਹਨ। ਮਾਂਹ ਦੀ ਬਿਜਾਈ ਨੀਮ ਪਹਾੜੀ ਇਲਾਕਿਆਂ ਵਿਚ ਸੇਂਜੂ ਹਾਲਤਾਂ ਵਿਚ ਜੁਲਾਈ ਅਖ਼ੀਰ ਤਕ ਕੀਤੀ ਜਾ ਸਕਦੀ ਹੈ। ਬਿਜਾਈ ਕੇਰੇ ਜਾਂ ਪੋਰੇ ਜਾਂ ਡਰਿੱਲ ਨਾਲ 4-6 ਸੈਂਟੀਮੀਟਰ ਡੂੰਘਾਈ ਅਤੇ 30 ਸੈਂਟੀਮੀਟਰ ਦੀਆਂ ਕਤਾਰਾਂ 'ਤੇ ਕਰੋ।

### ਸਿੰਚਾਈ

*ਸਾਉਣੀ ਦੇ ਮੌਸਮ 'ਚ ਅਕਸਰ ਸਿੰਚਾਈ ਦੀ ਲੋੜ ਨਹੀਂ ਪੈਂਦੀ ਪਰ ਜੇ ਮੀਂਹ ਨਾ ਪੈਣ ਤਾਂ ਫ਼ਸਲ ਨੂੰ ਲੋੜ ਅਨੁਸਾਰ ਪਾਣੀ ਲਗਾਉ।*

## ਖਾਦਾਂ

ਮਿੱਟੀ ਪਰਖ ਦੇ ਆਧਾਰ 'ਤੇ ਖਾਦਾਂ ਦੀ ਵਰਤੋਂ ਕਰੋ। ਦਾਲਾਂ ਨੂੰ ਘੱਟ ਮਾਤਰਾ ਵਿਚ ਨਾਈਟ੍ਰੋਜਨ ਵਾਲੀਆਂ ਖਾਦਾਂ ਦੀ ਲੋੜ ਹੁੰਦੀ ਹੈ। ਮੱਧਮ ਵਰਗ ਦੀ ਉਪਜਾਊ ਮਿੱਟੀ ਲਈ ਮੂੰਗੀ ਵਾਸਤੇ 5 ਕਿੱਲੋ ਨਾਈਟ੍ਰੋਜਨ (11 ਕਿੱਲੋ ਯੂਰੀਆ) ਅਤੇ 16 ਕਿੱਲੋ ਫਾਸਫੋਰਸ (100 ਕਿੱਲੋ ਸਿੰਗਲ ਸੁਪਰਫਾਸਫੇਟ) ਪ੍ਰਤੀ ਏਕੜ ਪਾਉ। ਮਾਂਹ ਨੂੰ ਵੀ 5 ਕਿੱਲੋ ਨਾਈਟ੍ਰੋਜਨ ਤੇ 10 ਕਿੱਲੋ ਫਾਸਫੋਰਸ (60 ਕਿੱਲੋ ਸਿੰਗਲ ਸੁਪਰਫਾਸਫੇਟ) ਬਿਜਾਈ ਸਮੇਂ ਪਾਓ।

## ਨਦੀਨ ਪ੍ਰਬੰਧ

ਨਦੀਨਾਂ ਤੋਂ ਨਿਜਾਤ ਪਾਉਣ ਲਈ ਮੂੰਗੀ ਵਿਚ ਇਕ ਜਾਂ ਦੋ ਗੋਡੀਆਂ ਕਰੋ। ਪਹਿਲੀ ਗੋਡੀ ਬਿਜਾਈ ਤੋਂ 4 ਹਫ਼ਤੇ ਪਿੱਛੋਂ ਤੇ ਦੂਜੀ ਉਸ ਤੋਂ 2 ਹਫ਼ਤੇ ਪਿੱਛੋਂ ਕਰੋ। ਨਦੀਨ ਨਾਸ਼ਕਾਂ ਨਾਲ ਵੀ ਨਦੀਨਾਂ ਤੋਂ ਨਿਜਾਤ ਪਾਈ ਜਾ ਸਕਦੀ ਹੈ। ਮੂੰਗੀ ਵਿਚ ਇਕ ਲੀਟਰ ਸਟੌਂਪ 30 ਈਸੀ (ਪੈਂਡੀਮੈਥਾਲੀਨ) ਦੇ ਛਿੜਕਾਅ ਨਾਲ ਜਾਂ 600 ਮਿਲੀਲਿਟਰ ਸਟੌਂਪ 30 ਈਸੀ ਪ੍ਰਤੀ ਏਕੜ ਵਰਤੋਂ ਤੇ ਬਿਜਾਈ ਤੋਂ ਚਾਰ ਹਫ਼ਤੇ ਬਾਅਦ ਇਕ ਗੋਡੀ ਕਰਨ ਨਾਲ ਵੀ ਨਦੀਨਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ। ਸਟੌਂਪ ਦਾ ਛਿੜਕਾਅ ਬਿਜਾਈ ਤੋਂ ਦੋ ਦਿਨਾਂ ਦੇ ਅੰਦਰ 200 ਲੀਟਰ ਪਾਣੀ ਦੀ ਵਰਤੋਂ ਕਰ ਕੇ ਕਰੋ। ਮਾਂਹ ਵਿਚ ਨਦੀਨਾਂ ਤੋਂ ਨਿਜਾਤ ਲਈ ਇਕ ਗੋਡੀ ਬਿਜਾਈ ਤੋਂ ਇਕ ਮਹੀਨੇ ਬਾਅਦ ਕਰੋ। ਨਦੀਨਾਂ ਤੋਂ ਛੁਟਕਾਰੇ ਲਈ ਇਕ ਲੀਟਰ ਸਟੌਂਪ 30 ਈਸੀ (ਪੈਂਡੀਮੈਥਾਲਿਨ) ਪ੍ਰਤੀ ਏਕੜ ਦਾ ਛਿੜਕਾਅ ਕਰੋ ਜਾਂ 600 ਮਿਲੀਲਿਟਰ ਸਟੌਂਪ ਦਾ ਛਿੜਕਾਅ ਕਰੋ ਤੇ ਬਿਜਾਈ ਤੋਂ 25 ਦਿਨਾਂ ਬਾਅਦ ਇਕ ਗੋਡੀ ਕਰੋ। ਸਟੌਂਪ ਦਾ ਛਿੜਕਾਅ ਬਿਜਾਈ ਤੋਂ ਦੋ ਦਿਨਾਂ ਵਿਚ 200 ਲੀਟਰ ਪਾਣੀ ਪ੍ਰਤੀ ਏਕੜ ਦੀ ਵਰਤੋਂ ਕਰ ਕੇ ਕਰੋ। ਖ਼ਿਆਲ ਰੱਖੋ ਕਿ ਜ਼ਮੀਨ ਵਿਚ ਛਿੜਕਾਅ ਸਮੇਂ ਚੰਗਾ ਵੱਤਰ ਹੋਵੇ ਤਾਂ ਕਿ ਨਦੀਨ ਨਾਸ਼ਕ ਚੰਗੀ ਤਰ੍ਹਾਂ ਨਦੀਨਾਂ ਦੀ ਰੋਕਥਾਮ ਕਰ ਸਕੇ। ਛਿੜਕਾਅ ਲਈ ਫਲੈਟ ਫੈਨ ਜਾਂ ਫਲੱਡ ਜੈੱਟ (ਕੱਟ ਵਾਲੀ) ਨੋਜ਼ਲ ਦੀ ਵਰਤੋਂ ਕਰੋ।

## ਕਟਾਈ ਤੇ ਗਹਾਈ

ਮੂੰਗੀ ਦੀ ਕਟਾਈ ਉਸ ਸਮੇਂ ਕਰੋ ਜਦੋਂ ਕਾਫ਼ੀ ਪੱਤੇ ਝੜ ਜਾਣ ਤੇ ਲਗਪਗ 80 ਫ਼ੀਸਦੀ ਫਲੀਆਂ ਪੱਕ ਜਾਣ। ਕੰਬਾਈਨ ਨਾਲ ਮੂੰਗੀ ਦੀ ਵਾਢੀ ਕਰਨ ਲਈ 800 ਮਿਲੀਲਿਟਰ ਗਰੈਮਕਸੋਨ 24 ਐੱਸਐੱਲ (ਪੈਰਾਕੁਇਟ) ਪ੍ਰਤੀ ਏਕੜ 200 ਲੀਟਰ ਪਾਣੀ 'ਚ ਘੋਲ ਕੇ 80 ਫ਼ੀਸਦੀ ਫਲੀਆਂ ਪੱਕ ਜਾਣ 'ਤੇ ਛਿੜਕਾਅ ਕਰੋ ਤਾਂ ਕਿ ਬੂਟੇ ਪੂਰੇ ਸੁੱਕ ਜਾਣ ਤੇ ਆਸਾਨੀ ਨਾਲ ਵਾਢੀ ਕੀਤੀ ਜਾ ਸਕੇ। ਮਾਹਾਂ ਦੀ ਵਾਢੀ ਉਸ ਸਮੇਂ ਕਰੋ ਜਦੋਂ ਪੱਤੇ ਝੜ ਜਾਣ ਤੇ ਫਲੀਆਂ ਸਲੇਟੀ-ਕਾਲੀਆਂ ਹੋ ਜਾਣ। •





## ਸੰਪਾਦਕੀ

# ਦੇਸ਼ ਤੇ ਰਾਜਾਂ ਵਿਚ ਵੱਧ ਰਹੀ ਬੇਰੁਜ਼ਗਾਰੀ

ਇਸ ਸਮੇਂ ਦੇਸ਼ ਅਤੇ ਰਾਜਾਂ ਵਿਚ ਬੇਰੁਜ਼ਗਾਰੀ ਦੀ ਮਾਰ ਬਹੁਤ ਵੱਧ ਰਹੀ ਹੈ। ਇਸੇ ਤਰ੍ਹਾਂ ਹਿਮਾਚਲ ਪ੍ਰਦੇਸ਼, ਜਿਸ ਦੀ ਅਕਸਰ ਉੱਚ ਸਾਖਰਤਾ ਦਰ ਅਤੇ ਮਨੁੱਖੀ ਵਿਕਾਸ ਸੂਚਕਾਂ ਲਈ ਪ੍ਰਸ਼ੰਸਾ ਕੀਤੀ ਜਾਂਦੀ ਹੈ, ਹੁਣ ਇੱਕ ਗੰਭੀਰ ਵਿਰੋਧਾਭਾਸ ਦਾ ਸਾਹਮਣਾ ਕਰ ਰਿਹਾ ਹੈ- ਇੱਥੇ ਹਰ ਤਿੰਨ ਨੌਜਵਾਨਾਂ ਵਿੱਚੋਂ ਇੱਕ ਬੇਰੁਜ਼ਗਾਰ ਹੈ। ਤਾਜ਼ਾ ਮਿਆਦੀ ਕਿਰਤ ਬਲ ਸਰਵੇਖਣ ਅਨੁਸਾਰ, ਨੌਜਵਾਨਾਂ ਦੀ ਬੇਰੁਜ਼ਗਾਰੀ ਦਰ (15-29 ਸਾਲ) ਹੈਰਾਨੀਜਨਕ ਤੌਰ ’ਤੇ 33.9 ਪ੍ਰਤੀਸ਼ਤ ’ਤੇ ਪਹੁੰਚ ਗਈ ਹੈ, ਜੋ ਕਿ 2025 ਦੀ ਅਪਰੈਲ-ਜੂਨ ਤਿਮਾਹੀ ਵਿੱਚ 29.6 ਪ੍ਰਤੀਸ਼ਤ ਸੀ। ਇਸ ਦੇ ਉਲਟ, ਪੰਜਾਬ ਦੀ ਦਰ ਘਟ ਕੇ 18.9 ਪ੍ਰਤੀਸ਼ਤ ਹੋ ਗਈ, ਹਰਿਆਣਾ ਦੀ ਥੋੜ੍ਹੀ ਜਿਹੀ ਘੱਟ ਕੇ 15.4 ਪ੍ਰਤੀਸ਼ਤ ਹੋ ਗਈ, ਜਦਕਿ ਆਲ-ਇੰਡੀਆ ਔਸਤ 14.8 ਪ੍ਰਤੀਸ਼ਤ ’ਤੇ ਖੜ੍ਹੀ ਹੈ। ਪਹਾੜੀ ਰਾਜ ਵਿੱਚ ਬੇਰੁਜ਼ਗਾਰੀ ਕੋਈ ਨਵੀਂ ਗੱਲ ਨਹੀਂ, ਪਰ ਇਸ ਦਾ ਪੈਮਾਨਾ ਚਿੰਤਾਜਨਕ ਪੱਧਰ ਨੂੰ ਛੂਹ ਗਿਆ ਹੈ। ਇਨ੍ਹਾਂ ਨਿਰਾਸ਼ਾਜਨਕ ਅੰਕੜਿਆਂ ਪਿੱਛੇ ਢਾਂਚਾਗਤ ਪੱਧਰ ’ਤੇ ਵਿਗੜਿਆ ਸੰਤੁਲਨ ਹੈ: ਉਦਯੋਗਿਕ ਅਧਾਰ ਸੀਮਤ ਹੈ, ਸੈਰ-ਸਪਾਟਾ ਮੌਸਮੀ ਹੈ ਅਤੇ ਖੇਤੀਬਾੜੀ ਤੇ ਸਰਕਾਰੀ ਰੁਜ਼ਗਾਰ ’ਤੇ ਨਿਰਭਰਤਾ ਦਾ ਕੋਈ ਨਿਸ਼ਚਿਤ ਅਨੁਪਾਤ ਨਹੀਂ ਹੈ। ਰਾਜ ਦੇ ਪੜ੍ਹੇ-ਲਿਖੇ ਨੌਜਵਾਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਡਿਗਰੀ ਧਾਰਕ ਹਨ, ਘੱਟ ਤਨਖਾਹ ਵਾਲੇ ਪ੍ਰਾਈਵੇਟ ਸੈਕਟਰ ਦੇ ਕੰਮ ਤੋਂ ਗੁਰੇਜ਼ ਕਰਦੇ ਹਨ ਅਤੇ ਗਿਣਤੀ ’ਚ ਬਹੁਤ ਥੋੜ੍ਹੀਆਂ ਸਰਕਾਰੀ ਅਸਾਮੀਆਂ ਦੀ ਉਡੀਕ ਕਰਦੇ ਰਹਿੰਦੇ ਹਨ। ਨਤੀਜੇ ਵਜੋਂ, ਹਜ਼ਾਰਾਂ ਯੋਗ ਬਿਨੈਕਾਰ ਮੁੱਠੀ ਭਰ ਅਹੁਦਿਆਂ ਲਈ ਮੁਕਾਬਲਾ ਕਰਦੇ ਹਨ, ਜਦੋਂ ਕਿ ਦੂਸਰੇ ਕੰਮ ਦੀ ਭਾਲ ਵਿੱਚ ਪ੍ਰਵਾਸ ਕਰ ਜਾਂਦੇ ਹਨ। ਲਿੰਗਕ ਪਾੜਾ ਵੀ ਓਨਾ ਹੀ ਸਪੱਸ਼ਟ ਹੈ। ਪੜ੍ਹੀਆਂ-ਲਿਖੀਆਂ ਔਰਤਾਂ ਵਿੱਚ ਬੇਰੁਜ਼ਗਾਰੀ ਮਰਦਾਂ ਨਾਲੋਂ ਕਿਤੇ ਵੱਧ ਹੈ, ਜੋ ਸਮਾਜਿਕ ਮਾਪਦੰਡਾਂ ਅਤੇ ਢੁਕਵੇਂ ਨੌਕਰੀ ਦੇ ਮੌਕਿਆਂ ਦੀ ਘਾਟ ਦੋਵਾਂ ਨੂੰ ਦਰਸਾਉਂਦਾ ਹੈ। ਪੇਂਡੂ ਖੇਤਰਾਂ ਵਿੱਚ ਵੀ, ਮਸ਼ੀਨੀਕਰਨ ਅਤੇ ਖੇਤਾਂ ਦੇ ਘਟਦੇ ਆਕਾਰ ਕਾਰਨ ਗੈਰ-ਰਸਮੀ ਕੰਮਾਂ ਦੇ ਬਦਲ ਸੀਮਤ ਹੋ ਗਏ ਹਨ, ਜਿਸ ਨਾਲ ਬੇਰੁਜ਼ਗਾਰਾਂ ਦੀ ਗਿਣਤੀ ਵਧ ਗਈ ਹੈ। ਸੂਬਾ ਸਰਕਾਰ ਬੇਪਰਵਾਹ ਹੋ ਕੇ ਨਹੀਂ ਬੈਠ ਸਕਦੀ। ਇਸ ਨੂੰ ਭਰਤੀ ਦੇ ਵਾਅਦਿਆਂ ਤੋਂ ਅੱਗੇ ਵਧ ਕੇ ਇੱਕ ਵਿਆਪਕ ਰੁਜ਼ਗਾਰ ਰਣਨੀਤੀ ਬਣਾਉਣੀ ਚਾਹੀਦੀ ਹੈ। ਛੋਟੇ ਪੱਧਰ ਦਾ ਨਿਰਮਾਣ ਉਦਯੋਗ, ਐਗਰੀ-ਪ੍ਰੋਸੈਸਿੰਗ ਅਤੇ ਈਕੋ-ਟੂਰਿਜ਼ਮ ਦਾ ਵਿਸਤਾਰ ਪੜ੍ਹੇ-ਲਿਖੇ ਨੌਜਵਾਨਾਂ ਨੂੰ ਕੰਮ ਦੇਣ ਵਿਚ ਮਦਦ ਕਰ ਸਕਦਾ ਹੈ। ਓਨਾ ਹੀ ਮਹੱਤਵਪੂਰਨ ਹੈ ਹੁਨਰ ਸਿਖਲਾਈ ਨੂੰ ਬਾਜ਼ਾਰ ਮੁਤਾਬਕ ਢਾਲਣਾ, ਨਵੇਂ ਕਾਰੋਬਾਰਾਂ ਨੂੰ ਉਤਸ਼ਾਹਿਤ ਕਰਨਾ ਅਤੇ ਪਹਾੜੀ ਖੇਤਰ ਮੁਤਾਬਕ ਢੁੱਕਵੇਂ ਉਦਯੋਗਾਂ ਜਿਵੇਂ ਕਿ ਨਵਿਆਉਣਯੋਗ ਊਰਜਾ ਅਤੇ ਫੂਡ-ਪ੍ਰੋਸੈਸਿੰਗ ਵਿੱਚ ਪ੍ਰਾਈਵੇਟ ਸੈਕਟਰ ਦੀ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨਾ। ਹਿਮਾਚਲ ਦੀ ਉੱਚ ਸਾਖਰਤਾ ਦਰ ਇੱਕ ਖ਼ਜ਼ਾਨੇ ਦੀ ਤਰ੍ਹਾਂ ਹੈ, ਪਰ ਨੌਕਰੀਆਂ ਤੋਂ ਬਿਨਾਂ, ਇਹ ਨਿਰਾਸ਼ਾ ਅਤੇ ਪ੍ਰਵਾਸ ਦਾ ਕਾਰਨ ਬਣ ਸਕਦੀ ਹੈ। ਬੇਰੁਜ਼ਗਾਰ ਨੌਜਵਾਨਾਂ ਦੀ ਵਧਦੀ ਗਿਣਤੀ ਨੂੰ ਸਰਕਾਰ ਨੂੰ ਇੱਕ ਚਿਤਾਵਨੀ ਵਜੋਂ ਲੈਣਾ ਚਾਹੀਦਾ ਹੈ। ਵਿਕਾਸ ਦਾ ਮਤਲਬ ਨਾ ਸਿਰਫ਼ ਸਿੱਖਿਅਤ ਕਰਨਾ ਹੋਣਾ ਚਾਹੀਦਾ ਹੈ, ਸਗੋਂ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਨੂੰ ਵੀ ਇਸ ਦਾ ਹਿੱਸਾ ਬਣਾਇਆ ਜਾਣਾ ਚਾਹੀਦਾ ਹੈ।

# ਅਨੇਕਤਾ ’ਚ ਏਕਤਾ- ਹਕੀਕਤ ਹੈ ਜਾਂ ਮਹਿਜ਼ ਭੁਲੇਖਾ ?

ਅਨੇਕਤਾ ’ਚ ਏਕਤਾ- ਕੀ ਭਾਰਤ ਵਿੱਚ ਇਹ ਇੱਕ ਜਿਉਂਦੀ-ਜਾਗਦੀ ਹਕੀਕਤ ਹੈ ਜਾਂ ਮਹਿਜ਼ ਭੁਲੇਖਾ ? ਸੁਪਰੀਮ ਕੋਰਟ ਨੇ ਇਸ ਗੱਲ ’ਤੇ ਚਿੰਤਾ ਜ਼ਾਹਿਰ ਕੀਤੀ ਹੈ ਕਿ ਭਾਰਤੀ ਨਾਗਰਿਕਾਂ ਨੂੰ ਉਨ੍ਹਾਂ ਦੇ ਆਪਣੇ ਹੀ ਹਮਵਤਨਾਂ ਵੱਲੋਂ ਸੱਭਿਆਚਾਰਕ ਤੇ ਨਸਲੀ ਫ਼ਰਕਾਂ ਕਰ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਕੇਰਲ ਦੇ ਦੋ ਵਿਦਿਆਰਥੀਆਂ ਨੂੰ ਚੋਰੀ ਦਾ ਦੋਸ਼ ਲਾ ਕੇ ਕਥਿਤ ਤੌਰ ’ਤੇ 24 ਸਤੰਬਰ ਨੂੰ ਨਵੀਂ ਦਿੱਲੀ ਵਿੱਚ ਸਥਾਨਕ ਨਿਵਾਸੀਆਂ ਅਤੇ ਪੁਲੀਸ ਦੁਆਰਾ ਕੁੱਟਿਆ ਗਿਆ; ਉਨ੍ਹਾਂ ਨੂੰ ਹਿੰਦੀ ਬੋਲਣ ਲਈ ਵੀ ਮਜਬੂਰ ਕੀਤਾ ਗਿਆ ਅਤੇ ਉਨ੍ਹਾਂ ਦੇ ਰਾਜ ਦੇ ਰਵਾਇਤੀ ਪਹਿਰਾਵੇ ਲੁੰਗੀ/ਮੁੰਡੂ ਪਹਿਨਣ ਲਈ ਉਨ੍ਹਾਂ ਦਾ ਮਜ਼ਾਕ ਉਡਾਇਆ ਗਿਆ। ?ਦੁੱਖ ਦੀ ਗੱਲ ਹੈ ਕਿ ਇਸ ਘਟਨਾ ਨੇ ਦੇਸ਼ ਭਰ ਵਿੱਚ ਰੋਸ ਪੈਦਾ ਨਹੀਂ ਕੀਤਾ, ਜਦਕਿ ਇਸ ਦੇ ਉਲਟ ਜਦੋਂ ਪੱਛਮੀ ਸੰਸਾਰ ਵਿੱਚ ਭਾਰਤੀਆਂ ਨੂੰ ਨਸਲੀ ਦੁਰਵਿਹਾਰ ਅਤੇ ਹਿੰਸਾ ਦਾ ਸ਼ਿਕਾਰ ਬਣਾਇਆ ਜਾਂਦਾ ਹੈ ਤਾਂ ਕਾਫ਼ੀ ਹੰਗਾਮਾ ਹੁੰਦਾ ਹੈ। ?ਅਦਾਲਤ ਨੇ ਰਾਸ਼ਟਰੀ ਰਾਜਧਾਨੀ ਵਿੱਚ ਉੱਤਰ-ਪੂਰਬ ਦੇ ਲੋਕਾਂ ’ਤੇ ਹੋਏ ਲੜੀਵਾਰ ਹਮਲਿਆਂ ਤੋਂ ਬਾਅਦ ਦਹਾਕਾ ਪਹਿਲਾਂ ਦਾਇਰ ਕੀਤੀ ਗਈ ਪਟੀਸ਼ਨ ਦੀ ਸੁਣਵਾਈ ਕਰਦਿਆਂ ਇਸ ਪ੍ਰੇਸ਼ਾਨ ਕਰਨ ਵਾਲੇ ਘਟਨਾਕ੍ਰਮ ਦਾ ਜ਼ਿਕਰ ਕੀਤਾ। ਸਭ ਤੋਂ ਜ਼ਿਆਦਾ ਉੱਭਰਿਆ ਮਾਮਲਾ ਅਰੁਣਾਚਲ ਪ੍ਰਦੇਸ਼ ਦੇ ਵਿਦਿਆਰਥੀ ਨਿਡੋ ਤਾਨੀਆ ਦਾ ਸੀ- ਉਸ ਦੀ 2014 ਵਿੱਚ ਦੁਕਾਨਦਾਰਾਂ ਨਾਲ ਲੜਾਈ ਤੋਂ ਬਾਅਦ ਮੌਤ ਹੋ ਗਈ ਸੀ ਜਿਨ੍ਹਾਂ ਨੇ ਉਸ ਦੇ ਵਾਲਾਂ ਦੇ ਅੰਦਾਜ਼ ਦਾ ਮਜ਼ਾਕ ਉਡਾਇਆ ਸੀ। ਅਦਾਲਤ ਦੇ ਨਿਰਦੇਸ਼ਾਂ ’ਤੇ, ਕੇਂਦਰ ਨੇ ਨਫ਼ਰਤੀ ਅਪਰਾਧਾਂ ਅਤੇ ਨਸਲੀ ਵਿਤਕਰੇ ਦੇ ਨਾਲ-ਨਾਲ ਹਿੰਸਾ ਦੇ ਮਾਮਲਿਆਂ ਨਾਲ ਨਜਿੱਠਣ ਲਈ ਇੱਕ ਨਿਗਰਾਨ ਕਮੇਟੀ ਦਾ ਗਠਨ ਕੀਤਾ ਸੀ। ਹਾਲਾਂਕਿ, ਪਟੀਸ਼ਨਕਰਤਾ ਨੇ ਦਾਅਵਾ ਕੀਤਾ ਹੈ ਕਿ ਇਹ ਕਮੇਟੀ, ਜਿਸ ਨੂੰ ਤਿਮਾਹੀ ਆਧਾਰ ’ਤੇ ਮੀਟਿੰਗਾਂ ਕਰਨੀਆਂ ਚਾਹੀਦੀਆਂ ਹਨ, ਨੇ ਨੌਂ ਸਾਲਾਂ ਵਿੱਚ ਸਿਰਫ਼ 14 ਵਾਰ ਹੀ ਮੀਟਿੰਗ ਕੀਤੀ ਹੈ। ਇਹ ਇਸ ਖ਼ਤਰੇ ਨੂੰ ਰੋਕਣ ਅਤੇ ‘ਅਨੇਕਤਾ ਵਿਚ ਏਕਤਾ’ ਨੂੰ ਉਤਸ਼ਾਹਿਤ ਕਰਨ ਪ੍ਰਤੀ ਸਰਕਾਰ ਦੀ ਅੱਧੀ-ਅਧੂਰੀ ਪਹੁੰਚ ਨੂੰ ਦਰਸਾਉਂਦਾ ਹੈ। ?ਇਸ ਸਾਲ ਦੇ ਸ਼ੁਰੂ ਵਿੱਚ, ਪਹਿਲਗਾਮ ਅਤਿਵਾਦੀ ਹਮਲੇ ਤੋਂ ਬਾਅਦ ਦੇਸ਼ ਦੇ ਕਈ ਹਿੱਸਿਆਂ ਵਿੱਚ ਕਸ਼ਮੀਰੀ ਵਿਦਿਆਰਥੀਆਂ ਅਤੇ ਵਪਾਰੀਆਂ ਨੂੰ ਧਮਕੀਆਂ ਦਾ ਸਾਹਮਣਾ ਕਰਨਾ ਪਿਆ ਸੀ। ਸਾਥੀ ਦੇਸ਼ਵਾਸੀਆਂ ਨਾਲ ਕਿਸੇ-ਨਾ-ਕਿਸੇ ਬਹਾਨੇ ‘ਬਾਹਰਲਿਆਂ’ ਜਾਂ ‘ਦੇਸ਼ਧ੍ਰੋਹੀਆਂ’ ਵਰਗਾ ਵਿਹਾਰ ਕਰਨਾ ਇੱਕ ਅਜਿਹਾ ਰੁਝਾਨ ਹੈ ਜੋ ਸਾਡੇ ਲੋਕਤੰਤਰ ਅਤੇ ਧਰਮ ਨਿਰਪੱਖ ਤਾਣੇ-ਬਾਣੇ ਲਈ ਬਹੁਤ ਮਾੜਾ ਹੈ। ਸਰਵਉੱਚ ਅਦਾਲਤ ਨੇ ਬਿਲਕੁਲ ਸਹੀ ਕਿਹਾ ਹੈ, “ਅਸੀਂ ਇਕ ਦੇਸ਼ ਹਾਂ।” ਹਰੇਕ ਭਾਰਤ ਵਾਸੀ ਨੂੰ ਚਾਹੀਦਾ ਹੈ ਕਿ ਉਹ ਇਸ ਸਾਧਾਰਨ ਜਿਹੀ ਪਰ ਗਹਿਰੀ ਸੱਚਾਈ ਨੂੰ ਹਰ ਤਰ੍ਹਾਂ ਦੇ ਮਤਭੇਦਾਂ ਤੋਂ ਉੱਪਰ ਉੱਠ ਕੇ ਅਪਣਾਏ। ਇੱਕ ਅਜਿਹਾ ਰਾਸ਼ਟਰ ਜੋ ‘ਵਸੂਧੈਵ ਕੁਟੁੰਬਕਮ’ (ਸਾਰੀ ਦੁਨੀਆ ਇੱਕ ਪਰਿਵਾਰ ਹੈ) ਨੂੰ ਆਪਣਾ ਮਾਰਗਦਰਸ਼ਕ ਸਿਧਾਂਤ ਮੰਨਦਾ ਹੈ, ਉਸ ਨੂੰ ਸਭ ਤੋਂ ਪਹਿਲਾਂ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਸਾਰੇ ਭਾਰਤੀ ਸ਼ਾਂਤੀ ਅਤੇ ਸਦਭਾਵਨਾ ਨਾਲ ਇਕੱਠੇ ਰਹਿਣ।

# ਹਲਕਾ ਇੰਚਾਰਜ ਵਿਜੇ ਸ਼ਰਮਾ ਟਿੰਕੂ ਨੇ ਮੋਹਾਲੀ ਦੇ ਨਵ ਨਿਯੁਕਤ ਪ੍ਰਧਾਨ ਕਮਲ ਸ਼ਰਮਾ ਨੂੰ ਵਧਾਈ ਦਿੱਤੀ



**ਖਰੜ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮੁੱਚੀ ਕਾਂਗਰਸ ਹਾਈ ਕਮਾਂਡ ਨੇ ਕਮਲ ਕਿਸ਼ੋਰ ਸ਼ਰਮਾ ਨੂੰ ਜਿਲਾ ਮੋਹਾਲੀ ਦਾ ਕਾਂਗਰਸ ਕਮੇਟੀ ਦਾ ਪ੍ਰਧਾਨ ਲਗਾਉਣ ਤੇ ਮੈਂ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਕਾਂਗਰਸ ਪਾਰਟੀ ਦੇ ਵਫਾਦਾਰ ਮਿਹਨਤੀ ਵਿਅਕਤੀ ਨੂੰ ਜ਼ਿਲਾ ਮੋਹਾਲੀ ਦੀ ਪ੍ਰਧਾਨਗੀ ਦੀ ਜਿੰਮੇਵਾਰੀ ਸੌਂਪੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਨਵ ਨਿਯੁਕਤ ਪ੍ਰਧਾਨ ਕਮਲ ਕਿਸ਼ੋਰ ਨੂੰ ਵਧਾਈ ਦੇਣ ਪਹੁੰਚੇ ਵਿਜੇ ਸ਼ਰਮਾ ਟਿੰਕੂ ਹਲਕਾ ਇੰਚਾਰਜ ਖਰੜ ਕਾਂਗਰਸ ਪਾਰਟੀ ਨੇ ਕੀਤਾ ਸ੍ਰੀ ਟਿੰਕੂ ਨੇ ਕਿਹਾ ਕਿ ਕਾਂਗਰਸ ਹਾਈ ਕਮਾਂਡ ਦਾ ਇਹ ਫੈਸਲਾ ਬਹੁਤ ਸਲਾਂਘਾ ਯੋਗ ਹੈ ਜਿਨਾਂ ਨੇ ਕਾਂਗਰਸ ਪਾਰਟੀ ਦੇ ਵਫਾਦਾਰ ਅਤੇ ਮਿਹਨਤੀ ਵਿਅਕਤੀ ਨੂੰ ਮੋਹਾਲੀ ਵਰਗੇ ਜ਼ਿਲੇ ਦੀ ਜ਼ਿੰਮੇਵਾਰੀ ਸੌਂਪੀ ਹੈ। ਸ੍ਰੀ ਕਮਲ ਕਿਸ਼ੋਰ ਸ਼ਰਮਾ ਪ੍ਰਧਾਨ ਜਿਲਾ ਕਾਂਗਰਸ ਕਮੇਟੀ ਮੋਹਾਲੀ ਨੇ ਕਿਹਾ ਕੀ ਮੈਂ ਕਾਂਗਰਸ ਪਾਰਟੀ ਵੱਲੋਂ ਮੋਹਾਲੀ ਜ਼ਿਲ੍ਹੇ ਦੀ ਪ੍ਰਧਾਨਗੀ ਦੀ ਦਿੱਤੀ ਵੱਡੀ ਸੇਵਾ ਲਈ ਧੰਨਵਾਦ ਕਰਦਾ ਹਾਂ ਅਤੇ ਪਾਰਟੀ ਨੂੰ ਹੋਰ ਮਜਬੂਤ ਕਰਨ ਲਈ ਦਿਨ ਰਾਤ ਇੱਕ ਕਰ ਦਿਆਂਗਾ ਅਤੇ ਹਰ ਕਾਂਗਰਸੀ ਵਰਕਰ ਅਤੇ ਆਗੂਆਂ ਨੂੰ ਕਾਂਗਰਸ ਪਾਰਟੀ ਲਈ ਕੰਮ ਕਰਨ ਲਈ ਇਕਜੁੱਟ ਹੋਣ ਲਈ ਪ੍ਰੇਰਿਤ ਕਰਾਂਗਾ ਉਹਨਾਂ ਮਿਲੀ ਜ਼ਿਲੇ ਦੀ ਵੱਡੀ ਜਿੰਮੇਵਾਰੀ ਲਈ ਕਾਂਗਰਸ ਹਾਈ ਕਮਾਂਡ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਉਹਨਾਂ ਨੂੰ ਵਧਾਈ ਦੇਣ ਲਈ ਸਵਰਨਜੀਤ ਕੌਰ ਪ੍ਰਧਾਨ ਮਹਿਲਾ ਜਿਲਾ ਕਾਂਗਰਸ ਮੋਹਾਲੀ, ਗੁਰਿੰਦਰ ਸਿੰਘ ਵੈਦਵਾਨ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਖਰੜ, ਹਲਕਾ ਖਰੜ ਸੋਸ਼ਲ ਮੀਡੀਆ ਇੰਚਾਰਜ ਰੁਪਿੰਦਰ ਕੌਰ ਬੱਤਰਾ, ਹਲਕਾ ਇੰਚਾਰਜ ਸਰਬਜੀਤ ਕੌਰ, ਆਫਿਸ ਇਨਚਾਰਜ 15 ਸੈਕਟਰ ਮਨਜੀਤ ਕੌਰ ਸੋਨੂ, ਮਹਿਲਾ ਕਾਂਗਰਸ ਦੀ ਬਲੋਕ ਪ੍ਰਧਾਨ, ਰਾਣੀ ਸ਼ਰਮਾ ਪ੍ਰਧਾਨ ਮਹਿਲਾ ਕਾਂਗਰਸ ਬਲਾਕ ਖਰੜ , ਬਾਬੂ ਸਿੰਘ ਪਮੋਰ ਜਨਰਲ ਸਕੱਤਰ ਜ਼ਿਲਾ ਕਾਂਗਰਸ ਕਮੇਟੀ ਮੋਹਾਲੀ ,ਵਿਸ਼ਾਲਦੀਪ ਬੱਟੂ ਸਕੱਤਰ ਜ਼ਿਲਾ ਕਾਂਗਰਸ ਮੋਹਾਲੀ,ਅਵਤਾਰ ਸਿੰਘ ਰੰਗਰਾ, ਬਲਵਿੰਦਰ ਸਿੰਘ ਧਾਲੀਵਾਲ, ਅਮਨਦੀਪ ਸਿੰਘ ਗਿੱਲ ,ਹਾਕਮ ਸਿੰਘ ਕਨਗੋ, ਐਡਵੋਕੇਟ ਅਨਿਲ ਕੌਸ਼ਿਕ, ਐਡਵੋਕੇਟ ਸੁਸ਼ਾਂਤ ਕੌਸ਼ਿਕ ਚੇਅਰਮੈਨ, ਗਗਨਦੀਪ ਸਿੰਘ ਤੋਲੇਮਾਜਰਾ, ਕੁਲਦੀਪ ਸਿੰਘ ਓਇੰਦ ਪੀ ਏ ਹਲਕਾ ਇੰਚਾਰਜ ਖਰੜ, ਐਡਵੋਕੇਟ ਵਿਸ਼ਵ ਕੌਸ਼ਿਕ, ਮੁਹੰਮਦ ਇਕਬਾਲ, ਮਨਵਰ ਇਕਬਾਲ ਖਾਨ ਚੇਅਰਮੈਨ ਮਨੌਟੀ ਵਿੰਗ ਜ਼ਿਲਾ ਮੋਹਾਲੀ, ਮਨਪ੍ਰੀਤ ਸਿੰਘ ਬਤਰਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਦੇ ਵਿੱਚ ਕਾਂਗਰਸੀ ਵਰਕਰ ਅਤੇ ਆਗੂਆਂ ਨੇ ਪਹੁੰਚ ਕੇ ਨਵ ਨਿਯੁਕਤ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ ਨੂੰ ਵਧਾਈਆਂ ਦਿੱਤੀਆਂ ਸ਼ਾਮਿਲ ਸਨ।

# ਸਮੂਹ ਸੰਗਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸ਼ਤਾਬਦੀ ਸਮਾਗਮਾਂ ਵਿੱਚ ਵੱਧ-ਚੜ੍ਹਕੇ ਸ਼ਮੂਲੀਅਤ ਕਰੇ : ਹਡਾਣਾ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਚਰਨ ਛੋਹ ਅਸਥਾਨ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ ਰਾਏਪੁਰ ਮੰਡਲਾਂ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਪੀਆਰਟੀਸੀ ਦੇ ਰਣਜੋਧ ਸਿੰਘ ਹਡਾਣਾ ਅਤੇ ਐਸਡੀਐਮ ਪਟਿਆਲਾ ਹਰਜੋਤ ਕੌਰ, ਤਹਿਸੀਲਦਾਰ ਕਰਨਦੀਪ ਸਿੰਘ ਭੁੱਲਰ, ਬੀਡੀਪੀਓ ਮਨਦੀਪ ਸਿੰਘ ਸਮੇਤ ਵੱਡੀ ਗਿਣਤੀ ਸੰਗਤ ਇਸ ਮੌਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੋਈ।

ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ, ਜਿਸ ਨਾਲ ਸਾਰਾ ਦਰਬਾਰ ਸਾਹਿਬ ਗੁਰੂ ਜੀ ਦੇ ਨਾਮ ਨਾਲ ਗੂੰਜ ਉਠਿਆ।

ਸੰਗਤਾਂ ਨੇ ਪੂਰਨ ਸ਼ਰਧਾ ਅਤੇ ਭਾਵਨਾ ਨਾਲ ਗੁਰੂ ਸਾਹਿਬ ਦੀ ਬਾਣੀ ਦਾ ਆਨੰਦ ਮਾਣਿਆ। ਇਸ ਮੌਕੇ ਸ. ਹਡਾਣਾ ਨੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਬਲਿਦਾਨ ਅਤੇ ਉਨ੍ਹਾਂ ਦੇ ਉਪਦੇਸ਼ਾਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਗੁਰੂ ਸਾਹਿਬ ਨੇ ਕਿਸੇ ਦੂਸਰੇ ਧਰਮ ਦੀ ਰੱਖਿਆ ਲਈ ਆਪਣੀ ਜਾਨ ਨਿਛਾਵਰ ਕਰ ਦਿੱਤੀ।

ਉਨ੍ਹਾਂ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ @ਤੇ ਚੱਲ ਕੇ ਸੱਚਾਈ, ਨਿਮਰਤਾ ਅਤੇ ਏਕਤਾ ਦੇ ਰਾਹ @ਤੇ ਤੁਰਨਾ ਚਾਹੀਦਾ ਹੈ।ਚੇਅਰਮੈਨ ਹਡਾਣਾ ਨੇ ਦੱਸਿਆ ਕਿ ਪਟਿਆਲਾ ਵਿਖੇ 18 ਨਵੰਬਰ ਨੂੰ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਕੀਰਤਨ ਦਰਬਾਰ ਕਰਵਾਉਣ ਸਮੇਤ 21 ਨਵੰਬਰ ਨੂੰ ਨਗਰ ਕੀਰਤਨ ਪਟਿਆਲਾ ਪੁੱਜੇਗਾ, ਇਸ ਲਈ ਸਮੂਹ ਸੰਗਤ ਨੂੰ ਹੁੰਮ-ਹੁੰਮਾ ਕੇ ਇਨ੍ਹਾਂ ਸਮਾਗਮਾਂ ਵਿੱਚ ਸ਼ਾਮਲ ਹੋਣ ਦੀ ਬੇਨਤੀ ਹੈ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰਾਂ, ਸਥਾਨਕ ਸੰਗਤ, ਪੰਚਾਂ, ਸਰਪੰਚ ਅਤੇ ਇਲਾਕੇ ਦੇ ਪਤਵੰਤੇ ਵਿਅਕਤੀਆਂ ਨੇ ਵੱਡੀ ਗਿਣਤੀ ਵਿੱਚ ਹਾਜਰੀ ਭਰੀ।

# 19 ਸਾਲਾ ਵਹੀਦਾ ਤਬੱਸੁਮ ਲਈ ਖ਼ੁਦਾ ਬਣਕੇ ਬਹੁੜੇ ਡੀ ਐੱਮ ਸੀ ਲੁਧਿਆਣਾ ਦੇ ਡਾ. ਅਨੁਭਵ ਸ਼ਰਮਾ

**ਲੁਧਿਆਣਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਜੰਮੂ ਕਸ਼ਮੀਰ ਦੇ ਪੁੰਛ ਜ਼ਿਲ੍ਹੇ ਦੀ ਰਹਿਣ ਵਾਲੀ 19 ਸਾਲਾ ਵਹੀਦਾ ਤਬੱਸਮ ਪਿਛਲੇ 3-4 ਸਾਲਾਂ ਤੋਂ ਨਰਕ ਭਰੀ ਜ਼ਿ?ਦਗੀ ਜਿਉਣ ਲਈ ਮਜਬੂਰ ਸੀ ਕਿਉਂਕਿ ਉਹ ਆਪਣੇ ਪੱਟ ਵਿੱਚ ਅਨੋਖੇ ਕੈਂਸਰ ਤੋਂ ਪੀੜਤ ਸੀ ਜਿਸ ਕਾਰਨ ਉਸਨੂੰ ਬੜਾ ਭਿਆਨਕ ਦਰਦ ਸਹਿਣਾ ਪੈ ਰਿਹਾ ਸੀ।

ਵਹੀਦਾ ਤਬੱਸਮ ਦੇ ਪਿਤਾ ਸਵਰਗੀ ਰਾਸ਼ਿਦ ਖਾਨ ਘਰ ਵਿੱਚ ਇਕੱਲੇ ਕਮਾਉਣ ਵਾਲੇ ਸਨ ਜੋ ਦੋ ਸਾਲ ਪਹਿਲਾਂ ਉਹ ਵੀ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨੂੰ ਬੇਸਹਾਰਾ ਛੱਡ ਕੇ ਸੰਸਾਰ ਨੂੰ ਅਲਵਿਦਾ ਕਹਿ ਗਏ।ਦਯਾਨੰਦ ਮੈਡੀਕਲ ਕਾਲਜ ਐਂਡ ਹਸਪਤਾਲ (ਡੀ.ਐਮ.ਸੀ.ਐਚ.) ਦੇ ਹੱਡੀਆਂ ਨਾਲ ਸਬੰਧਿਤ ਵਿਭਾਗ ਦੇ ਅਸਿਸਟੈਂਟ ਪ੍ਰੋਫੈਸਰ ਡਾ. ਅਨੁਭਵ ਸ਼ਰਮਾ ਵਹੀਦਾ ਤਬੱਸੁਮ ਨੂੰ ਰੱਬ ਬਣਕੇ ਬਹੁੜੇ। ਡਾ. ਅਨੁਭਵ ਸ਼ਰਮਾ ਨੇ ਇਨਸਾਨੀਅਤ ਦੀ ਮਿਸਾਲ ਕਾਇਮ ਕਰਦਿਆਂ ਨਾ ਸਿਰਫ ਉਸਦੀ ਸਰਜਰੀ ਹੀ ਕੀਤੀ ਸਗੋਂ ਆਪਣੇ ਪਰਿਵਾਰਕ ਮਿੱਤਰਾਂ ਤੇ ਸਾਥੀ ਡਾਕਟਰ ਸਾਹਿਬਾਨ ਦੇ ਸਹਿਯੋਗ ਨਾਲ ਇਲਾਜ਼ ਦਾ ਪੂਰਾ ਖ਼ਰਚਾ ਵੀ ਚੁੱਕਿਆ।

ਵਹੀਦਾ ਤਬੱਸੁਮ ਦੇ ਟਿਊਮਰ ਦਾ ਇਲਾਜ ਕਰਨ ਲਈ ਵਿਸ਼ੇਸ਼ ਸੀਟੀ-ਗਾਈਡਡ ਆਰ ਐਫ ਏ ਪ੍ਰਕਿਰਿਆ ਅਪਣਾਈ ਗਈ ਜਿਸ ਨਾਲ ਹੁਣ ਉਸਨੂੰ ਦਰਦ ਤੋਂ ਰਾਹਤ ਮਿਲੀ ਹੈ। ਡਾ. ਅਨੁਭਵ ਸ਼ਰਮਾ ਦੀ ਦੇਖਭਾਲ ਹੇਠ ਜਲਦ ਤੰਦਰੁਸਤ ਹੋਣ ਦਾ ਪੂਰਾ ਵਿਸ਼ਵਾਸ ਹੈ।

ਵਹੀਦਾ ਤਬੱਸਮ ਦੀ ਮਾਤਾ ਜੀ ਨੇ ਉਸ ਦੀ ਬੇਟੀ ਨੂੰ ਨਵੀਂ ਜਿੰਦਗੀ ਦੇਣ ਲਈ ਇਨਸਾਨ ਪ੍ਰਸਤ ਦਰਦਮੰਦ ਡਾ. ਅਨੁਭਵ ਸ਼ਰਮਾ ਸਮੇਤ ਉਨ੍ਹਾਂ ਦੇ ਸਰਜਰੀ ਸਹਿਯੋਗੀਆਂ ਤੇ ਆਰਥਿਕ ਮਦਦ ਕਰਨ ਵਾਲੇ ਡਾਕਟਰ ਭਾਈਚਾਰੇ ਤੇ ਦਾਨਵੀਰਾਂ ਦਾ ਦਿਲੋਂ ਧੰਨਵਾਦ ਕੀਤਾ ਹੈ।

# ਕੈਬਨਿਟ ਮੰਤਰੀ ਅਮਨ ਅਰੋੜਾ ਤੇ ਤਰੁਣਪ੍ਰੀਤ ਸਿੰਘ ਸੌਂਦ ਨੇ 66ਵੇਂ ਇੰਟਰ-ਜੋਨਲ ਫੈਸਟੀਵਲ ਦੇ ਸਮਾਪਤੀ ਸਮਾਰੋਹ ਦੀ ਵਧਾਈ ਸ਼ੋਭਾ

**ਲੁਧਿਆਣਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਤਰੁਣਪ੍ਰੀਤ ਸਿੰਘ ਸੋਂਦ ਨੇ ਏ.ਐਸ. ਕਾਲਜ, ਖੰਨਾ ਵਿਖੇ ਆਯੋਜਿਤ 66ਵੇਂ ਪੰਜਾਬ ਯੂਨੀਵਰਸਿਟੀ ਇੰਟਰ-ਜੋਨਲ ਯੂਥ ਐਂਡ ਹੈਰੀਟੇਜ ਫੈਸਟੀਵਲ ਦੇ ਸਮਾਪਤੀ ਸਮਾਰੋਹ ਵਿੱਚ ਸ਼ਿਰਕਤ ਕੀਤੀ।

ਆਪਣੇ ਸੰਬੋਧਨ ਵਿੱਚ, ਕੈਬਨਿਟ ਮੰਤਰੀ ਅਮਨ ਅਰੋੜਾ ਨੇ ਨੌਜਵਾਨਾਂ ਵਿੱਚ ਲੀਡਰਸ਼ਿਪ ਗੁਣਾਂ ਨੂੰ ਪ੍ਰਫੁੱਲਤ ਕਰਨ ਅਤੇ ਉਨ੍ਹਾਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਪ੍ਰਦਰਸ਼ਿਤ ਕਰਨ ਵਿੱਚ ਅਜਿਹੇ ਤਿਉਹਾਰਾਂ ਦੀ ਮਹੱਤਵਪੂਰਨ ਭੂਮਿਕਾ @ਤੇ ਚਾਨਣਾ ਪਾਇਆ।

ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨ ਦੇਸ਼ ਨੂੰ ਵਿਕਾਸ ਦੇ ਰਾਹ @ਤੇ ਅੱਗੇ ਲਿਜਾਣ ਅਤੇ ਸਮਾਜ ਦੀ ਸਮੁੱਚੀ ਭਲਾਈ ਨੂੰ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਹਨ। ਅਜਿਹੇ ਤਿਉਹਾਰ ਨੌਜਵਾਨ ਪੀੜ੍ਹੀ ਨੂੰ ਜ਼ਿੰਮੇਵਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਲਈ ਤਿਆਰ ਕਰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬੀ ਨੌਜਵਾਨਾਂ ਨੇ ਨਾ ਸਿਰਫ ਪੰਜਾਬ ਅਤੇ ਭਾਰਤ ਵਿੱਚ ਸਗੋਂ ਵਿਸ਼ਵ ਪੱਧਰ @ਤੇ ਸਮਾਜਿਕ-ਆਰਥਿਕ ਵਿਕਾਸ ਵਿੱਚ ਵੱਡਾ ਯੋਗਦਾਨ ਪਾਇਆ ਹੈ।

ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਨੌਜਵਾਨਾਂ ਦੀ ਭਰਪੂਰ ਊਰਜਾ ਨੂੰ ਸਮਾਜ ਦੀ ਬਿਹਤਰੀ ਲਈ ਵਰਤਣ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਯੁਵਕ ਮੇਲੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ @ਤੇ ਸੰਗੀਤ, ਨ੍ਰਿਤ, ਥੀਏਟਰ ਅਤੇ ਹੋਰ ਖੇਤਰਾਂ ਵਿੱਚ ਨੌਜਵਾਨਾਂ ਨੂੰ ਵੱਖ-ਵੱਖ ਗਤੀਵਿਧੀਆਂ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਾਲਜ ਪ੍ਰਬੰਧਨ ਲਈ 5 ਲੱਖ ਰੁਪਏ ਦਾ ਐਲਾਨ ਵੀ ਕੀਤਾ।

ਇਸ ਦੌਰਾਨ, ਕੈਬਨਿਟ ਮੰਤਰੀ ਸੋਂਦ ਨੇ ਕਿਹਾ ਕਿ ਕਲਾ ਅਤੇ ਸੱਭਿਆਚਾਰ ਕਿਸੇ ਦੀ ਸ਼ਖ਼ਸੀਅਤ ਦੇ ਸਮੁੱਚੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਇਸ ਤਰ੍ਹਾਂ ਯੁਵਕ ਮੇਲੇ ਨੌਜਵਾਨਾਂ ਨੂੰ ਆਪਣੀ ਦੁਰਲੱਭ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਇੱਕ ਸਿਹਤਮੰਦ ਪਲੇਟਫਾਰਮ ਪ੍ਰਦਾਨ ਕਰਦੇ ਹਨ। ਉਨ੍ਹਾਂ ਪਿਛਲੇ 117 ਸਾਲਾਂ ਤੋਂ ਖੰਨਾ ਦੇ ਨੌਜਵਾਨਾਂ ਨੂੰ ਵਿਦਿਅਕ ਮੌਕੇ ਪ੍ਰਦਾਨ ਕਰਨ ਲਈ ਏ.ਐਸ. ਕਾਲਜ ਪ੍ਰਬੰਧਨ ਦੀ ਵੀ ਪ੍ਰਸ਼ੰਸਾ ਕੀਤੀ।

ਇਸ ਮੌਕੇ ਪੰਜਾਬ ਜੈਨਕੋ ਦੇ ਚੇਅਰਮੈਨ ਨਵਜੋਤ ਸਿੰਘ ਜਰਗ, ਪ੍ਰਿੰਸੀਪਲ ਕੇ ਕੇ ਸ਼ਰਮਾ ਅਤੇ ਹੋਰ ਮੌਜੂਦ ਸਨ। ਸਮਾਗਮ ਦੌਰਾਨ ਕੈਬਨਿਟ ਮੰਤਰੀਆਂ ਵੱਲੋਂ ਮੰਡੇਰ ਬ੍ਰਦਰਜ਼ ਦੁਆਰਾ ਇੱਕ ਪੰਜਾਬੀ ਗੀਤ ਵੀ ਰਿਲੀਜ਼ ਕੀਤਾ ਗਿਆ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਨੌਸ਼ਹਿਰਾ ਮੱਝਾ ਸਿੰਘ ਵਿਖੇ ਗੰਦੇ ਪਾਣੀ ਦੀ ਨਿਕਾਸੀ ਲਈ ਸੀਵਰੇਜ਼ ਦਾ ਕੰਮ ਚੱਲ ਰਿਹਾ ਤੇਜ਼ੀ ਨਾਲ



**ਬਟਾਲਾ,15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਨੌਸ਼ਹਿਰਾ ਮੱਝਾ ਸਿੰਘ ਵਾਸੀਆਂ ਦੀ ਸਹੂਲਤ ਲਈ ਵਿਖੇ ਸੀਵਰੇਜ਼ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਸੀ, ਜਿਸ ਸਬੰਧੀ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ।

ਇਸ ਮੌਕੇ ਪਿੰਡ ਵਿੱਚ ਪਾਏ ਜਾ ਰਹੇ ਸੀਵਰੇਜ਼ ਸਬੰਧੀ ਮਨਦੀਪ ਸਿੰਘ ਗਿੱਲ, ਜ਼ਿਲ੍ਹਾ ਯੂਥ ਆਗੂ ਗੁਰਦਾਸਪੁਰ ਅਤੇ ਪਿੰਡ ਵਾਸੀਆਂ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਪਿੰਡ ਵਾਲਿਆਂ ਨੂੰ ਵੱਡੀ ਰਾਹਤ ਮਿਲੀ ਹੈ।ਉਨਾਂ ਅੱਗੇ ਕਿਹਾ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਹਲਕੇ ਦੇ ਪਿੰਡਾਂ ਦਾ ਪਾਰਦਰਸ਼ੀ ਢੰਗ ਨਾਲ ਵਿਕਾਸ ਕਰਾਜ ਕਰਵਾਇਆ ਜਾ ਰਿਹਾ ਹੈ। ਪਿੰਡਾਂ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮੰਤਵ ਨਾਲ ਖੇਡ ਮੈਦਾਨ ਉਸਾਰੇ ਗਏ ਹਨ। ਪਿੰਡਾਂ ਵਿੱਚ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦਾ ਨਵੀਨੀਕਰਨ ਆਦਿ ਕੀਤਾ ਗਿਆ ਹੈ ਅਤੇ ਸੀਵਰੇਜ ਪਾਉਣ ਦਾ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸੀਵਰੇਜ਼ ਤੋਂ ਇਲਾਵਾ ਕਸਬਾ ਨੌਸ਼ਹਿਰਾ ਮੱਝਾ ਸਿੰਘ ਵਿਖੇ ਲੋਕਾਂ ਨੂੰ ਸਾਫ਼-ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਵਾਟਰ ਸਪਲਾਈ ਦਾ ਕੰਮ ਕਰਵਾਇਆ ਗਿਆ ਹੈ ਅਤੇ ਉਹ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਵਾਉਣ ਕਰਨ ਲਈ ਲਗਾਤਾਰ ਯਤਨਸ਼ੀਲ ਹਨ।ਦੱਸਣਯੋਗ ਹੈ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਪਹਿਲੇ ਪੜਾਅ ਵਿੱਚ 50 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ਼ ਪਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ ਅਤੇ ਉਨ੍ਹਾਂ ਦੱਸਿਆ ਸੀ ਕਿ ਸੀਵਰੇਜ਼ ਮੁਕੰਮਲ ਹੋਣ ਤੱਕ ਪੈਸਿਆਂ ਦੀ ਕੋਈ ਕਮੀਂ ਨਹੀਂ ਆਉਣ ਦਿੱਤੀ ਜਾਵੇਗੀ।

ਇਸ ਤੋਂ ਪਹਿਲਾਂ ਕਰੀਬ 1 ਕਰੋੜ ਰੁਪਏ ਦੀ ਲਾਗਤ ਨਾਲ ਕਸਬਾ ਨੌਸ਼ਹਿਰਾ ਮੱਝਾ ਸਿੰਘ ਵਿਖੇ ਲੋਕਾਂ ਨੂੰ ਸਾਫ਼-ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਵਾਟਰ ਸਪਲਾਈ ਦਾ ਕੰਮ ਕਰਵਾਇਆ ਗਿਆ ਹੈ।

# ਬਟਾਲਾ ਤੋਂ ਜੱਗੂ ਭਗਵਾਨਪੁਰੀਆ ਗੈਂਗ ਦਾ ਸਰਗਰਮ ਮੈਂਬਰ ਗ੍ਰਿਫ਼ਤਾਰ; ਦੋ ਆਧੁਨਿਕ ਪਿਸਤੌਲ ਬਰਾਮਦ



**ਬਟਾਲਾ,15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਗੈਂਗਸਟਰ ਵਿਰੋਧੀ ਟਾਸਕ ਫੋਰਸ (ਏ.ਜੀ.ਟੀ.ਐਫ.) ਪੰਜਾਬ ਨੇ ਬਟਾਲਾ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਜੱਗੂ ਭਗਵਾਨਪੁਰੀਆ ਗੈਂਗ ਦੇ ਇੱਕ ਸਰਗਰਮ ਮੈਂਬਰ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਸ ਦੇ ਕਬਜ਼ੇ ਚੋਂ ਦੋ ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਨੂੰ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗੁਰਲਵ ਸਿੰਘ ਉਰਫ਼ ਲਵ ਰੰਧਾਵਾ ਵਾਸੀ ਉਜਾਗਰ ਨਗਰ , ਬਟਾਲਾ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਇੱਕ ਜ਼ੇਗਾਨਾ ਪਿਸਤੌਲ ਸਮੇਤ ਮੈਗਜ਼ੀਨ ਅਤੇ ਤਿੰਨ ਜਿੰਦਾ ਕਾਰਤੂਸ ਅਤੇ ਇੱਕ .30 ਬੋਰ ਪਿਸਤੌਲ ਸਮੇਤ ਦੋ ਮੈਗਜ਼ੀਨ ਤੇ 13 ਜਿੰਦਾ ਕਾਰਤੂਸ ਸ਼ਾਮਲ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਆਪਣੇ ਵਿਦੇਸ਼ੀ ਹੈਂਡਲਰ ਅੰਮ੍ਰਿਤ ਦਾਲਮ ਦੇ ਨਿਰਦੇਸ਼ਾਂ ▾ਤੇ ਕੰਮ ਕਰਦਾ ਸੀ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦੇ ਹੋਏ, ਏ.ਜੀ.ਟੀ.ਐਫ. ਦੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਪ੍ਰਮੋਦ ਬਾਨ ਨੇ ਦੱਸਿਆ ਕਿ ਪੁਖ਼ਤਾ ਇਤਲਾਹ ▾ਤੇ ਕਾਰਵਾਈ ਕਰਦੇ ਹੋਏ, ਡੀਐਸਪੀ ਏ.ਜੀ.ਟੀ.ਐਫ. ਰਾਜਨ ਪਰਮਿੰਦਰ ਦੀ ਅਗਵਾਈ ਹੇਠ ਏਜੀਟੀਐਫ ਦੀਆਂ ਪੁਲਿਸ ਟੀਮਾਂ ਨੇ ਬਟਾਲਾ ਪੁਲਿਸ ਨਾਲ ਸਾਂਝੀ ਕਾਰਵਾਈ ਤਹਿਤ ਬਟਾਲਾ ਦੇ 60- ਫੁੱਟੇ ਕਾਦੀਆਂ ਰੋਡ ਦੇ ਟੀ-ਪੁਆਇੰਟ ਤੋਂ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਹੈ।

ਸੀਨੀਅਰ ਪੁਲਿਸ ਸੁਪਰਡੈਂਟ (ਐਸ.ਐਸ.ਪੀ.) ਬਟਾਲਾ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਮੁਲਜ਼ਮ ਗੁਰਲਵ ਉਰਫ਼ ਲਵ ਰੰਧਾਵਾ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਹ ਅਸਲਾ ਐਕਟ, ਚੋਰੀ-ਠੱਗੀ ਅਤੇ ਮਨੁੱਖੀ ਜਾਨ ਨੂੰ ਖਤਰੇ ਵਿੱਚ ਪਾਉਣ ਦੇ ਮਾਮਲਿਆਂ ਵਿੱਚ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਹੋਰ ਜਾਂਚ ਜਾਰੀ ਹੈ।

ਇਸ ਸਬੰਧ ਵਿੱਚ, ਬਟਾਲਾ ਦੇ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਐਫਆਈਆਰ ਨੰਬਰ 342 ਮਿਤੀ 11.11.2025 ਨੂੰ ਕੇਸ ਦਰਜ ਕੀਤਾ ਗਿਆ ਹੈ।

# ਦਫ਼ਤਰ ਭਾਸ਼ਾ ਵਿਭਾਗ ਹੁਸ਼ਿਆਰਪੁਰ ਵੱਲੋਂ 14 ਨਵੰਬਰ ਨੂੰ ਤ੍ਰੈ- ਭਾਸ਼ਾ ਕਵੀ ਦਰਬਾਰ

**ਹੁਸ਼ਿਆਰਪੁਰ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ, ਡਾਇਰੈਕਟਰ, ਭਾਸ਼ਾ ਵਿਭਾਗ ਪੰਜਾਬ ਦੀ ਰਹਿਨੁਮਾਈ ਹੇਠ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਹੁਸ਼ਿਆਰਪੁਰ ਵੱਲੋਂ ਪੰਜਾਬੀ ਵਿਕਾਸ ਮੰਚ ਹਰਿਆਣਾ ਅਤੇ ਸ੍ਰੀ ਗੁਰੂ ਨਾਨਕ ਦੇਵ ਐਜੂਕੇਸ਼ਨਲ ਟਰੱਸਟ ਡੱਲੇਵਾਲ ਦੇ ਸਹਿਯੋਗ ਨਾਲ ਪੰਜਾਬੀ ਮਾਹ ਨੂੰ ਸਮਰਪਿਤ ਤ੍ਰੈ- ਭਾਸ਼ਾ ਕਵੀ ਦਰਬਾਰ ਮਿਤੀ 14 ਨਵੰਬਰ,2025 ਦਿਨ ਸ਼ੁਕਰਵਾਰ, ਸਮਾਂ 10:30 ਵਜੇ ਸਵੇਰੇ ਸ਼੍ਰੀ ਗੁਰੂ ਨਾਨਕ ਕਾਲਜ ਆਫ ਐਜੂਕੇਸ਼ਨ ਡੱਲੇਵਾਲ ਵਿਖੇ ਕਰਵਾਇਆ ਜਾ ਰਿਹਾ ਹੈ।

ਇਸ ਸਬੰਧੀ ਵਿਸਤਾਰ ਨਾਲ ਜਾਣਕਾਰੀ ਦਿੰਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਨੇ ਦੱਸਿਆ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਵਿਸ਼ੇਸ਼ ਮਹਿਮਾਨ ਪ੍ਰੋ. ਮਨੋਜ ਕਪੂਰ ਟ੍ਰਿਪਲ ਐੱਮ ਸਕੂਲ ਹੁਸ਼ਿਆਰਪੁਰ ਹੋਣਗੇ। ਸਮਾਗਮ ਵਿੱਚ ਪਹੁੰਚ ਰਹੇ ਕਵੀਜਨ ਪੰਜਾਬੀ ਭਾਸ਼ਾ ਤੋਂ ਜਸਬੀਰ ਸਿੰਘ ਧੀਮਾਨ , ਨਵਤੇਜ ਗੜ੍ਹਦੀਵਾਲਾ, ਰਘਬੀਰ ਸਿੰਘ ਟੇਰਕਿਆਣਾ, ਪ੍ਰੋ. ਮਲਕੀਤ ਜੌੜਾ, ਹਿੰਦੀ ਤੋਂ ਮੀਨਕਸ਼ੀ ਮੈਨਨ, ਅੰਜੂ ਵੀ ਰੱਤੀ, ਇੰਦਰਜੀਤ ਚੌਧਰੀ, ਪ੍ਰਿੰ. ਤਿਮਾਤਨੀ ਆਹਲੂਵਾਲੀਆ ਅਤੇ ਉਰਦੂ ਤੋਂ ਮੁਹੰਮਦ ਏਜਾਜ਼ ਫਾਰੂਕੀ , ਸੁਭਾਸ਼ ਗੁਪਤਾ ਸ਼ਫੀਕ, ਕਮਲ ਨੈਨ, ਵਿਕਾਸਦੀਪ ਮੁਸਾਫਿਰ ਪਹੁੰਚ ਰਹੇ ਹਨ। ਭਾਸ਼ਾ ਵਿਭਾਗ ਵੱਲੋਂ 13 ਅਤੇ 14 ਨਵੰਬਰ ਦੋਵੇਂ ਦਿਨ ਪੁਸਤਕ ਪ੍ਰਦਸ਼ਨੀ ਲਗਾਈ ਜਾਵੇਗੀ। ਇਲਾਕੇ ਦੇ ਸਾਹਿਤ ਪ੍ਰੇਮੀਆਂ , ਵਿਦਵਾਨਾਂ, ਅਧਿਆਪਕਾਂ ਅਤੇ ਸਕੂਲਾਂ ਕਾਲਜਾਂ ਦੇ ਭਾਸ਼ਾ ਮੰਚਾਂ ਨੂੰ ਪੁਸਤਕਾਂ ਖਰੀਦਣ ਤੇ ਸਾਹਿਤਕ ਗਤੀਵਿਧੀਆਂ ਲਈ ਹਾਰਦਿਕ ਸੱਦਾ ਦਿੱਤਾ ਜਾਂਦਾ ਹੈ।

# ਸੜਕ ਬਣਵਾਉਣ ਦੀ ਖੁਸ਼ੀ ਵਿੱਚ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਦਾ ਸਨਮਾਨ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਵੱਲੋ ਪਿਛਲੇ ਦਿਨੀ ਭਾਦਸੋ ਰੋਡ ਤੋ ਲੈ ਕੇ ਸਿਓਣਾ ਚੋਂਕ ਤੱਕ ਜਾਂਦੀ ਸੜਕ ਦਾ ਇਕ ਹਿੱਸਾ ਭਾਦਸੋ ਰੋਡ ਤੋਂ ਰਣਜੀਤ ਨਗਰ ਤੱਕ ਹੈ, ਪੰਜਾਬ ਮੰਡੀ ਬੋਰਡ ਨੇ ਇਹ ਸੜਕ 10 ਫੁੱਟ ਬਣਾਉਣੀ ਸੀ,ਪਰ ਜਿਸ ਨੂੰ ਵਧਾ ਕੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਅਤੇ ਜੈਲਦਾਰ ਗੁਰਜੀਤ ਸਿੰਘ ਵੱਲੋਂ 13 ਫੁੱਟ ਸੜਕ ਆਪਣੇ ਖਰਚੇ ਤੇ ਬਣਵਾਈ ਗਈ ਹੈ ਜਿਸ ਨਾਲ ਸੜਕ ਦੀ ਚੌੜਾਈ ਵੱਧ ਕੇ 23 ਫੁੱਟ ਹੋ ਗਈ, ਇਸ ਦੀ ਖੁਸ਼ੀ ਵਿੱਚ ਰਣਜੀਤ ਨਗਰ ਇਲਾਕਾ ਨਿਵਾਸਿਆ ਵੱਲੋਂ ਅੱਜ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਅਤੇ ਸਮੁਚੀ ਟੀਮ ਨੂੰ ਸਨਮਾਨਿਤ ਕੀਤਾ ਗਿਆ ਜਿਸ ਵਿੱਚ ਸੇਕ ?ੜਿਆਂ ਦੀ ਗਿਣਤੀ ਵਿੱਚ ਇਲਾਕਾਂ ਨਿਵਾਸਿਆ ਨੇ ਖੁਸੀ ਮਨਾਉਂਦੇ ਹੋਏ ਚਾਹ ਪਾਰਟੀ ਕੀਤੀ ਅਤੇ ਇਸ ਮੌਕੇ ਸੀਨੀਅਰ ਆਗੂ ਖੁਸ਼ਵੰਤ ਸ਼ਰਮਾ ਅਤੇ ਇਲਾਕਾ ਨਿਵਾਸਿਆ ਨੇ ਦਸਿਆ ਕਿ ਇਸ ਤਰਾਂ ਦੇ ਰਾਜਨੀਤਿਕ ਲੋਕ ਬਹੁਤ ਘੱਟ ਹੁੰਦੇ ਜੋ ਆਪਣੇ ਖਰਚੇ ਤੇ ਲੋਕ ਭਲਾਈ ਦੇ ਕੰਮ ਕਰਦੇ ਹਨ ਜਿਸ ਦੀ ਇਕ ਮਸ਼ਾਲ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਬਣੇ ਹਨ ,ਉਹਨਾ ਨੇ ਅੱਗੇ ਕਿਹਾ ਕਿ ਅਸੀਂ ਉਹਨਾ ਦੇ ਦਿਲੋ ਧੰਨਵਾਦੀ ਹਾਂ ਕਿਓ ਕਿ ਪਿਛਲੀ ਰਵਾਇਤੀ ਸਰਕਾਰਾਂ ਵੱਲੋਂ ਇਸ ਇਲਾਕੇ ਦੀ ਕੋਈ ਸਾਰ ਨਹੀ ਲਈ ਗਈ ਅਤੇ ਸੜਕਾਂ ਦਾ ਬੁਰਾ ਹਾਲ ਸੀ ਬਰਸਾਤਾ ਦੇ ਦਿਨਾ ਵਿੱਚ ਇਲਾਕਾਂ ਨਿਵਾਸਿਆ ਨੂੰ ਬਹੁਤ ਮੁਸਕਿਲ ਦਾ ਸਾਹਮਣਾ ਕਰਨਾ ਪੈਂਦਾ ਸੀ ਪਰ ਇਹ ਹੋਰ ਵੀ ਖੁਸੀ ਵਾਲੀ ਗੱਲ ਹੈ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ ਗੁਰੂਪੁਰਬ ਮੌਕੇ ਇਸ ਸੜਕ ਨਾਮ ਭਾਦਸੋ ਰੋਡ ਤੋਂ ਲੈ ਕੇ ਅਵਤਾਰ ਕੰਡਾ ਸਰਹੰਦ ਰੋਡ ਤੱਕ ਬਾਬਾ ਨਾਨਕ ਮਾਰਗ ਰਖਿਆ ਗਿਆ ਸੀ।

ਇਸ ਮੌਕੇ ਚੇਅਰਮੈਨ ਢਿੱਲੋਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਸਮਰਪਿਤ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਨਿਰਦੇਸ ਅਨੁਸਾਰ ਸੜਕਾ ਦਾ ਜਲ ਵਿਛਾਇਆ ਜਾ ਰਿਹਾ ਹੈ ਪਟਿਆਲਾ ਦਿਹਾਤੀ ਵਿਧਾਇਕ ਤੇ ਸਿਹਤ ਮੰਤਰੀ ਪੰਜਾਬ ਡਾ ਬਲਬੀਰ ਸਿੰਘ ਅਤੇ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਯਤਨਾ ਸੱਦਕਾਂ ਰਣਜੀਤ ਨਗਰ ਦੇ ਇਲਾਕਾਂ ਨਿਵਾਸਿਆ ਨੂੰ ਆਵਾਜਾਈ ਵਿੱਚ ਆ ਰਹੀ ਮੁਸਕਿਲ ਤੋ ਨਿਜਾਤ ਮਿਲੇਗੀ । ਇਸ ਮੌਕੇ ਢਿੱਲੋਂ ਨੇ ਅੱਗੇ ਦੱਸਿਆ ਕਿ ਪਿਛਲੀਆਂ ਸਰਕਾਰਾਂ ਵਿਕਾਸ ਦੇ ਕੰਮ ਆਪਣੇ ਆਖਰੀ ਸਮੇਂ ਕਰਦੀਆਂ ਸਨ ਪ੍ਰੰਤੂ ਮਾਨ ਸਰਕਾਰ ਆਪਣੇ ਸਾਰੇ ਵਾਦੇ ਪੂਰੇ ਕਰ ਰਹੀ ਹੈ ਅਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਉਹਨਾ ਦੀ ਕੋਸਿਸ ਜਾਰੀ ਹੈ।

ਇਸ ਮੌਕੇ ਅਮਰੀਕ ਸਿੰਘ ਬੰਗੜ ਸੂਬਾ ਸਕੱਤਰ ਮਲਵਾ ਜੋਨ ਈਸਟ ਲਖਵਿੰਦਰ ਸਿੰਘ ਢਿੱਲੋਂ, ਜਿਲਾ ਮੀਡੀਆ ਸਕੱਤਰ ਗ਼ਜਨ ਸਿੰਘ ,ਗੁਲਜਾਰ ਪਟਿਆਲਵੀ ਸਾਬਕਾ ਜ਼ਿਲਾ ਸਕੱਤਰ,ਰਾਜ ਕੁਮਾਰ ਮਿਠਾਰੀਆ ,ਸਰਪੰਚ ਸੰਤੋਖ ਸਿੰਘ ,ਹਰਜੀਤ ਸਿੰਘ ,ਜਤਿੰਦਰ ਕੁਮਾਰ ਮਨਦੀਪ ਜੋਲਾ ,ਜਤਿੰਦਰ ਕੁਮਾਰ,ਰਜਿੰਦਰ ਸਿੰਘ ਕੋਹਲੀ,ਗਿਆਨ ਸਿੰਘ,ਦਰਬਾਰਾ ਸਿੰਘ ਫੋਜੀ ,ਭੱਟੀ ਅਵਤਾਰ ਸਿੰਘ ਪੰਚ ,ਵਿਕਾਸ ਕੁਮਾਰ ,ਸ਼ਿਵ ਦੇਵ ਸਿੰਘ ,ਹਰਜਿੰਦਰ ਪਾਲ ,ਨਿਰਮਲ ਸਿੰਘ ,ਬਲਕਾਰ ਸਿੰਘ,ਹੋਸਲਾ ਪ੍ਰਸ਼ਾਦ ,ਗਗਨਿਤ ਸਿੰਘ ,ਇੰਦਰਜੀਤ ਸਿੰਘ ,ਹਰਦੀਪ ਸਿੰਘ ਪੰਚ, ਕਰਮ ਸਿੰਘ ਪੰਚ, ਕੁਲਵੰਤ ਪੰਚ, ਇਮਰਾਨ ਖਾਨ ,ਡੀ ਕੇ ਗੁਪਤਾ ,ਆਰ ਪੀ ਐਸ ਖੈਰ ਰਾਕੇਸ਼ ਕੁਮਾਰ ਬਾਂਸਲ,ਤਰਲੋਕ ਸਿੰਘ,ਗੁਰਜਿੰਦਰ ਸਿੰਘ,ਕਰਮਜੀਤ ਸਿੰਘ ਨਿਰਮਲ ਸਿੰਘ ,ਨੰਦ ਲਾਲ ਕਸ਼ਮੀਰ ਸਿੰਘ ਕੁਲਵੰਤ ਸਿੰਘ ਪਰਮਿੰਦਰ ਸਿੰਘ,ਕਾਕਾ ਸਿੰਘ,ਧਨਰਾਜ ਗੁਪਤਾ,ਅਵਤਾਰ ਪੰਚ,ਸੁਖਦੇਵ ਭੱਟੀ,ਅਮਰਜੀਤ ਪੱਪੂ,ਜਸਪਾਲ ਸਿੰਘ ਤੋ ਇਲਾਵਾਂ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੋਜੂਦ ਸਨ ।

## ਬਟਾਲਾ ਤੋਂ ਜੱਗੂ ਭਗਵਾਨਪੁਰੀਆ ਗੈਂਗ ਦਾ ਸਰਗਰਮ ਮੈਂਬਰ ਗ੍ਰਿਫ਼ਤਾਰ; ਦੋ ਆਧੁਨਿਕ ਪਿਸਤੌਲ ਬਰਾਮਦ

# ਆਪਣੇ ਵਿਦੇਸ਼ੀ ਹੈਂਡਲਰ ਅੰਮ੍ਰਿਤ ਦਾਲਮ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ ਗ੍ਰਿਫ਼ਤਾਰ ਕੀਤਾ ਮੁਲਜ਼ਮ : ਡੀਜੀਪੀ ਗੌਰਵ ਯਾਦਵ

**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਗੈਂਗਸਟਰ ਵਿਰੋਧੀ ਟਾਸਕ ਫੋਰਸ (ਏ.ਜੀ.ਟੀ.ਐਫ.) ਪੰਜਾਬ ਨੇ ਬਟਾਲਾ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿੱਚ ਜੱਗੂ ਭਗਵਾਨਪੁਰੀਆ ਗੈਂਗ ਦੇ ਇੱਕ ਸਰਗਰਮ ਮੈਂਬਰ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਸ ਦੇ ਕਬਜ਼ੇ ਚੋਂ ਦੋ ਆਧੁਨਿਕ ਪਿਸਤੌਲ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਬੁੱਧਵਾਰ ਨੂੰ ਇੱਥੇ ਦਿੱਤੀ।



ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਗੁਰਲਵ ਸਿੰਘ ਉਰਫ਼ ਲਵ ਰੰਧਾਵਾ ਵਾਸੀ ਉਜਾਗਰ ਨਗਰ , ਬਟਾਲਾ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਇੱਕ ਜ਼ੇਗਾਨਾ ਪਿਸਤੌਲ ਸਮੇਤ ਮੈਗਜ਼ੀਨ ਅਤੇ ਤਿੰਨ ਜਿੰਦਾ ਕਾਰਤੂਸ ਅਤੇ ਇੱਕ .30 ਬੋਰ ਪਿਸਤੌਲ ਸਮੇਤ ਦੋ ਮੈਗਜ਼ੀਨ ਤੇ 13 ਜਿੰਦਾ ਕਾਰਤੂਸ ਸ਼ਾਮਲ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਆਪਣੇ ਵਿਦੇਸ਼ੀ ਹੈਂਡਲਰ ਅੰਮ੍ਰਿਤ ਦਾਲਮ ਦੇ ਨਿਰਦੇਸ਼ਾਂ ▾ਤੇ ਕੰਮ ਕਰਦਾ ਸੀ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਆਪ੍ਰੇਸ਼ਨ ਸੰਬੰਧੀ ਵੇਰਵੇ ਸਾਂਝੇ ਕਰਦੇ ਹੋਏ, ਏ.ਜੀ.ਟੀ.ਐਫ. ਦੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਪ੍ਰਮੋਦ ਬਾਨ ਨੇ ਦੱਸਿਆ ਕਿ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦੇ ਹੋਏ, ਡੀਐਸਪੀ ਏ.ਜੀ.ਟੀ.ਐਫ. ਰਾਜਨ ਪਰਮਿੰਦਰ ਦੀ ਅਗਵਾਈ ਹੇਠ ਏਜੀਟੀਐਫ ਦੀਆਂ ਪੁਲਿਸ ਟੀਮਾਂ ਨੇ ਬਟਾਲਾ ਪੁਲਿਸ ਨਾਲ ਸਾਂਝੀ ਕਾਰਵਾਈ ਤਹਿਤ ਬਟਾਲਾ ਦੇ 60- ਫੁੱਟੇ ਕਾਦੀਆਂ ਰੋਡ ਦੇ ਟੀ-ਪੁਆਇੰਟ ਤੋਂ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਹੈ।

ਸੀਨੀਅਰ ਪੁਲਿਸ ਸੁਪਰਡੈਂਟ (ਐਸ.ਐਸ.ਪੀ.) ਬਟਾਲਾ ਸੁਹੇਲ ਕਾਸਿਮ ਮੀਰ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤਾ ਮੁਲਜ਼ਮ ਗੁਰਲਵ ਉਰਫ਼ ਲਵ ਰੰਧਾਵਾ ਦਾ ਅਪਰਾਧਿਕ ਪਿਛੋਕੜ ਹੈ ਅਤੇ ਉਹ ਅਸਲਾ ਐਕਟ, ਚੋਰੀ-ਠੱਗੀ ਅਤੇ ਮਨੁੱਖੀ ਜਾਨ ਨੂੰ ਖਤਰੇ ਵਿੱਚ ਪਾਉਣ ਦੇ ਮਾਮਲਿਆਂ ਵਿੱਚ ਸ਼ਾਮਲ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਹੋਰ ਜਾਂਚ ਜਾਰੀ ਹੈ।

ਇਸ ਸਬੰਧ ਵਿੱਚ, ਬਟਾਲਾ ਦੇ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਵਿਖੇ ਅਸਲਾ ਐਕਟ ਦੀ ਧਾਰਾ 25 ਤਹਿਤ ਐਫਆਈਆਰ ਨੰਬਰ 342 ਮਿਤੀ 11.11.2025 ਨੂੰ ਕੇਸ ਦਰਜ ਕੀਤਾ ਗਿਆ ਹੈ।

# ਮੇਅਰ ਕੁੰਦਨ ਗੋਗੀਆ ਨੇ ਰਸੂਲਪੁਰ ਸੈਦਾ ਦੀਆਂ ਦੋ ਮੁੱਖ ਸੜਕਾਂ ਦਾ ਨਿਰਮਾਣ ਕਰਵਾਇਆ ਸ਼ੁਰੂ

## ਵਾਅਦਾ ਕੀਤਾ ਸੀ ਕਿ ਆਪਣੀ ਹੋਂਦ ਵਿੱਚ ਸੜਕਾਂ ਜਰੂਰ ਬਣਵਾਵਾਂਗਾ : ਕੌਂਸਲਰ ਗਿਆਨ ਚੰਦ



**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਸ਼ਹਿਰ ਵਿੱਚ ਵਿਕਾਸ ਦੀ ਰਫ਼ਤਾਰ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਂਦਿਆਂ ਮੇਅਰ ਕੁੰਦਨ ਗੋਗੀਆ ਨੇ ਅੱਜ ਰਸੂਲਪੁਰ ਸੈਦਾ ਇਲਾਕੇ ਦੇ ਵਾਰਡ ਨੰਬਰ 18 ਦੀਆ ਕਰੀਬ 8 ਲੱਖ ਨਾਲ ਤਿਆਰ ਹੋਣ ਵਾਲੀਆਂ ਦੋ ਮੁੱਖ ਸੜਕਾਂ ਦੇ ਨਿਰਮਾਣ ਸ਼ੁਰੂ ਕਰਵਾਇਆ। ਇਸ ਮੌਕੇ ਉਨ੍ਹਾਂ ਦੇ ਨਾਲ ਵਾਰਡ ਦੇ ਕੌਂਸਲਰ ਗਿਆਨ ਚੰਦ, ਨਿਗਮ ਅਧਿਕਾਰੀ ਜੇ ਪੀ ਸਿੰਘ ਅਤੇ ਸਥਾਨਕ ਵਸਨੀਕ ਵੀ ਮੌਜੂਦ ਸਨ।

ਦਸ ਦੇਈਏ ਕਿ ਸੜਕ ਨਿਰਮਾਣ ਦੇ ਇਸ ਪ੍ਰੋਜੈਕਟ ਨਾਲ ਇਲਾਕੇ ਦੇ ਵਸਨੀਕਾਂ ਨੂੰ ਕਾਫ਼ੀ ਰਾਹਤ ਮਿਲੇਗੀ ਕਿਉਂਕਿ ਬਾਰਿਸ਼ ਦੇ ਦਿਨਾਂ ਵਿੱਚ ਇਨ੍ਹਾਂ ਸੜਕਾਂ ਦੀ ਹਾਲਤ ਬਹੁਤ ਖਰਾਬ ਹੋ ਜਾਂਦੀ ਸੀ। ਕੌਂਸਲਰ ਗਿਆਨ ਚੰਦ ਨੇ ਇਸ ਮੌਕੇ ਕਿਹਾ ਕਿ ਉਨ੍ਹਾਂ ਨੇ ਚੋਣਾਂ ਦੌਰਾਨ ਇਲਾਕਾ ਵਾਸੀਆਂ ਨਾਲ ਵਾਅਦਾ ਕੀਤਾ ਸੀ ਕਿ ਉਹ ਆਪਣੇ ਕਾਰਜਕਾਲ ਦੌਰਾਨ ਇਹ ਸੜਕਾਂ ਜਰੂਰ ਬਣਵਾ ਕੇ ਦੇਣਗੇ ਅਤੇ ਅੱਜ ਉਹ ਵਾਅਦਾ ਪੂਰਾ ਹੋ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਮੇਅਰ ਕੁੰਦਨ ਗੋਗੀਆ ਦੀ ਵਿਸ਼ੇਸ਼ ਰਹਿਨੁਮਾਈ ਅਤੇ ਸਹਿਯੋਗ ਨਾਲ ਹੀ ਇਹ ਕਾਰਜ ਸੰਭਵ ਹੋਇਆ ਹੈ। ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਪਟਿਆਲਾ ਨਿਗਮ ਦਾ ਮੁੱਖ ਲਕਸ਼ ਹੈ ਕਿ ਹਰ ਵਾਰਡ ਵਿੱਚ ਵਿਕਾਸ ਸਮਾਨ ਤੌਰ 'ਤੇ ਹੋਵੇ। ਉਨ੍ਹਾਂ ਨੇ ਕਿਹਾ ਕਿ ਨਿਗਮ ਵੱਲੋਂ ਸੜਕਾਂ, ਨਿਕਾਸੀ ਪ੍ਰਣਾਲੀ, ਸਫ਼ਾਈ ਅਤੇ ਪੀਣ ਵਾਲੇ ਪਾਣੀ ਦੀ ਸਹੂਲਤਾਂ ਵਿੱਚ ਸੁਧਾਰ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ। ਗੋਗੀਆ ਨੇ ਸਪੱਸ਼ਟ ਕਿਹਾ ਕਿ ਲੋਕਾਂ ਨੂੰ ਨਿਗਮ ਦਫ਼ਤਰ ਦੇ ਚੱਕਰ ਨਹੀਂ ਲਗਾਉਣ ਪੈਣਗੇ, ਹਰ ਕੰਮ ਲੋਕਾਂ ਦੇ ਦਰਵਾਜ਼ੇ 'ਤੇ ਹੀ ਨਿਪਟਾਇਆ ਜਾਵੇਗਾ।

ਇਸ ਮੌਕੇ ਇਲਾਕਾ ਵਾਸੀਆਂ ਨੇ ਮੇਅਰ ਅਤੇ ਕੌਂਸਲਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸੜਕ ਨਿਰਮਾਣ ਨਾਲ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕੀ ਮੰਗਾਂ ਪੂਰੀਆਂ ਹੋਈਆਂ ਹਨ। ਸਮਾਗਮ ਦੌਰਾਨ ਨਿਗਮ ਅਧਿਕਾਰੀਆਂ ਨੇ ਦੱਸਿਆ ਕਿ ਦੋਹਾਂ ਸੜਕਾਂ ਦਾ ਨਿਰਮਾਣ ਗੁਣਵੱਤਾ ਪੂਰਣ ਮਾਲ ਨਾਲ ਕੀਤਾ ਜਾ ਰਿਹਾ ਹੈ, ਤਾਂ ਜੋ ਇਹ ਲੰਬੇ ਸਮੇਂ ਤੱਕ ਟਿਕਾਊ ਰਹਿਣ।

# ਸ੍ਰੀ ਗੁਰੂ ਤੇ.ਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਅਨੰਦਪੁਰ ਸਾਹਿਬ ਲਈ 'ਵ੍ਹਾਈਟ ਸਿਟੀ' ਪ੍ਰੋਜੈਕਟ ਦੀ ਸ਼ੁਰੂਆਤ

**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਨੰਦਾਂ ਦੀ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਅਧਿਆਤਮਿਕ ਅਤੇ ਇਤਿਹਾਸਕ ਮਾਹੌਲ ਨੂੰ ਸਿਖਰ 'ਤੇ ਲਿਜਾਣ ਅਤੇ ਸ੍ਰੀ ਗੁਰੂ ਤੇ.ਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸ਼ਰਧਾਪੂਰਵਕ ਢੰਗ ਨਾਲ ਮਨਾਉਣ ਲਈ ਅੱਜ 'ਵ੍ਹਾਈਟ ਸਿਟੀ' ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ।



ਇਸ ਮੌਕੇ ਕਿਲ੍ਹਾ ਅਨੰਦਗੜ੍ਹ ਸਾਹਿਬ ਕਾਰ ਸੇਵਾ ਵਾਲੇ ਬਾਬਾ ਸਤਨਾਮ ਸਿੰਘ ਜੀ ਵੱਲੋਂ ਅਰਦਾਸ ਕੀਤੀ ਗਈ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਸ. ਹਰਜੋਤ ਸਿੰਘ ਬੈਂਸ ਨੇ ਸਥਾਨਕ ਬੱਸ ਸਟੈਂਡ ਤੋਂ ਪੂਰੇ ਸ਼ਹਿਰ ਨੂੰ ਸਫੇਦ ਰੰਗ ਨਾਲ ਰੰਗਣ ਲਈ ਪੇਂਟ ਬੁਰਸ਼ ਨਾਲ ਇਸ ਅਹਿਮ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ।

ਇਸ ਪ੍ਰੋਜੈਕਟ ਦੇ ਦ੍ਰਿਸ਼ਟੀਕੋਣ ਬਾਰੇ ਜਾਣਕਾਰੀ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ਅੱਜ, ਅਸੀਂ ਸ੍ਰੀ ਅਨੰਦਪੁਰ ਸਾਹਿਬ ਨੂੰ ਸੁੰਦਰਤਾ, ਸ਼ਾਂਤੀ ਅਤੇ ਸ਼ਰਧਾ ਦਾ ਚਾਨਣ ਮੁਨਾਰਾ ਬਣਾਉਣ ਦੇ ਰਾਹ 'ਤੇ ਨਿਕਲੇ ਹਾਂ। ਇਹ ਪ੍ਰੋਜੈਕਟ ਸਾਡੀ ਅਮੀਰ ਵਿਰਾਸਤ ਅਤੇ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨਾਲ ਇੱਕ ਵਾਅਦਾ ਹੈ। ਪਵਿੱਤਰ ਨਗਰੀ ਦੀ ਰੂਹਾਨੀਅਤ ਨੂੰ ਪਹਿਲਾਂ ਹੀ ਮਹਿਸੂਸ ਕੀਤਾ ਜਾ ਰਿਹਾ ਹੈ ਕਿਉਂਕਿ ਅਸੀਂ ਹਰ ਗਲੀ ਅਤੇ ਕੋਨੇ ਨੂੰ ਸਾਫ਼ ਕਰ ਰਹੇ ਹਾਂ, ਹਰ ਸੜਕ ਦਾ ਨਵੀਨੀਕਰਨ ਕਰ ਰਹੇ ਹਾਂ ਅਤੇ ਸ਼ਹਿਰ ਨੂੰ ਸਫੇਦ ਰੰਗ ਵਿੱਚ ਰੰਗ ਰਹੇ ਹਾਂ।

ਸਾਰੇ ਭਾਈਚਾਰਿਆਂ ਤੋਂ ਮਿਲ ਰਹੇ ਭਰਵੇਂ ਸਮਰਥਨ ਦਾ ਜ਼ਿਕਰ ਕਰਦਿਆਂ ਸਿੱਖਿਆ ਮੰਤਰੀ ਨੇ ਕਿਹਾ ਕਿ ਲੋਕ ਭਲਾਈ ਨੂੰ ਸਮਰਪਿਤ ਵਿਅਕਤੀਆਂ ਨੇ ਸ਼ੁਰੂਆਤੀ ਪੜਾਅ ਲਈ 20,000 ਲੀਟਰ ਤੋਂ ਵੱਧ ਸਫੇਦ ਪੇਂਟ ਦਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਆਪਸੀ ਭਾਈਚਾਰੇ ਅਤੇ ਸਮੂਹਿਕ ਯਤਨਾਂ ਦੀ ਭਾਵਨਾ ਦਾ ਇੱਕ ਪ੍ਰਤੱਖ ਪ੍ਰਮਾਣ ਹੈ।

ਨੌਜਵਾਨਾਂ ਅਤੇ ਪੰਚਾਇਤਾਂ ਨੂੰ ਇਸ ਵੱਡੀ ਸੇਵਾ ਵਿੱਚ ਹਿੱਸਾ ਲੈਣ ਦੀ ਅਪੀਲ ਕਰਦਿਆਂ, ਸਿੱਖਿਆ ਮੰਤਰੀ ਨੇ ਕਿਹਾ, ਅਸੀਂ ਅਗਲੇ ਪੰਜ ਤੋਂ ਸੱਤ ਦਿਨਾਂ ਵਿੱਚ ਹਰ ਗਲੀ ਅਤੇ ਹਰ ਮੁਹੱਲੇ ਨੂੰ ਕਵਰ ਕਰਾਂਗੇ ਅਤੇ ਇਹ ਯਕੀਨੀ ਬਣਾਵਾਂਗੇ ਕਿ ਸਫੇਦ ਰੰਗ ਨਾਲ ਇਸ ਪਵਿੱਤਰ ਨਗਰੀ ਦੀ ਸੁੰਦਰਤਾ ਨੂੰ ਹੋਰ ਚਾਰ ਚੰਨ ਲਗਾਏ ਜਾਣ। ਸਿੱਖਿਆ ਮੰਤਰੀ ਨੇ ਇਸ ਪ੍ਰੋਜੈਕਟ ਲਈ ਸਮੁੱਚੇ ਪ੍ਰਸ਼ਾਸਨ ਵੱਲੋਂ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੰਦਿਆਂ ਕਿਹਾ ਕਿ 'ਵ੍ਹਾਈਟ ਸਿਟੀ' ਪ੍ਰੋਜੈਕਟ ਨੂੰ ਇੱਕ ਨਿਰੰਤਰ ਮੁਹਿੰਮ ਵਜੋਂ ਅੱਗੇ ਵਧਾਇਆ ਜਾਵੇਗਾ ਅਤੇ ਇਸ ਦੇ ਮੌਜੂਦਾ ਪੜਾਅ ਤਹਿਤ ਸ੍ਰੀ ਅਨੰਦਪੁਰ ਸਾਹਿਬ ਦੇ ਸੰਪੂਰਨ ਅਤੇ ਸਥਾਈ ਸੁੰਦਰੀਕਰਨ ਨੂੰ ਯਕੀਨੀ ਬਣਾਇਆ ਜਾਵੇਗਾ ਤਾਂ ਜੋ ਨੌਵੇਂ ਪਾਤਸ਼ਾਹ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਾਗਮਾਂ ਲਈ ਲੱਖਾਂ ਦੀ ਗਿਣਤੀ ਵਿੱਚ ਪਹੁੰਚਣ ਵਾਲੀ ਸੰਗਤ ਨੂੰ ਗੁਰੂ ਸਾਹਿਬ ਦੀ ਵਿਰਾਸਤ ਦਾ ਰੂਹਾਨੀ ਪ੍ਰਤੀਕ ਬਣਾਇਆ ਜਾ ਸਕੇ।

## ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ ਦੀ ਮਹੀਨਾਵਾਰ ਮੀਟਿੰਗ ਆਯੋਜਿਤ



**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਪਹਿਲਵਾਨ ਪਾਵਰਕਾਮ ਅਤੇ ਟਰਾਂਸਕੋ ਲਿਮਟਿਡ, ਸਰਕਲ ਪਟਿਆਲਾ ਦੀ ਮਹੀਨਾਵਾਰ ਮੀਟਿੰਗ ਜਥੇਬੰਦੀ ਦੇ ਮੁੱਖ ਦਫ਼ਤਰ ਪੀ—3, 66 ਕੇ.ਵੀ. ਗਰਿਡ ਕਲੌਨੀ ਪਟਿਆਲਾ ਵਿਖੇ ਸ੍ਰ. ਬਲਵਿੰਦਰ ਸਿੰਘ ਪਸਿਆਣਾ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਦੀ ਜਾਣਕਾਰੀ ਪ੍ਰੈਸ ਨੂੰ ਜਾਰੀ ਕਰਦੇ ਹੋਏ ਸੂਬੇ ਦੇ ਜਨਰਲ ਸਕੱਤਰ ਸ੍ਰੀ ਬੀ.ਐਸ. ਸੇਖੋਂ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਬਿਜਲੀ ਵਿਭਾਗ ਦੀਆਂ ਜਾਇਦਾਦਾਂ ਨੂੰ ਵੇਚਣ ਦੇ ਫੈਸਲੇ ਦੀ ਪੁਰਜੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਤੋਂ ਇਲਾਵਾ ਪੰਜਾਬ ਦੇ ਮੁਲਾਜਮਾਂ ਨੂੰ ਦਿਵਾਲੀ ਮੌਕੇ ਮਹਿੰਗਾਈ ਭੱਤੇ ਦੀ ਕੋਈ ਕਿਸ਼ਤ ਜਾਰੀ ਨਾ ਕਰਨ ਅਤੇ ਮੁਲਾਜਮਾਂ ਦੀਆਂ ਲੰਮੇ ਸਮੇਂ ਤੋਂ ਪੈਂਡਿੰਗ ਪਈਆਂ ਮੰਗਾਂ ਜਿਵੇਂ 200 ਰੁਪਏ ਪ੍ਰਤੀ ਮਹੀਨਾ ਪੈਨਸ਼ਨਾਂ ਵਿਚੋਂ ਵਿਕਾਸ ਟੈਕਸ ਦੇ ਨਾਂ ਤੇ ਕੱਟਿਆ ਜਾ ਰਿਹਾ ਜਜੀਆ ਟੈਕਸ ਬੰਦ ਨਾ ਕਰਨ, ਮਿਤੀ 01—01—2016 ਤੋਂ ਪਹਿਲਾਂ ਰਿਟਾਇਰ ਹੋਏ ਮੁਲਾਜਮਾਂ ਨੂੰ 2.45 ਦੀ ਬਜਾਏ 2.59 ਦੇ ਫੈਕਟਰ ਨਾਲ ਪੈਨਸ਼ਨਾਂ ਨਾ ਸੋਧਣ, ਮਿਤੀ 01—01—2016 ਤੋਂ 30—06—2021 ਤੱਕ ਸੋਧੇ ਤਨਖਾਹ ਸਕੇਲਾਂ ਦਾ ਏਰੀਅਰ ਯੱਕਮੁਸ਼ਤ ਅਦਾ ਨਾ ਕਰਨ ਦੀ ਪੁਰਜੋਰ ਨਿਖੇਧੀ ਕਰਦੇ ਹੋਏ ਮੰਗ ਕੀਤੀ ਗਈ ਕਿ ਮੰਨੀਆਂ ਹੋਈਆਂ ਮੰਗਾਂ ਦਾ ਅਗੇਤ ਆਧਾਰ ਤੇ ਹੱਲ ਕਰਕੇ ਮੁਲਾਜਮਾਂ ਦੇ ਰੋਸ ਨੂੰ ਸ਼ਾਂਤ ਕੀਤਾ ਜਾਵੇ। ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸੂਬੇ ਦੇ ਜਨਰਲ ਸਕੱਤਰ ਬੀ.ਐਸ.ਸੇਖੋਂ ਵੀ ਸ਼ਾਮਲ ਹੋਏ ਉਹਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਪਸਿਆਣਾ ਮੀਤ ਪ੍ਰਧਾਨ ਪੰਜਾਬ, ਰਜਿੰਦਰ ਠਾਕੁਰ ਡਿਪਟੀ ਜਨਰਲ ਸਕੱਤਰ ਪੰਜਾਬ, ਬ੍ਰਿਜ ਮੋਹਨ ਸਕੱਤਰ, ਰਜਿੰਦਰ ਸਿੰਘ ਸੋਢੀ, ਰਜਿੰਦਰ ਸੰਧੂ, ਬਲਜਿੰਦਰ ਸਿੰਘ, ਖੁਸ਼ਵਿੰਦਰ ਸਿੰਘ, ਜਗਦੀਸ਼ ਸਿੰਘ, ਸਤਪਾਲ ਮਹਿਤਾ, ਗੁਰਚਰਨ ਸਿੰਘ, ਗੁਰਭਜਨ ਸਿੰਘ, ਸ਼ਮਸ਼ੇਰ ਸਿੰਘ, ਗੁਰਬੀਰ ਸਿੰਘ ਗੁਲਾਟੀ, ਸਿਕੰਦਰ ਸਿੰਘ, ਇੰਦਰਜੀਤ ਸਿੰਘ, ਪ੍ਰੇਮ ਚੰਦ, ਅਮਰਜੀਤ ਬੇਦੀ, ਹਾਕਮ ਸਿੰਘ, ਬਰਜਿੰਦਰ ਸਿੰਘ, ਸਮੇਤ ਕੁੱਲ 45 ਮੈਂਬਰ ਮੀਟਿੰਗ ਵਿੱਚ ਸ਼ਾਮਿਲ ਹੋਏ।

# ਪਿੰਡ ਮਗਰ ਸਾਹਿਬ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਕੀਰਤਨ ਸਮਾਗਮ; ਚੇਅਰਮੈਨ ਰਣਜੋਧ ਸਿੰਘ ਹਡਾਣਾ



**ਦੇਵੀਗੜ੍ਹ, 13 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਚਰਨਛੋਹ ਅਸਥਾਨ ਪਿੰਡ ਮਗਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਅਤੇ ਐਸ.ਡੀ.ਐਮ ਦੂਧਨਸਾਧਾਂ ਕਿਰਪਾਲ ਵੀਰ ਸਿੰਘ ਸਮੇਤ ਵੱਡੀ ਗਿਣਤੀ ਸੰਗਤ ਇਸ ਮੌਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੋਈ।

ਗ੍ਰਾਮ ਪੰਚਾਇਤ ਮਗਰ ਸਾਹਿਬ ਦੇ ਸਹਿਯੋਗ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਇਸ ਧਾਰਮਿਕ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਉਪਰੰਤ ਗੁਰਦੁਆਰ ਸ੍ਰੀ ਦੁੱਖ ਨਿਵਾਰਨ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਵਿੰਦਰਸ ਸਿੰਘ, ਰਾਗੀ ਭਾਈ ਹਰਪ੍ਰੀਤ ਸਿੰਘ ਪਟਿਆਲਾ ਤੇ ਪੰਜਾਬੀ ਯੂਨੀਵਰਸਿਟੀ ਤੋਂ ਭਾਈ ਹਰਲਾਲ ਸਿੰਘ ਦੇ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ। ਪਿੰਡ ਵਾਸੀਆਂ ਨੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਅਤੇ ਰਾਗੀ ਸਿੰਘਾਂ ਨੂੰ ਸਿਰੋਪਾਏ ਬਖ਼ਸ਼ੇ ਗਏ।

ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਹਲਕਾ ਸਨੌਰ ਵਿੱਚ ਜਿਹੜੇ ਅਸਥਾਨਾਂ ਨੂੰ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਹੈ, ਉਨ੍ਹਾਂ ਸਾਰੇ ਸਥਾਨਾਂ ਤੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗੁਰੂ ਤੇਗ ਬਹਾਦਰ ਜੀ ਨੇ ਦੂਸਰੇ ਧਰਮ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ ਅਤੇ ਅੱਜ ਵੀ ਉਨ੍ਹਾਂ ਦੀ ਸਿੱਖਿਆ ਸਾਨੂੰ ਪ੍ਰੇਰਨਾ ਦਿੰਦੀ ਹੈ।ਚੇਅਰਮੈਨ ਹਡਾਣਾ ਨੇ ਕਿਹਾ ਕਿ ਅਜਿਹੇ ਸਮਾਗਮਾਂ ਨਾਲ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨਾਲ ਜੋੜਿਆ ਜਾ ਸਕਦਾ ਹੈ।

ਐਸ.ਡੀ.ਐਮ ਕਿਰਪਾਲਵੀਰ ਸਿੰਘ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਨੇ ਸਮਾਗਮ ਨੂੰ ਸਫਲ ਬਣਾਉਣ ਲਈ ਪੂਰਾ ਸਹਿਯੋਗ ਦਿੱਤਾ। ਐਸ ਡੀ ਐਮ ਨੇ ਆਖਿਆ ਕਿ ਅਜਿਹੇ ਪ੍ਰੋਗਰਾਮ ਸਮਾਜ ਵਿੱਚ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ।ਇਸ ਮੌਕੇ ਤਹਿਸੀਲਦਾਰ ਜਗਤਾਰ ਸਿੰਘ, ਸਰਪੰਚ ਸ਼ਿੰਦਰ ਸਿੰਘ, ਪੀ ਏ ਲਾਲੀ ਰਹਿਲ, ਤਰਲੋਚਨ ਸਿੰਘ ਭੋਲਾ, ਸਰਪੰਚ ਮਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਅੰਮ੍ਰਿਤਸਰ, ਜਲੰਧਰ, ਹੁਸ਼ਿਆਰਪੁਰ, ਲੁਧਿਆਣਾ, ਪਟਿਆਲਾ ਅਤੇ ਮੋਹਾਲੀ ਵਿੱਚ ਲਾਵਾਰਿਸ ਜਾਇਦਾਦਾਂ ਦੇ ਨਿਪਟਾਰੇ ਵਿੱਚ ਤੇਜ਼ੀ ਲਿਆਉਣ ਲਈ ਜਨਤਕ ਜਾਗਰੂਕਤਾ ਕੈਂਪ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ- )**

ਅੱਜ ਰਾਜ ਪੱਧਰੀ ਬੈਂਕਰਜ਼ ਕਮੇਟੀ, ਪੰਜਾਬ ਦੀ ਅਗਵਾਈ ਹੇਠ, ਪੰਜਾਬ ਦੇ ਅੰਮ੍ਰਿਤਸਰ, ਜਲੰਧਰ, ਹੁਸ਼ਿਆਰਪੁਰ, ਲੁਧਿਆਣਾ, ਪਟਿਆਲਾ ਅਤੇ ਮੋਹਾਲੀ ਜ਼ਿਲ੍ਹਿਆਂ ਵਿੱਚ ਇੱਕ ਵਿਸ਼ਾਲ ਜਨਤਕ ਜਾਗਰੂਕਤਾ ਕੈਂਪ ਲਗਾਇਆ ਜਾਵੇਗਾ। ਪੰਜਾਬ ਨੈਸ਼ਨਲ ਬੈਂਕ ਦੇ ਡਿਪਟੀ ਜਨਰਲ ਮੈਨੇਜਰ ਰਾਮਕਿਸ਼ੋਰ ਮੀਨਾ ਨੇ ਕਿਹਾ ਕਿ ਲੀਡ ਜ਼ਿਲ੍ਹਾ ਪ੍ਰਬੰਧਕ ਸਾਰੀਆਂ ਵਿੱਤੀ ਸੰਸਥਾਵਾਂ ਨਾਲ ਸੰਪਰਕ ਕਰਨਗੇ ਅਤੇ ਭਾਰਤ ਸਰਕਾਰ ਅਤੇ ਭਾਰਤੀ ਰਿਜ਼ਰਵ ਬੈਂਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਇਨ੍ਹਾਂ ਜ਼ਿਲ੍ਹਿਆਂ ਵਿੱਚ ਇਹ ਕੈਂਪ ਲਗਾਉਣਗੇ। ਬੈਂਕਿੰਗ, ਬੀਮਾ, ਪੈਨਸ਼ਨ ਅਤੇ ਮਿਊਚੁਅਲ ਫੰਡ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਕੈਂਪ ਵਿੱਚ ਹਿੱਸਾ ਲੈਣਗੇ। ਸ਼੍ਰੀ ਮੀਨਾ ਨੇ ਦੱਸਿਆ ਕਿ ਜੇਕਰ ਕੋਈ ਬੈਂਕ ਜਮ੍ਹਾਂ ਰਾਸ਼ੀ 10 ਸਾਲਾਂ ਤੱਕ ਲਾਵਾਰਿਸ ਰਹਿੰਦੀ ਹੈ, ਤਾਂ ਰਕਮ ਭਾਰਤੀ ਰਿਜ਼ਰਵ ਬੈਂਕ ਨੂੰ ਜਾਂਦੀ ਹੈ। ਕੈਂਪ ਵਿੱਚ ਅਜਿਹੀਆਂ ਪੁਰਾਣੀਆਂ ਲਾਵਾਰਿਸ ਜਮ੍ਹਾਂ ਰਾਸ਼ੀਆਂ, ਮਿਊਚੁਅਲ ਫੰਡਾਂ ਅਤੇ ਬੀਮਾ ਰਕਮਾਂ ਨੂੰ ਕਿਵੇਂ ਪ੍ਰਾਪਤ ਕਰਨਾ ਹੈ, ਇਸ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ ਜਾਵੇਗੀ।

ਰਾਜ ਭਰ ਵਿੱਚ ਅਜਿਹੇ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪੁਰਾਣੀਆਂ ਲਾਵਾਰਿਸ ਜਮ੍ਹਾਂ ਰਕਮਾਂ ਉਨ੍ਹਾਂ ਦੇ ਅਸਲ ਮਾਲਕਾਂ, ਨਾਮਜ਼ਦ ਵਿਅਕਤੀਆਂ ਜਾਂ ਕਾਨੂੰਨੀ ਵਾਰਸਾਂ ਨੂੰ ਵਾਪਸ ਕੀਤੀਆਂ ਜਾਣ। ਵਿੱਤ ਮੰਤਰਾਲੇ ਦੁਆਰਾ ਸ਼ੁਰੂ ਕੀਤੀ ਗਈ ਤੁਹਾਡੀ ਪੂੰਜੀ - ਤੁਹਾਡੇ ਅਧਿਕਾਰ ਜਨਤਕ ਜਾਗਰੂਕਤਾ ਮੁਹਿੰਮ 1 ਅਕਤੂਬਰ, 2025 ਤੋਂ 31 ਦਸੰਬਰ, 2025 ਤੱਕ ਚਲਾਈ ਜਾ ਰਹੀ ਹੈ। ਆਉਣ ਵਾਲੇ ਦਿਨਾਂ ਵਿੱਚ ਹਰ ਜ਼ਿਲ੍ਹੇ ਵਿੱਚ ਇਸੇ ਤਰ੍ਹਾਂ ਦੇ ਜਾਗਰੂਕਤਾ ਕੈਂਪ ਲਗਾਏ ਜਾਣਗੇ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ

**ਸਨੌਰ,15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਦਿਵਸ ਨੂੰ ਸਮਰਪਿਤ ਵਿਸ਼ੇਸ਼ ਗੁਰਮਤਿ ਸਮਾਗਮ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀ, ਪਿੰਡ ਰਾਏਪੁਰ ਮੰਡਲਾਂ ਜਿਲ੍ਹਾ ਪਟਿਆਲਾ ਅਤੇ ਗੁਰਦੁਆਰਾ ਮਗਰ ਸਾਹਿਬ ਵਿਖੇ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਰਣਜੋਧ ਸਿੰਘ ਹਡਾਣਾ ਹਲਕਾ ਇੰਚਾਰਜ ਸਨੌਰ ਤੇ ਚੇਅਰਮੈਨ ਪੀ.ਆਰ.ਟੀ.ਸੀ. ਅਤੇ ਸਮੇਤ ਵੱਡੀ ਗਿਣਤੀ ਸੰਗਤ ਇਸ ਮੌਕੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੋਈ.। ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ, ਜਿਸ ਨਾਲ ਸਾਰਾ ਦਰਬਾਰ ਸਾਹਿਬ ਗੁਰੂ ਜੀ ਦੇ ਨਾਮ ਨਾਲ ਗੂੰਜ ਉਠਿਆ। ਸੰਗਤਾਂ ਨੇ ਪੂਰਨ ਸ਼ਰਧਾ ਅਤੇ ਭਾਵਨਾ ਨਾਲ ਗੁਰੂ ਸਾਹਿਬ ਦੀ ਬਾਣੀ ਦਾ ਆਨੰਦ ਮਾਣਿਆ। ਇਸ ਮੌਕੇ ਸ. ਹਡਾਣਾ ਨੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀਆਂ ਬਲਿਦਾਨੀ ਲੀਲਾਵਾਂ ਅਤੇ ਉਨ੍ਹਾਂ ਦੇ ਉਪਦੇਸ਼ਾਂ ਨੂੰ ਯਾਦ ਕਰਦੇ ਹੋਏ ਕਿਹਾ ਕਿ ਗੁਰੂ ਸਾਹਿਬ ਨੇ ਧਰਮ ਦੀ ਰੱਖਿਆ ਲਈ ਆਪਣੀ ਜਾਨ ਨਿਛਾਵਰ ਕਰ ਦਿੱਤੀ। ਉਨ੍ਹਾਂ ਨੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਚੱਲ ਕੇ ਸੱਚਾਈ, ਨਿਮਰਤਾ ਅਤੇ ਏਕਤਾ ਦੇ ਰਾਹ 'ਤੇ ਤੁਰਨਾ ਚਾਹੀਦਾ ਹੈ।

# ਮਾਤਾ ਕੌਸ਼ਲਿਆ ਹਸਪਤਾਲ ਵਿੱਚ ਵਿਸ਼ਵ ਨਿਮੋਨੀਆ ਦਿਵਸ ਸਬੰਧੀ ਲਗਾਇਆ ਗਿਆ ਜਾਗਰੂਕਤਾ ਕੈਂਪ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਹਤ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਪਟਿਆਲਾ ਡਾ. ਸੰਜੇ ਕਾਮਰਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮਾਸ ਮੀਡੀਆ ਵਿੰਗ ਪਟਿਆਲਾ ਵੱਲੋਂ ਜਿਲ੍ਹਾ ਟੀਕਾਕਰਨ ਅਫਸਰ ਡਾ. ਕੁਸ਼ਲਦੀਪ ਗਿੱਲ ਦੀ ਅਗਵਾਈ ਹੇਠ ਮਾਤਾ ਕੁਸ਼ੱਲਿਆ ਹਸਪਤਾਲ ਪਟਿਆਲਾ ਦੇ ਬਾਲ ਵਿਭਾਗ ਦੇ ਓਪੀਡੀ ਵਿੰਗ ਵਿੱਚ 'ਚਾਇਲਡ ਸਰਵਾਈਵਲ' ਥੀਮ ਤਹਿਤ ਵਿਸ਼ਵ ਨਿਮੋਨੀਆ ਦਿਵਸ ਮਨਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਡਾ.ਕੁਸ਼ਲਦੀਪ ਗਿੱਲ ਨੇ ਕਿਹਾ ਕਿ ਨਿਮੋਨੀਆ ਇੱਕ ਗੰਭੀਰ ਬਿਮਾਰੀ ਹੈ ਇਸ ਪ੍ਰਤੀ ਸਾਰਿਆਂ ਨੂੰ ਜਾਗਰੂਕ ਹੋਣ ਦੀ ਲੋੜ ਹੈ ,ਬੱਚਿਆਂ ਨੂੰ ਬਿਮਾਰੀ ਤੋਂ ਬਚਾਉਣ ਲਈ ਸੰਪੂਰਨ ਟੀਕਾਕਰਨ ਕਰਵਾਉਣਾ ਬਹੁਤ ਜਰੂਰੀ ਹੈ। ਬੱਚੇ ਨੂੰ



ਕਿਸੇ ਕਿਸਮ ਦਾ ਬੁਖਾਰ, ਖਾਂਸੀ, ਜ਼ੁਕਾਮ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਿਹਤ ਕੇਂਦਰ ਵਿੱਚ ਪਹੁੰਚਣਾ ਤੇ ਮਾਹਰ ਡਾਕਟਰ ਨਾਲ ਸਲਾਹ ਮਸ਼ਵਰਾ ਕਰਨਾ ਬਹੁਤ ਜਰੂਰੀ ਹੈ।

ਛੋਟੇ ਬੱਚਿਆਂ ਦੀ ਜ਼ੁਕਾਮ ਅਤੇ ਫਲੂ ਵਾਲੇ ਵਿਅਕਤੀ ਤੋਂ ਦੂਰੀ ਬਣਾ ਕੇ ਰੱਖਣੀ ਚਾਹੀਦੀ ਹੈ ਕਿਉਂਕਿ ਨਿਮੋਨੀਆ ਵਾਲੇ ਮਰੀਜ਼ ਦੇ ਕਿਟਾਣੂ ਸਾਹ ਰਾਹੀਂ ਦੂਜੇ ਵਿਅਕਤੀਆਂ ਨੂੰ ਪ੍ਰਭਾਵਿਤ ਕਰਦੇ ਹਨ। ਆਪਣੇ ਆਲੇ ਦੁਆਲੇ ਅਤੇ ਹੱਥਾਂ ਦੀ ਸਫਾਈ ਦਾ ਵਿਸ਼ੇਸ਼ ਧਿਆਨ ਦੇਣਾ ਜ਼ਰੂਰੀ ਹੈ। ਬੱਚਿਆਂ ਦੇ ਮਾਹਰ ਡਾ. ਨੇਹਾ ਨੇ ਇਸ ਮੌਕੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਿਮੋਨੀਆ ਇੱਕ ਸਾਂ ਦੀ ਲਾਗ ਨਾਲ ਹੋਣ ਵਾਲੀ ਬਿਮਾਰੀ ਹੈ ਜੋ ਕਿ ਫੇਫੜਿਆਂ ਨੂੰ ਪ੍ਰਭਾਵਿਤ ਕਰਦੀ ਹੈ।

# ਕਿਸਾਨਾਂ ਦੇ ਮੋਢੇ ਨਾਲ ਪੂਰੀ ਤਰ੍ਹਾਂ ਮੋਢਾ ਜੋੜ ਕੇ ਖੜ੍ਹੀ ਮਾਨ ਸਰਕਾਰ: ਗੁਰਲਾਲ ਘਨੌਰ

## ➢ ਪਿੰਡ ਚੱਪੜ ਵਿਖੇ 1.2 ਕਰੋੜ ਰੁਪਏ ਦੀ ਲਾਗਤ ਵਾਲੇ ਸ਼ੈੱਡ ਨਿਰਮਾਣ ਦਾ ਨੀਂਹ ਪੱਥਰ ਰੱਖਿਆ ➢ ਨਿਰਮਾਣ ਕਾਰਜਾਂ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ

**ਘਨੌਰ, 12 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਕਬੱਡੀ ਐਸੋਸੀਏਸ਼ਨ ਦੇ ਪ੍ਰਧਾਨ ਤੇ ਵਿਧਾਇਕ ਸ. ਗੁਰਲਾਲ ਘਨੌਰ ਨੇ ਅੱਜ ਪਿੰਡ ਚੱਪੜ ਵਿਖੇ ਅਨਾਜ ਮੰਡੀ ਵਿੱਚ 1 ਕਰੋੜ 2 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਸ਼ੈੱਡ ਦਾ ਨੀਂਹ ਪੱਥਰ ਰੱਖਿਆ। ਇਹ ਸ਼ੈੱਡ 200 ਫੁੱਟ ਲੰਬਾ ਤੇ 75 ਫੁੱਟ ਚੌੜਾ ਹੋਵੇਗਾ, ਜੋ ਖਰੀਦ ਮੌਸਮ ਦੌਰਾਨ ਕਿਸਾਨਾਂ ਅਤੇ ਮਜਦੂਰਾਂ ਲਈ ਵੱਡੀ ਸਹੂਲਤ ਸਾਬਤ ਹੋਵੇਗਾ।



ਇਸ ਮੌਕੇ ਗੁਰਲਾਲ ਘਨੌਰ ਨੇ ਕਿਹਾ ਕਿ ਪੰਜਾਬ ਮੰਡੀ ਬੋਰਡ ਵੱਲੋਂ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦੇ ਵਿਸ਼ੇਸ਼ ਯਤਨਾਂ ਸਦਕਾ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਹੇਠ ਹਲਕੇ ਘਨੌਰ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ।

ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਮਾਨ ਸਰਕਾਰ ਦਾ ਮਕਸਦ ਸੂਬੇ ਦੀ ਹਰ ਮੰਡੀ ਨੂੰ ਆਧੁਨਿਕ ਸਹੂਲਤਾਂ ਨਾਲ ਸਜਾਉਣਾ ਹੈ, ਤਾਂ ਜੋ ਕਿਸਾਨਾਂ ਨੂੰ ਆਪਣੀ ਫਸਲ ਦੀ ਖਰੀਦ-ਫ਼ਰੋਖ਼ਤ ਦੌਰਾਨ ਕਿਸੇ ਕਿਸਮ ਦੀ ਤਕਲੀਫ਼ ਦਾ ਸਾਹਮਣਾ ਨਾ ਕਰਨਾ ਪਵੇ।ਵਿਧਾਇਕ ਗੁਰਲਾਲ ਘਨੌਰ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੂਰੀ ਤਰ੍ਹਾਂ ਕਿਸਾਨਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਕਿਸਾਨਾਂ ਦੇ ਹਿੱਤਾਂ ਦੀ ਰੱਖਿਆ, ਫਸਲ ਦੀ ਵਾਜ਼ਬ ਕੀਮਤ ਅਤੇ ਖੇਤੀਬਾੜੀ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਸਰਕਾਰ ਵੱਲੋਂ ਕਈ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ।

ਇਸ ਮੌਕੇ ਗੁਰਲਾਲ ਘਨੌਰ ਨੇ ਕਿਹਾ ਕਿ ਇਹ ਸ਼ੈੱਡ ਬਣਨ ਨਾਲ ਅਨਾਜ ਮੰਡੀ ਚੱਪੜ ਵਿੱਚ ਮੌਸਮੀ ਤਬਦੀਲੀਆਂ ਜਿਵੇਂ ਤੇਜ਼ ਮੀਂਹ ਜਾਂ ਧੁੱਪ ਦੌਰਾਨ ਵੀ ਕਿਸਾਨਾਂ ਅਤੇ ਮਜ਼ਦੂਰਾਂ ਦੀ ਫਸਲ ਸੁਰੱਖਿਅਤ ਰਹੇਗੀ। ਇਸ ਨਾਲ ਮੰਡੀ ਦਾ ਕੰਮਕਾਜ ਵੀ ਹੋਰ ਸੁਚਾਰੂ ਅਤੇ ਪ੍ਰਬੰਧਿਤ ਢੰਗ ਨਾਲ ਚੱਲੇਗਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਡੀਆਂ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਰਾਸ਼ੀ ਜਾਰੀ ਕੀਤੀ ਗਈ ਹੈ ਅਤੇ ਹਰ ਹਲਕੇ ਵਿੱਚ ਜਨਹਿੱਤ ਪ੍ਰੋਜੈਕਟਾਂ ਨੂੰ ਤਰਜੀਹ ਦੇ ਕੇ ਨੇਪਰੇ ਚੜ੍ਹਾਇਆ ਜਾ ਰਿਹਾ ਹੈ।

ਵਿਧਾਇਕ ਗੁਰਲਾਲ ਘਨੌਰ ਨੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਨਿਰਮਾਣ ਕਾਰਜਾਂ ਦੀ ਗੁਣਵੱਤਾ 'ਤੇ ਕੋਈ ਸਮਝੌਤਾ ਨਾ ਕੀਤਾ ਜਾਵੇ ਅਤੇ ਕੰਮ ਸਮੇਂ ਸਿਰ ਪੂਰਾ ਕੀਤਾ ਜਾਵੇ।

ਉਨ੍ਹਾਂ ਨੇ ਸਪੱਸ਼ਟ ਕਿਹਾ ਕਿ ਨਿਰਮਾਣ ਕਾਰਜਾਂ ਵਿੱਚ ਕਿਸੇ ਵੀ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਇਸ ਪ੍ਰੋਜੈਕਟ ਦੀ ਤਾਮੀਰ ਨਾਲ ਕਿਸਾਨਾਂ, ਮਜਦੂਰਾਂ ਅਤੇ ਆਮ ਜਨਤਾ ਨੂੰ ਮੰਡੀ ਵਿੱਚ ਆਉਣ-ਜਾਣ ਦੀ ਸੁਵਿਧਾ ਹੋਵੇਗੀ ਅਤੇ ਅਨਾਜ ਦੀ ਖਰੀਦ ਪ੍ਰਕਿਰਿਆ ਵੀ ਹੋਰ ਤੇਜ਼ੀ ਅਤੇ ਸੁਚਾਰੂ ਢੰਗ ਨਾਲ ਹੋਵੇਗੀ। ਉਨ੍ਹਾਂ ਇਲਾਕਾ ਨਿਵਾਸੀਆਂ ਨਾਲ ਦਾਅਵਾ ਕੀਤਾ ਕਿ ਚੱਪੜ ਅਨਾਜ ਮੰਡੀ ਵਿਖੇ ਨਿਰਮਾਣ ਅਧੀਨ ਸ਼ੈੱਡ ਦਾ ਕੰਮ ਜਲਦੀ ਮੁਕੰਮਲ ਕਰਕੇ ਕਿਸਾਨਾਂ ਦੇ ਸਪੁਰਦ ਕਰ ਦਿੱਤਾ ਜਾਵੇਗਾ।

ਇਸ ਮੌਕੇ ਪਿੰਡ ਵਾਸੀਆਂ ਅਤੇ ਮੰਡੀ ਕਮੇਟੀ ਦੇ ਮੈਂਬਰਾਂ ਨੇ ਵਿਧਾਇਕ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਮਾਨ ਸਰਕਾਰ ਵੱਲੋਂ ਹਲਕੇ ਵਿੱਚ ਹੋ ਰਹੇ ਵਿਕਾਸ ਕਾਰਜਾਂ ਨਾਲ ਲੋਕਾਂ ਵਿੱਚ ਨਵਾਂ ਭਰੋਸਾ ਤੇ ਉਤਸ਼ਾਹ ਪੈਦਾ ਹੋਇਆ ਹੈ।

ਇਸ ਮੌਕੇ ਗੁਰਤਾਜ ਸਿੰਘ ਸੰਧੂ, ਸਰਪੰਚ ਇੰਦਰਜੀਤ ਸਿੰਘ ਸਿਆਲੂ, ਸਰਪੰਚ ਹਰਪ੍ਰੀਤ ਹੈਪੀ, ਬਲਾਕ ਪ੍ਰਧਾਨ ਗੁਰਪ੍ਰੀਤ ਸਿੰਘ ਮੰਨਣ, ਗੁਰਪ੍ਰੀਤ, ਦਮਨਪ੍ਰੀਤ ਸਰਪੰਚ ਖੇੜੀ, ਚਮਕੌਰ ਸਿੰਘ, ਮਾਰਕੀਟ ਕਮੇਟੀਆਂ ਦੇ ਅਹੁਦੇਦਾਰ, ਮੈਂਬਰ, ਸਬੰਧਤ ਵਿਭਾਗ ਦੇ ਅਧਿਕਾਰੀ,ਕਿਸਾਨ, ਪੰਚ, ਸਰਪੰਚ ਅਤੇ ਸਥਾਨਕ ਨਿਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਪਟਿਆਲਾ ਵਿੱਚ ਕਬਜ਼ਾ ਮੁਕਤ ਮੁਹਿੰਮ ਹੋਈ ਤੇਜ਼, ਕਈ ਇਲਾਕਿਆਂ ਵਿੱਚ ਨਿਗਮ ਦੀ ਕਾਰਵਾਈ

# ਸੜਕਾਂ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ: ਵਿਸ਼ਾਲ ਵਰਮਾ



**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਹਿਰ ਨੂੰ ਕਬਜ਼ਾ ਮੁਕਤ ਅਤੇ ਸਾਫ ਸੁਥਰਾ ਬਣਾਉਣ ਲਈ ਨਗਰ ਨਿਗਮ ਪਟਿਆਲਾ ਵੱਲੋਂ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਦੀ ਅਗਵਾਈ ਹੇਠ ਲੈਂਡ ਸ਼ਾਖਾ ਦੀ ਟੀਮ ਵਲੋਂ ਲਗਾਤਾਰ ਕਾਰਵਾਈ ਜਾਰੀ ਹੈ। ਇਸ ਮੁਹਿੰਮ ਅਧੀਨ ਅੱਜ ਇੰਸਪੈਕਟਰ ਵਿਸ਼ਾਲ ਵਰਮਾ ਦੀ ਅਗਵਾਈ ਹੇਠ ਨਿਗਮ ਟੀਮ ਨੇ ਰੇਲਵੇ ਸਟੇਸ਼ਨ ਦੇ ਸਾਹਮਣੇ ਪੁੱਲ ਦੇ ਹੇਠਾਂ, ਗੁਰਬਖਸ਼ ਕਲੋਨੀ, ਰਾਜਪੁਰਾ ਕਲੋਨੀ, ਪੁਰਾਣੇ ਬਸ ਅੱਡੇ ਨਾਲ ਲੱਗਦੇ ਇਲਾਕੇ, ਤ੍ਰਿਪੜੀ ਬਾਜ਼ਾਰ, ਧਰਮਪੁਰਾ ਬਾਜ਼ਾਰ ਅਤੇ ਓਲਡ ਲਾਲ ਬਾਗ ਇਲਾਕੇ ਵਿੱਚ ਕਬਜ਼ਿਆਂ ਖ਼ਿਲਾਫ਼ ਵੱਡੀ ਕਾਰਵਾਈ ਕੀਤੀ। ਇੰਸਪੈਕਟਰ ਵਿਸ਼ਾਲ ਵਰਮਾ ਨੇ ਗੱਲਬਾਤ ਦੌਰਾਨ ਕਿਹਾ ਕਿ ਨਿਗਮ ਟੀਮ ਨੇ ਸੜਕਾਂ ਅਤੇ ਫੁਟਪਾਥਾਂ 'ਤੇ ਰੱਖਿਆ ਸਮਾਨ ਜਬਤ ਕੀਤਾ ਅਤੇ ਕਈ ਦੁਕਾਨਦਾਰਾਂ ਨੂੰ ਮੌਕੇ 'ਤੇ ਹੀ ਚੇਤਾਵਨੀ ਦਿੱਤੀ ਕਿ ਜੇਕਰ ਉਹ ਦੁਬਾਰਾ ਸੜਕਾਂ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰਦੇ ਹਨ, ਤਾਂ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਟੀਮ ਨੇ ਇਹ ਵੀ ਸਪਸ਼ਟ ਕੀਤਾ ਕਿ ਸੜਕਾਂ ਅਤੇ ਫੁਟਪਾਥ ਆਮ ਜਨਤਾ ਦੀ ਆਵਾਜਾਈ ਲਈ ਹਨ, ਨਾ ਕਿ ਵਪਾਰਕ ਉਦੇਸ਼ਾਂ ਲਈ।

ਵਿਸ਼ਾਲ ਵਰਮਾ ਨੇ ਕਿਹਾ ਕਿ ਸ਼ਹਿਰ ਵਿੱਚ ਟ੍ਰੈਫਿਕ ਪ੍ਰਬੰਧ ਅਤੇ ਸਫਾਈ ਪ੍ਰਣਾਲੀ ਨੂੰ ਸੁਚਾਰੂ ਬਣਾਉਣ ਲਈ ਕਬਜ਼ਿਆਂ ਦਾ ਹਟਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਲੋਕ ਨਿਯਮਾਂ ਦੀ ਪਾਲਣਾ ਕਰਨਗੇ, ਤਾਂ ਪਟਿਆਲਾ ਸ਼ਹਿਰ ਹੋਰ ਵੀ ਸੁੰਦਰ ਅਤੇ ਸਾਫ਼-ਸੁਥਰਾ ਬਣੇਗਾ।

ਉਨ੍ਹਾਂ ਨਗਰ ਨਿਗਮ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਹਿਯੋਗ ਦੇਣ ਤੇ ਸੜਕਾਂ ਜਾਂ ਜਨਤਕ ਥਾਵਾਂ 'ਤੇ ਕੋਈ ਵੀ ਸਮਾਨ ਨਾ ਰੱਖਣ।

ਸ਼ਹਿਰ ਵਾਸੀਆਂ ਵੱਲੋਂ ਨਿਗਮ ਦੀ ਇਸ ਕਾਰਵਾਈ ਦਾ ਸਵਾਗਤ ਕੀਤਾ ਜਾ ਰਿਹਾ ਹੈ ਅਤੇ ਉਮੀਦ ਜਤਾਈ ਜਾ ਰਹੀ ਹੈ ਕਿ ਇਸ ਨਾਲ ਪਟਿਆਲਾ ਵਿੱਚ ਆਵਾਜਾਈ ਸੁਵਿਧਾ ਅਤੇ ਸਫ਼ਾਈ ਪ੍ਰਣਾਲੀ ਵਿੱਚ ਵੱਡਾ ਸੁਧਾਰ ਆਵੇਗਾ।

# ਸਕੂਲ ਆਫ ਐਮੀਨੈਂਸ ਵਿਖੇ ਬਿਜਲੀ ਦੀ ਵਰਤੋਂ ਕਿਉਂ ਤੇ ਕਿਵੇਂ ਕਰੀਏ ਵਿਸ਼ੇ ਉੱਤੇ ਊਰਜਾ ਬੱਚਤ ਬਾਰੇ ਜਾਗਰੂਕਤਾ ਸਮਾਗਮ ਆਯੋਜਿਤ




**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਕੂਲ ਆਫ ਐਮੀਨੈਂਸ ਕਰਮਪੁਰਾ, ਜਿਲ੍ਹਾ ਅੰਮ੍ਰਿਤਸਰ ਵਿਖੇ ਬਿਜਲੀ ਦੀ ਵਰਤੋਂ ਕਿਉਂ ਤੇ ਕਿਵੇਂ ਕਰੀਏ ਵਿਸ਼ੇ ਉੱਤੇ ਊਰਜਾ ਬੱਚਤ ਬਾਰੇ ਜਾਗਰੂਕਤਾ ਸਮਾਗਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਇੰਜ: ਰਮਨ ਸ਼ਰਮਾ, ਉਪ ਮੁੱਖ ਇੰਜ:/ ਇੰਫੋਰਸਮੈਂਟ ਅੰਮ੍ਰਿਤਸਰ, ਇੰਜ: ਹਰਪ੍ਰੀਤ ਰਾਜ ਸਿੰਘ, ਵਧੀਕ ਨਿਗਰਾਨ ਇੰਜੀ./ਡੀ.ਐਸ.ਐਮ., ਪਟਿਆਲਾ, ਇੰਜ: ਮਨੋਹਰ ਸਿੰਘ, ਵਧੀਕ ਨਿਗਰਾਨ ਇੰਜ/ਵੰਡ ਮੰਡਲ ਪੂਰਬ, ਅੰਮ੍ਰਿਤਸਰ, ਇੰਜ: ਪਰਉਪਕਾਰ ਸਿੰਘ, ਵਧੀਕ ਨਿਗਰਾਨ ਇੰਜੀ/ਜੋਨਲ ਨੋਲੈਜ ਸੈਂਟਰ, ਟੀ.ਟੀ.ਆਈ ਅੰਮ੍ਰਿਤਸਰ , ਇੰਜ: ਭੁਪਿੰਦਰ ਸਿੰਘ, ਸਹਾਇਕ ਕਾਰਜਕਾਰੀ ਇੰਜੀਨੀਅਰ/ ਡੀ.ਐਸ.ਐਮ., ਪਟਿਆਲਾ, ਇੰਜ ਹਰਪ੍ਰੀਤ ਸਿੰਘ, ਸਹਾਇਕ ਕਾਰਜਕਾਰੀ ਇੰਜ/ਬਟਾਲਾ ਅਤੇ ਇੰਜ:/ਯੋਗੇਸ਼ ਬੇਦੀ, ਸਹਾਇਕ ਇੰਜੀਨੀਅਰ/ਜੋਨਲ ਨੋਲੈਜ ਸੈਂਟਰ, ਟੀ.ਟੀ.ਆਈ ਅੰਮ੍ਰਿਤਸਰ ਨੇ ਹਿੱਸਾ ਲਿਆ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਬਿਜਲੀ ਦੀ ਸੰਜਮ ਨਾਲ ਵਰਤੋਂ ਕਰਨ ਲਈ ਵੱਖ-ਵੱਖ ਵਿਧੀਆਂ ਅਤੇ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੇ ਵੀ ਇਨ੍ਹਾਂ ਤਰੀਕਿਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਦਾ ਪ੍ਰਣ ਕੀਤਾ।

ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਊਰਜਾ ਸੰਜਮਤਾ ਵਿਸ਼ੇ ਉੱਤੇ ਸੁੰਦਰ ਲੇਖ ਪੜ੍ਹੇ ਗਏ, ਜਿਨਾਂ ਬਾਰੇ ਪੀ.ਐਸ.ਪੀ.ਸੀ.ਐਲ ਦੇ ਡੀ.ਐਸ.ਐਮ ਦਫਤਰ ਵੱਲੋਂ ਵਿਦਿਆਰਥੀਆਂ ਨੂੰ ਪਹਿਲਾਂ ਹੀ ਵਿਸ਼ੇ ਬਾਰੇ ਦੱਸਿਆ ਗਿਆ ਸੀ ਅਤੇ ਇਸ ਸਬੰਧੀ ਜਾਣਕਾਰੀ ਹਾਸਿਲ ਕਰਨ ਲਈ ਪ੍ਰੇਰਿਤ ਕੀਤਾ ਗਿਆ ਸੀ ਤਾਂ ਜੋ ਕਿ ਵਿਦਿਆਰਥੀਆਂ ਵਿੱਚ ਊਰਜਾ ਬੱਚਤ ਬਾਰੇ ਰੁਚੀ ਪੈਦਾ ਹੋ ਸਕੇ। ਵਿਦਿਆਰਥੀਆਂ ਵੱਲੋਂ ਊਰਜਾ ਬੱਚਤ ਉੱਤੇ ਬਣਾਈਆਂ ਗਈਆਂ ਪੇਂਟਿੰਗਾਂ ਕਾਬਿਲ-ਏ-ਤਾਰੀਫ਼ ਸਨ।

ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਅੰਨੂ ਅਨੰਦ ਜੀ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਅੱਜ ਦਾ ਸਮਾਗਮ ਵਿਦਿਆਰਥੀਆਂ ਲਈ ਬਿਜਲੀ ਬੱਚਤ ਸਬੰਧੀ ਮਹੱਤਵਪੂਰਨ ਜਾਣਕਾਰੀ ਲੈ ਕੇ ਆਇਆ ਹੈ ਅਤੇ ਪੀ.ਐਸ.ਪੀ.ਸੀ.ਐਲ. ਵੱਲੋਂ ਭਵਿੱਖ ਵਿੱਚ ਅਜਿਹੇ ਸਮਾਗਮ ਹੋਰ ਸਕੂਲਾਂ ਵਿੱਚ ਵੀ ਕਰਵਾਏ ਜਾਣ ਚਾਹੀਦੇ ਹਨ। ਉਨਾਂ ਨੇ ਪੀ.ਐਸ.ਪੀ.ਸੀ.ਐਲ ਵੱਲੋਂ ਉਨਾਂ ਦੇ ਸਕੂਲ ਵਿੱਚ ਕਰਵਾਏ ਗਏ ਊਰਜਾ ਬੱਚਤ ਸੰਬੰਧੀ ਪ੍ਰੋਗਰਾਮ ਦੀ ਭਰਪੂਰ ਸ਼ਲਾਘਾ ਕੀਤੀ।

ਸਮਾਗਮ ਦੇ ਅੰਤ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਪੀ.ਐਸ.ਪੀ.ਸੀ.ਐਲ. ਦੀ DSM ਟੀਮ ਵੱਲੋਂ ਇਨਾਮ ਵਜੋਂ ਊਰਜਾ ਸੰਜਮਤਾ ਸਬੰਧੀ ਸਲੋਗਨ ਦਰਸਾਉਂਦੀਆਂ ਕਾਪੀਆਂ ਅਤੇ ਕੱਪ ਵੰਡੇ ਗਏ। ਹੋਰ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵੀ ਇਹ ਕਾਪੀਆਂ ਦੇ ਕੇ ਉਨ੍ਹਾਂ ਦੀ ਹੌਂਸਲਾ ਅਫ਼ਜ਼ਾਈ ਕੀਤੀ ਗਈ।

ਅੰਤ ਵਿੱਚ, ਪ੍ਰਿੰਸੀਪਲ ਸ਼੍ਰੀਮਤੀ ਅੰਨੂ ਅਨੰਦ ਜੀ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਦਾ ਤਹਿ-ਦਿਲੋਂ ਧੰਨਵਾਦ ਕੀਤਾ ਗਿਆ।

# ਕਲਿਆਣ ਮੰਡਲ ਦੇ ਰੱਖੜਾ ਗਰਿਡ ਵਿਖੇ ਐਸ ਡੀ ਓ ਗੁਰਮੀਤ ਸਿੰਘ ਬਾਗੜੀ ਨੇ ਸੰਭਾਲਿਆ ਚਾਰਜ



**ਪਟਿਆਲਾ, 15 ਨਵੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਕਲਿਆਣ ਮੰਡਲ ਦੇ ਬਿਜਲੀ ਗਰਿੱਡ ਰੱਖੜਾ ਵਿਖੇ ਇੰਜੀ ਗੁਰਮੀਤ ਸਿੰਘ ਬਾਗੜੀ ਨੇ ਬਤੌਰ ਐਸ ਡੀ ਓ ਚਾਰਜ ਸੰਭਾਲ ਲਿਆ ਹੈ ਇਸ ਮੌਕੇ ਇਲਾਕੇ ਦੀਆਂ ਪੰਚਾਇਤਾਂ ਤੇ ਸਮੁੱਚੇ ਮੁਲਾਜ਼ਮ ਵੀ ਹਾਜ਼ਰ ਰਹੇ ਜਿਨਾਂ ਨੇ ਐਸ ਡੀ ਓ ਬਾਗੜੀ ਦਾ ਦਫਤਰ ਪਹੁੰਚਣ ਮੌਕੇ ਫੁੱਲਾਂ ਦੇ ਬੁੱਕੇ ਅਤੇ ਸਰੋਪੇ ਦੇ ਕੇ ਨਿੱਘਾ ਸਵਾਗਤ ਕੀਤਾ ਉਥੇ ਹੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਐਸ ਡੀ ਓ ਗੁਰਮੀਤ ਸਿੰਘ ਬਾਗੜੀ ਨੇ ਕਿਹਾ ਕਿ ਲੋਕਾਂ ਦੇ ਕੰਮਾਂ ਲਈ ਪਹਿਲ ਦੇ ਆਧਾਰ ਤੇ ਬਚਨਵੱਧ ਹਾਂ ਕਿਸੇ ਵੀ ਵਿਅਕਤੀ ਦਾ ਬਿਜਲੀ ਗਰਿਡ ਰੱਖੜਾ ਵਿਖੇ ਕੋਈ ਕੰਮ ਨਹੀਂ ਰੁਕੇਗਾ ਉਨ੍ਹਾਂ ਇਸ ਮੌਕੇ ਸਮੁੱਚੇ ਮੁਲਾਜ਼ਮਾਂ ਨਾਲ ਵੀ ਮੀਟਿੰਗ ਕੀਤੀ ਜਿੱਥੇ ਉਨ੍ਹਾਂ ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਨ ਲਈ ਹੁਕਮ ਜਾਰੀ ਕੀਤੇ ਉਨ੍ਹਾਂ ਕਿਹਾ ਕਿ ਸਰਕਾਰ ਦੇ ਹੁਕਮਾਂ ਤਹਿਤ ਜੋ ਸਕੀਮਾਂ ਦਿੱਤੀਆਂ ਜਾ ਰਹੀਆਂ ਹਨ ਉਹਨਾਂ ਨੂੰ ਲਾਗੂ ਕਰਵਾਉਣਾ ਵੀ ਸਾਡਾ ਮੁੱਖ ਏਜੰਡਾ ਹੈ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਮੁਫਤ ਬਿਜਲੀ ਸਹੂਲਤ ਦਿੱਤੀ ਜਾ ਰਹੀ ਹੈ ਜਿੱਥੇ ਕਿਤੇ ਵੀ ਤਾਰਾਂ ਤੇ ਮੀਟਰਾਂ ਵਿੱਚ ਫਾਲਟ ਹਨ ਉਹਨਾਂ ਨੂੰ ਪਹਿਲ ਦੇ ਅਧਾਰ ਤੇ ਠੀਕ ਕੀਤਾ ਜਾਵੇਗਾ ਤਾਂ ਜੋ ਬਿਜਲੀ ਸਪਲਾਈ ਆਮ ਲੋਕਾਂ ਨੂੰ ਨਿਰਵਿਘਨ ਦਿੱਤੀ ਜਾ ਸਕੇ ਉਥੇ ਹੀ ਕਿਸਾਨਾਂ ਦੇ ਖੇਤਾਂ ਵਿੱਚ ਜਿਹੜੀਆਂ ਬਿਜਲੀ ਦੀਆਂ ਤਾਰਾਂ ਢਿੱਲੀਆਂ ਹਨ ਉਹਨਾਂ ਨੂੰ ਠੀਕ ਕੀਤਾ ਜਾਵੇਗਾ ਤਾਂ ਜੋ ਕਣਕ ਦੇ ਸੀਜ਼ਨ ਦੌਰਾਨ ਕਿਸੇ ਵੀ ਕਿਸਾਨ ਨੂੰ ਬਿਜਲੀ ਸਪਲਾਈ ਸਮੇਂ ਸਾਟ ਸਰਕਿਟ ਦੀ ਦਿੱਕਤ ਨਾ ਸਕੇ ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਬਲਕਾਰ ਸਿੰਘ ਮੁਖੀ ਰੱਖੜਾ ਗੁਰਦੁਆਰਾ ਸਾਹਿਬ ,ਇੰਜੀ ਨਰਿੰਦਰ ਪਾਲ ਸਿੰਘ ਜੇ ਈ, ਸੁਖਵਿੰਦਰ ਸਿੰਘ ਐਸ ਡੀ ਐਲ ਕਲਿਆਣ ,ਅਨੀਸ਼ ਕੁਮਾਰ ਪ੍ਰਧਾਨ ਆਈ ਟੀ ਆਈ ਅਪਲਾਈਜ ਐਸੋਸੀਏਸ਼ਨ ,ਮਨਪ੍ਰੀਤ ਸਿੰਘ ਪ੍ਰਿੰਸ, ਬਲਜੀਤ ਸਿੰਘ ਸਰਕਲ ਕੈਸੀਅਰ, ਕੁਲਵਿੰਦਰ ਸਿੰਘ ਕਾਠਮੱਠੀ ਸੂਬਾ ਮੀਤ ਪ੍ਰਧਾਨ, ਡਾਕਟਰ ਅਲਾ ਰੰਗ ਐਮ ਡੀ ਬਾਇਓਕਰਾਬ ਸੀਡਜ, ਅਵਤਾਰ ਸਿੰਘ ਚਾਹਦਹਾਨਪੁਰ, ਰਮਨਦੀਪ ਸਿੰਘ, ਗੁਰਵਿੰਦਰ ਸਿੰਘ, ਰਵਿੰਦਰ ਸਿੰਘ ਫੌਜੀ, ਸੁਖਜਿੰਦਰ ਸਿੰਘ ਖੇੜੀ ਮਾਨੀਆ, ਨਰਿੰਦਰਪਾਲ ਸਿੰਘ ਮੀਟਰ ਇੰਸਪੈਕਟਰ, ਰਾਜਮੋਹਨ ਸਿੰਘ ਕਾਲੇਕਾ ਨੈਸ਼ਨਲ ਅਵਾਰਡੀ ,ਰਣਵੀਰ ਸਿੰਘ ਰਾਣਾ ਐਸ ਡੀ ਸੀ, ਹਰਪ੍ਰੀਤ ਕੌਰ ਆਰ ਏ ,ਗੁਰਵਿੰਦਰ ਪਾਲ ਸਿੰਘ ਜੇ ਈ, ਜਸਵਿੰਦਰ ਸਿੰਘ ਜੇ ਈ, ਤੇਜਿੰਦਰ ਸਿੰਘ ਜੇ ਈ, ਲਖਬੀਰ ਸਿੰਘ ਆਦਿ ਵੀ ਹਾਜ਼ਰ ਸਨ।

# 18 ਨਵੰਬਰ ਨੂੰ ਗੁਰਦੁਆਰਾ ਸਿੰਘ ਸਭਾ ਵਿਖੇ ਹੋਵੇਗਾ ਮਹਾਨ ਕੀਰਤਨ ਸਮਾਗਮ: ਡਾ ਪ੍ਰੀਤੀ ਯਾਦਵ

## ➢ 21 ਨਵੰਬਰ ਨੂੰ ਪਟਿਆਲਾ ਪੁੱਜੇਗਾ ਨਗਰ ਕੀਰਤਨ, ਡਿਪਟੀ ਕਮਿਸ਼ਨਰ ਵੱਲੋਂ ਪ੍ਰਬੰਧਾਂ ਦਾ ਜਾਇਜ਼ਾ ➢ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਅਕੀਦਤ ਤੇ ਸ਼ਰਧਾ ਨਾਲ ਨਿਭਾਏਗਾ ਸੇਵਾ

**ਪਟਿਆਲਾ, 15 ਨਵੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**




"ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਮਨਾਉਣ ਲਈ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਯਾਦਗਾਰੀ ਸਮਾਗਮਾਂ ਦੀ ਲੜੀ ਤਹਿਤ ਪਟਿਆਲਾ ਦੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਨੇੜੇ ਫੁਹਾਰਾ ਚੌਂਕ ਵਿਖੇ 18 ਨਵੰਬਰ ਨੂੰ ਸ਼ਾਮ 6 ਵਜੇ ਤੋਂ ਰਾਤ 9.30 ਵਜੇ ਤੱਕ ਮਹਾਨ ਕੀਰਤਨ ਸਮਾਗਮ ਕਰਵਾਇਆ ਜਾਵੇਗਾ।" ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ 21 ਨਵੰਬਰ ਨੂੰ ਪਟਿਆਲਾ ਜ਼ਿਲ੍ਹੇ ਅੰਦਰ ਪੁੱਜਣ ਵਾਲੇ ਮਹਾਨ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ ਅਤੇ ਪਟਿਆਲਾ ਪੁਲਿਸ ਵੱਲੋਂ ਗਾਰਡ ਆਫ਼ ਆਨਰ ਵੀ ਦਿੱਤਾ ਜਾਵੇਗਾ।

ਡਿਪਟੀ ਕਮਿਸ਼ਨਰ ਨੇ ਇਨ੍ਹਾਂ ਦੋਵਾਂ ਸਮਾਗਮਾਂ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਅਧਿਕਾਰੀਆਂ ਨਾਲ ਬੈਠਕ ਕਰਨ ਬਾਅਦ ਸ੍ਰੀ ਗੁਰੂ ਸਿੰਘ ਸਭਾ ਵਿਖੇ ਸੰਗਤ ਲਈ ਪਾਰਕਿੰਗ, ਜੋੜਾ ਘਰ, ਲੰਗਰ ਆਦਿ ਸਮੇਤ ਗੁਰਦੁਆਰਾ ਸਾਹਿਬ ਦੇ ਬਾਹਰ ਸੜਕ ਤੇ ਹੋਰ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੇ ਨਾਲ ਏ.ਡੀ.ਸੀਜ ਦਮਨਜੀਤ ਸਿੰਘ ਮਾਨ, ਸਿਮਰਪ੍ਰੀਤ ਕੌਰ, ਐਸ.ਪੀ. ਵੈਭਵ ਚੌਧਰੀ ਤੇ ਪਲਵਿੰਦਰ ਸਿੰਘ ਚੀਮਾ ਸਮੇਤ ਐਸ.ਡੀ.ਐਮਜ ਕਿਰਪਾਲਵੀਰ ਸਿੰਘ ਤੇ ਹਰਜੋਤ ਕੌਰ ਵੀ ਮੌਜੂਦ ਸਨ।

ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ 18 ਨਵੰਬਰ ਦੇ ਕੀਰਤਨ ਸਮਾਗਮ ਮੌਕੇ ਭਾਈ ਦਵਿੰਦਰ ਸਿੰਘ ਜੀ ਸੋਹਾਣਾ ਸਾਹਿਬ ਵਾਲਿਆਂ ਸਮੇਤ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਰਾਗੀ ਜਥੇ ਤੇ ਪੰਥਕ ਵਿਦਵਾਨ ਸ੍ਰੀ ਗੁਰੂ ਤੇਗ ਬਹਾਦਰ ਜੀ ਸਮੇਤ ਭਾਈ ਦਿਆਲਾ ਜੀ, ਭਾਈ ਮਤੀ ਦਾਸ ਜੀ ਤੇ ਭਾਈ ਸਤੀ ਦਾਸ ਜੀ ਦੇ 350 ਸਾਲਾ ਮਹਾਨ ਸ਼ਹੀਦੀ ਦਿਹਾੜੇ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਿਆਈ ਦਿਵਸ ਦੇ ਇਤਿਹਾਸ ਤੇ ਗੁਰੂ ਗ੍ਰੰਥ ਸਾਹਿਬ ਦੀ ਗੁਰਬਾਣੀ ਵਿਖਿਆਨ ਨਾਲ ਜੋੜਨਗੇ। ਉਨ੍ਹਾਂ ਨੇ ਸਮੂਹ ਸੰਗਤ ਨੂੰ ਵੱਧ-ਚੜ੍ਹਕੇ ਇਸ ਮਹਾਨ ਕੀਰਤਨ ਦਰਬਾਰ ਦੀਆਂ ਹਾਜਰੀਆਂ ਭਰਨ ਦੀ ਬੇਨਤੀ ਕੀਤੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸਦੀਵੀ ਵਿਰਾਸਤ ਨੂੰ ਸਿਜਦਾ ਕਰਦਿਆਂ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਬਹੁਤ ਸ਼ਰਧਾ ਭਾਵਨਾ ਨਾਲ ਕਰਵਾ ਰਹੀ ਹੈ। ਇਨ੍ਹਾਂ ਸਮਾਗਮਾਂ ਸਬੰਧੀ ਜ਼ਿਲ੍ਹੇ ਦੀ ਸੰਗਤ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੇ ਪ੍ਰਬੰਧ ਪੂਰੀ ਸ਼ਰਧਾ ਤੇ ਅਕੀਦਤ ਨਾਲ ਕੀਤੇ ਜਾ ਰਹੇ ਹਨ। ਮੀਟਿੰਗ ਮੌਕੇ ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮਾਂ ਦੇ ਪ੍ਰਬੰਧਾਂ 'ਚ ਕੋਈ ਕਮੀ ਨਾ ਛੱਡੀ ਜਾਵੇ।

# ਝੋਨੇ ਦੀ ਆਮਦ ਅਤੇ ਖਰੀਦ ਪੱਖੋਂ ਸੰਗਰੂਰ ਜ਼ਿਲ੍ਹਾ ਮੋਹਰੀ; ਲਿਫਟਿੰਗ ਪੱਖੋਂ ਪਟਿਆਲਾ ਮੋਹਰੀ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਝੋਨੇ ਦੇ ਮੌਜੂਦਾ ਖਰੀਦ ਸੀਜ਼ਨ ਵਿੱਚ ਸੰਗਰੂਰ ਜ਼ਿਲ੍ਹਾ ਆਮਦ ਅਤੇ ਖਰੀਦ ਦੋਵਾਂ ਪੱਖੋਂ ਪਹਿਲੇ ਸਥਾਨ 'ਤੇ ਹੈ।

ਸੁਚਾਰੂ ਅਤੇ ਨਿਰਵਿਘਨ ਖਰੀਦ ਸੀਜ਼ਨ ਨੂੰ ਯਕੀਨੀ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਮੰਡੀਆਂ ਵਿੱਚ ਇੱਕ ਠੋਸ ਪ੍ਰਣਾਲੀ ਨੂੰ ਯਕੀਨੀ ਬਣਾਉਣ ਵਿੱਚ ਸਫਲ ਰਹੀ ਹੈ ਜਿਸਦਾ ਉਦੇਸ਼ ਸਾਰੇ ਭਾਈਵਾਲਾਂ ਜਿਵੇਂ ਕਿਸਾਨ, ਆੜ੍ਹਤੀਏ, ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਕਰਨਾ ਹੈ।

ਝੋਨੇ ਦੀ ਆਮਦ ਦੇ ਸਬੰਧ ਵਿੱਚ, 11 ਨਵੰਬਰ ਤੱਕ ਮੰਡੀਆਂ ਵਿੱਚ ਕੁੱਲ 15376697.06 ਲੱਖ ਮੀਟਰਿਕ ਟਨ (ਐਲ.ਐਮ.ਟੀ.) ਝੋਨੇ ਦੀ ਆਮਦ ਹੋਈ ਜਿਸ ਵਿੱਚੋਂ 15269488.62 ਲੱਖ ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਜੋ ਕਿ 99 ਫ਼ੀਸਦ ਦੇ ਅੰਕੜੇ ਨੂੰ ਪਾਰ ਕਰਦਾ ਹੈ। ਜਿੱਥੋਂ ਤੱਕ ਲਿਫਟਿੰਗ ਦਾ ਸਬੰਧ ਹੈ, ਤਾਂ ਖਰੀਦੀ ਗਈ ਫਸਲ ਵਿੱਚੋਂ 13854981.49 ਮੀਟਰਕ ਟਨ ਝੋਨੇ ਦੀ ਲਿਫ਼ਟਿੰਗ ਕੀਤੀ ਜਾ ਚੁੱਕੀ ਹੈ ਜੋ ਕਿ 90 ਫ਼ੀਸਦ ਦੇ ਅੰਕੜੇ ਨੂੰ ਪਾਰ ਕਰ ਗਿਆ ਹੈ।

ਸੰਗਰੂਰ ਜ਼ਿਲ੍ਹੇ ਨੇ 1330792.77 ਮੀਟਰਕ ਟਨ ਝੋਨੇ ਦੀ ਆਮਦ ਅਤੇ 1328302.88 ਮੀਟਰਕ ਟਨ ਖਰੀਦ ਨਾਲ ਪਹਿਲਾ ਸਥਾਨ ਹਾਸਲ ਕੀਤਾ ਹੈ। ਬਠਿੰਡਾ ਨੇ 1303454.28 ਮੀਟਰਕ ਟਨ ਆਮਦ ਅਤੇ 1253400.2 ਮੀਟਰਕ ਟਨ ਖਰੀਦ ਨਾਲ ਦੂਜਾ ਸਥਾਨ ਹਾਸਲ ਕੀਤਾ ਹੈ ਅਤੇ ਪਟਿਆਲਾ ਜ਼ਿਲ੍ਹਾ 1120786.79 ਮੀਟਰਕ ਟਨ ਝੋਨੇ ਦੀ ਆਮਦ ਅਤੇ 1120772.77 ਮੀਟਰਕ ਟਨ ਖਰੀਦ ਨਾਲ ਤੀਜੇ ਸਥਾਨ 'ਤੇ ਹੈ।

ਲਿਫਟਿੰਗ ਦੇ ਮਾਮਲੇ ਵਿੱਚ, ਪਟਿਆਲਾ ਹੁਣ ਤੱਕ 1087806.56 ਮੀਟਰਕ ਟਨ ਝੋਨੇ ਦੀ ਲਿਫ਼ਟਿੰਗ ਨਾਲ ਪਹਿਲੇ ਸਥਾਨ 'ਤੇ ਹੈ, ਸੰਗਰੂਰ 1083766.01 ਮੀਟਰਕ ਟਨ ਨਾਲ ਦੂਜੇ ਸਥਾਨ 'ਤੇ ਹੈ ਅਤੇ ਬਠਿੰਡਾ ਨੇ 1070364.39 ਮੀਟਰਕ ਟਨ ਲਿਫਟਿੰਗ ਨਾਲ ਤੀਜਾ ਸਥਾਨ ਹਾਸਲ ਕੀਤਾ ਹੈ।

# ਤੀਜੇ ਦਿਨ 'ਚੱਕ ਨਾਨਕੀ ਤੇ ਸ੍ਰੀ ਅਨੰਦਪੁਰ ਸਾਹਿਬ' ਬਾਰੇ ਦੱਸ ਕੇ ਵਿਦਿਆਰਥੀਆਂ ਨੂੰ ਸਕੂਲਾਂ 'ਚ ਗੁਰੂ ਸਾਹਿਬ ਦੀ ਵਿਰਾਸਤ ਨਾਲ ਜੋੜਿਆ




**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਪਟਿਆਲਾ ਜ਼ਿਲ੍ਹੇ ਦੇ ਸਮੂਹ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿਖੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਵਡਮੁੱਲੀ ਵਿਰਾਸਤ ਨਾਲ ਜੋੜਦਿਆਂ 'ਚੱਕ ਨਾਨਕੀ ਅਤੇ ਸ੍ਰੀ ਅਨੰਦਪੁਰ ਸਾਹਿਬ' ਬਾਰੇ ਜਾਣਕਾਰੀ ਪ੍ਰਦਾਨ ਕੀਤੀ ਗਈ।

ਸਵੇਰੇ ਦੀ ਸਭਾ ਮੌਕੇ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਲਈ 15-ਦਿਨਾਂ ਵਿਦਿਅਕ ਪਾਠਕ੍ਰਮ ਦੀ ਉਲੀਕੀ ਗਈ ਯੋਜਨਾ ਤਹਿਤ ਤੀਜੇ ਦਿਨ ਦਾ ਲੈਕਚਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਵਸਾਉਣ ਬਾਰੇ ਸੀ। ਇਸ ਦੌਰਾਨ ਸ਼ਹੀਦੀ ਦਿਹਾੜੇ ਸਬੰਧੀ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਭੇਜੀ ਲੈਕਚਰ ਲੜੀ ਰਾਹੀਂ ਸ੍ਰੀ ਅਨੰਦਪੁਰ ਸਾਹਿਬ ਤੇ ਚੱਕ ਨਾਨਕੀ ਦੇ ਇਤਿਹਾਸ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾ ਕੇ ਗੁਰੂ ਸਾਹਿਬ ਦੀ ਵਡਮੁੱਲੀ ਵਿਰਾਸਤ ਨਾਲ ਜੋੜਿਆ ਗਿਆ।

ਜ਼ਿਲ੍ਹਾ ਸਿੱਖਿਆ ਅਫ਼ਸਰ ਸੰਜੀਵ ਕੁਮਾਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਸਮੇਤ ਮਾਤਾ ਗੁਜਰੀ, ਭਾਈ ਮਤੀ ਦਾਸ, ਭਾਈ ਸਤੀ ਦਾਸ ਅਤੇ ਭਾਈ ਦਿਆਲਾ ਜੀ ਦੇ ਜੀਵਨ ਅਤੇ ਸ਼ਹਾਦਤ ਨਾਲ ਰੂਬਰੂ ਕਰਵਾਉਣ ਲਈ ਸਾਰੇ ਸਕੂਲਾਂ ਵਿੱਚ ਸ਼ੁਰੂ ਕੀਤੀ ਗਈ ਵਿਸ਼ੇਸ਼ ਲੈਕਚਰ ਲੜੀ 27 ਨਵੰਬਰ ਤੱਕ ਜਾਰੀ ਰਹੇਗੀ।

ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸਵੇਰ ਦੀ ਸਭਾ ਵਿੱਚ ਸਾਰੇ ਅਧਿਆਪਕ ਤੇ ਵਿਦਿਆਰਥੀ ਬਹੁਤ ਉਤਸ਼ਾਹ ਅਤੇ ਸ਼ਰਧਾ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਇਤਿਹਾਸ ਨਾਲ ਜੁੜ ਰਹੇ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਬਹੁਤ ਹੀ ਵੱਡਾ ਤੇ ਸ਼ਲਾਘਾਯੋਗ ਉਪਰਾਲਾ ਹੈ।

# ਵਿਦਿਆਰਥੀ ਆਰਵ ਕੁਮਾਰ ਨੇ ਨੈਸ਼ਨਲ ਫੈਨਸਿੰਗ ਚੈਂਪੀਅਨਸ਼ਿਪ ਵਿੱਚ ਚਮਕਾਇਆ ਪੰਜਾਬ ਦਾ ਨਾਮ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਪਟਿਆਲਾ ਦੇ ਡੀ.ਏ.ਵੀ.ਪਬਲਿਕ ਸਕੂਲ ਦੇ 6ਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਆਰਵ ਕੁਮਾਰ ਨੇ ਆਪਣੀ ਲਾਜਵਾਬ ਪ੍ਰਦਰਸ਼ਨ ਨਾਲ ਸੂਬੇ ਅਤੇ ਸਕੂਲ ਦਾ ਮਾਣ ਵਧਾਇਆ ਹੈ। ਆਰਵ ਨੇ ਇੰਫਾਲ (ਮਨੀਪੁਰ) ਵਿਖੇ ਆਯੋਜਿਤ 27ਵੀਂ ਸਬ-ਜੂਨੀਅਰ ਫੈਨਸਿੰਗ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਸੈਬਰ ਈਵੈਂਟ ਦੇ ਟੀਮ ਮੁਕਾਬਲਿਆਂ ਵਿੱਚ ਗੋਲਡ ਮੈਡਲ ਜਿੱਤਿਆ , ਜਦਕਿ ਵਿਅਕਤੀਗਤ ਮੁਕਾਬਲਿਆਂ ਵਿੱਚ 6ਵਾਂ ਸਥਾਨ ਹਾਸਲ ਕਰਕੇ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ। ਇਹ ਪ੍ਰਾਪਤੀ ਉਸਦੀ ਲਗਾਤਾਰ ਤੀਜੀ ਨੈਸ਼ਨਲ ਪੱਧਰੀ ਸਫਲਤਾ ਹੈ, ਜੋ ਉਸਦੀ ਦ੍ਰਿੜ ਇੱਛਾ-ਸ਼ਕਤੀ, ਅਨੁਸ਼ਾਸਨ ਅਤੇ ਮਿਹਨਤ ਦਾ ਨਤੀਜਾ ਹੈ। ਇਸ ਤੋਂ ਇਲਾਵਾ, ਆਰਵ ਕੁਮਾਰ ਨੇ ਹਾਲ ਹੀ ਵਿੱਚ ਹੋਈਆਂ 69ਵੀਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ (2025-26) ਵਿੱਚ ਫੈਨਸਿੰਗ ਦੇ ਟੀਮ ਮੁਕਾਬਲਿਆਂ ਵਿੱਚ ਕਾਂਸੀ ਦਾ ਤਮਗਾ ਜਿੱਤ ਕੇ ਆਪਣੀ ਪ੍ਰਤਿਭਾ ਨੂੰ ਦੁਬਾਰਾ ਸਾਬਤ ਕੀਤਾ ਹੈ।

# ਰੈਕ੍ਰਿਸ਼ੀ ਵਿਗਿਆਨ ਕੇਂਦਰ, ਰੌਣੀ ਪਟਿਆਲਾ ਵੱਲੋਂ ਪਰਾਲੀ ਨਾ ਸਾੜਨ ਲਈ ਵਿਦਿਆਰਥੀਆਂ ਨੂੰ ਕੀਤਾ ਜਾ ਰਿਹਾ ਹੈ ਲਗਾਤਾਰ ਜਾਗਰੂਕ

**ਪਟਿਆਲਾ, 15 ਨਵੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**




ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਜਾਗਰੂਕਤਾ ਸੈਮੀਨਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਡਕਾਲਾ, ਪਟਿਆਲਾ ਵਿਖੇ ਮਿਤੀ 12 ਨਵੰਬਰ, 2025 ਨੂੰ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਦੇ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਲੇਖ ਰਚਨਾ ਅਤੇ ਭਾਸ਼ਣ ਦੇ ਮੁਕਾਬਲੇ ਕਰਵਾਏ ਗਏ। ਇਹ ਸਮਾਗਮ ਡਾ. ਹਰਦੀਪ ਸਿੰਘ ਸਭਿਖੀ, ਡਿਪਟੀ ਡਾਇਰੈਕਟਰ (ਸਿਖਲਾਈ), ਕੇ.ਵੀ.ਕੇ., ਪਟਿਆਲਾ ਅਤੇ ਪ੍ਰਿੰਸੀਪਲ ਸ੍ਰੀਮਤੀ ਸੀਮਾ ਰਾਣੀ ਦੀ ਯੋਗ ਅਗਵਾਈ ਹੇਠ ਲੈਕਚਰਾਰ ਫੈਂਟੀ ਭਰਤ ਗੋਇਲ ਅਤੇ ਸ. ਜਤਿੰਦਰ ਸਿੰਘ ਗਿੱਲ ਵੱਲੋਂ ਆਯੋਜਿਤ ਕੀਤਾ ਗਿਆ। ਸੈਮੀਨਾਰ ਦੇ ਬੁਲਾਰੇ ਡਾ. ਗੁਰਉਪਦੇਸ਼ ਕੌਰ, ਪ੍ਰੋਫੈਸਰ (ਗ੍ਰਹਿ ਵਿਗਿਆਨ), ਕੇ.ਵੀ.ਕੇ., ਪਟਿਆਲਾ ਨੇ ਪਰਾਲੀ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਨੁਕਸਾਨ ਬਾਰੇ ਜਾਣਕਾਰੀ ਦਿੰਦਿਆ ਵਿਦਿਆਰਥੀਆਂ ਨੂੰ ਇਸ ਜਾਗਰੂਕਤਾ ਮੁਹਿੰਮ ਵਿਚ ਅਹਿੰਮ ਜ਼ਿੰਮੇਵਾਰੀ ਨਾਲ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ। ਡਾ. ਰਜਨੀ ਗੋਇਲ, ਪ੍ਰੋਫੈਸਰ (ਭੋਜਨ ਵਿਗਿਆਨ), ਕੇ.ਵੀ.ਕੇ., ਪਟਿਆਲਾ ਨੇ ਜੰਕ ਫੂਡ ਤੋਂ ਹੋਣ ਵਾਲੇ ਨੁਕਸਾਨ ਬਾਰੇ ਜਾਣਕਾਰੀ ਵਿਦਿਆਰਥੀਆਂ ਨਾਲ ਸਾਂਝੀ ਕੀਤੀ

# 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖੂਨਦਾਨ ਕੈਂਪ ਲਗਾਇਆ; ਖੂਨਦਾਨ ਦੁਨੀਆਂ ਦਾ ਸਭ ਤੋਂ ਵੱਡਾ ਪੁੰਨ: ਪ੍ਰਿੰਸੀਪਲ ਤ੍ਰਿਪਾਠੀ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸਰਕਾਰੀ ਮਹਿੰਦਰਾ ਕਾਲਜ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ 100 ਤੋਂ ਵੱਧ ਕਾਲਜ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਭਾਗ ਲਿਆ। ਕੈਂਪ ਦੀ ਅਗਵਾਈ ਪ੍ਰਿੰਸੀਪਲ ਡਾ. ਨਿਸ਼ਠਾ ਤ੍ਰਿਪਾਠੀ ਦੁਆਰਾ ਕੀਤੀ ਗਈ। ਕਾਲਜ ਕੌਂਸਲ ਮੈਂਬਰ ਪ੍ਰੋ. ਲਵਲੀਨ ਪਰਮਾਰ, ਡਾ. ਅੰਮ੍ਰਿਤ ਸਮਰਾ, ਡਾ. ਕਿਰਨਜੀਤ ਕੌਰ ਇੰਚਾਰਜ ਰੈੱਡ ਰਿਬਨ ਕਲੱਬ, ਡਾ. ਸੁਵੀਰ ਸਿੰਘ, ਡਾ. ਕਰਮਜੀਤ ਸਿੰਘ, ਡਾ. ਗੁਰਪ੍ਰੀਤ ਕੌਰ, ਪ੍ਰੋ. ਕਮਲਜੀਤ ਕੌਰ, ਪ੍ਰੋ. ਸਵਰਨ ਕੌਰ, ਪ੍ਰੋ.ਰਿਤੂਪਰਨ ਕੌਸ਼ਲ ਨੇ ਹਿੱਸਾ ਲਿਆ। ਕਾਲਜ ਦੇ ਸਟਾਫ ਮੈਂਬਰਾਂ ਵਿਚ ਪ੍ਰੋ. ਪੁਨੀਤ, ਪ੍ਰੋ. ਰਨਦੀਪ ਸਿੰਘ, ਪੋ. ਕਰਨ ਕੌਸ਼ਲ, ਪ੍ਰੋ. ਜਸਬੀਰ ਸਿੰਘ ਅਤੇ ਸ਼ੰਮੀ ਸਿੰਘ ਕਲਰਕ, ਰਿੰਕੂ ਗੁਪਤਾ, ਰਵਿੰਦਰ ਸਿੰਘ ਨੇ ਖੂਨਦਾਨ ਕੀਤਾ। ਕੈਂਪ ਦਾ ਉਦਘਾਟਨ ਪ੍ਰਿੰਸੀਪਲ ਨਿਸ਼ਠਾ ਤ੍ਰਿਪਾਠੀ ਅਤੇ ਕੌਂਸਲ ਮੈਂਬਰਾਂ ਨੇ ਮਿਲ ਕੇ ਜੋਤ ਜਲਾ ਕੇ ਕੀਤਾ। ਪ੍ਰਿੰਸੀਪਲ ਤ੍ਰਿਪਾਠੀ ਨੇ ਕਿਹਾ ਕਿ ਮਨੁੱਖਤਾ ਦੇ ਭਲੇ ਲਈ ਸਮੂਹ ਤੰਦਰੁਸਤ ਵਿਦਿਆਰਥੀਆਂ ਨੂੰ ਖੂਨ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਕਿਸੇ ਲੋੜਵੰਦ ਮਰੀਜ਼ ਦੀ ਜ਼ਿੰਦਗੀ ਬਚਾਈ ਜਾ ਸਕੇ। ਕਿਉਂਕਿ ਖੂਨ ਇੱਕ ਅਜਿਹਾ ਤਰਲ ਹੈ ਜੋ ਕਿਸੇ ਫੈਕਟਰੀ ਜਾਂ ਕਾਰਖਾਨੇ ਵਿਚ ਨਹੀਂ ਬਣਦਾ ਹੈ। ਇਸ ਲਈ ਖੂਨਦਾਨ ਦੁਨੀਆਂ ਦਾ ਸਭ ਤੋਂ ਵੱਡਾ ਪੁੰਨ ਹੈ।

# ਆਰੀਆ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੱਚਿਆਂ ਨੂੰ ਬੂਟ ਵੰਡੇ ਗਏ



**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਅਗਰਵਾਲ ਇੰਟੇਲੈਕਚੁਅਲ ਫੋਰਮ ਵੱਲੋਂ ਸਥਾਨਕ ਸ਼੍ਰੀ ਰਾਮ ਆਰੀਆ ਸੀਨੀਅਰ ਸੈਕੰਡਰੀ ਸਕੂਲ ਵਿੱਚ ਪ੍ਰਧਾਨ ਨਰੇਸ਼ ਕੁਮਾਰ ਜੈਨ ਦੀ ਪ੍ਰਧਾਨਗੀ ਹੇਠ ਬੂਟ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ 141 ਸਕੂਲੀ ਬੱਚਿਆਂ ਨੂੰ ਬਾਟਾ ਕੰਪਨੀ ਦੇ ਬੂਟ ਦਿੱਤੇ ਗਏ। ਪ੍ਰਧਾਨ ਨਰੇਸ਼ ਕੁਮਾਰ ਜੈਨ ਨੇ ਦੱਸਿਆ ਕਿ ਸ਼੍ਰੀ ਰਾਮ ਆਰੀਆ ਸੀਨੀਅਰ ਸੈਕੰਡਰੀ ਸਕੂਲ, ਐਸ ਡੀ ਐਸ ਈ ਸੀਨੀਅਰ ਸੈਕੰਡਰੀ ਸਕੂਲ, ਆਰੀਆ ਕਨਿਆ ਸੀਨੀਅਰ ਸੈਕੰਡਰੀ ਸਕੂਲ, ਢੁੱਡੀਅਲ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਹਿੰਦੂ ਸੇਵਾ ਸਮਿਤੀ ਹਾਈ ਸਕੂਲ, ਜੈਨ ਗਰਲਜ਼ ਹਾਈ ਸਕੂਲ ਅਤੇ ਐਸ ਡੀ ਹਾਈ ਸਕੂਲ ਲਟੂਰਪੁਰਾ ਇਹਨਾਂ ਸਾਰੇ ਐਡਿਡ ਸਕੂਲਾਂ ਦੇ ਬੱਚਿਆਂ ਨੂੰ ਬੂਟ ਵੰਡੇ ਗਏ। ਕਾਰਜਕ੍ਰਮ ਦੀ ਸ਼ੁਰੂਆਤ ਗਾਇਤਰੀ ਮੰਤਰ ਦੇ ਉਚਾਰਨ ਨਾਲ ਕੀਤੀ ਗਈ। ਵੀ ਕੇ ਮੋਦੀ ਨੇ ਮੰਚ ਸੰਜਾਲਨ ਕੀਤਾ ਤੇ ਐਨ ਕੇ ਜੈਨ ਨੇ ਸੰਗਠਨ ਵੱਲੋਂ ਕੀਤੇ ਜਾ ਰਹੇ ਸੇਵਾ ਕਾਰਜਾਂ ਬਾਰੇ ਜਾਣਕਾਰੀ ਦਿੱਤੀ।

# ਵਿਧਾਇਕ ਕੋਹਲੀ ਤੇ ਮੇਅਰ ਗੋਗੀਆ ਵੱਲੋਂ ਕਾਕਾ ਕਲੋਨੀ ਤੇ ਕੱਲਰ ਕਲੋਨੀ 'ਚ 95 ਲੱਖ ਰੁਪਏ ਦੇ ਸੜਕ ਕਾਰਜਾਂ ਦੀ ਸ਼ੁਰੂਆਤ

**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪਟਿਆਲਾ ਸ਼ਹਿਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਅਤੇ ਰਫ਼ਤਾਰ ਦੇਂਦਿਆਂ, ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਅਤੇ ਮੇਅਰ ਕੁੰਦਨ ਗੋਗੀਆ ਨੇ ਅੱਜ ਕਾਕਾ ਕਲੋਨੀ ਅਤੇ ਕੱਲਰ ਕਲੋਨੀ ਵਿੱਚ ਲਗਭਗ 95 ਲੱਖ ਰੁਪਏ ਦੀ ਲਾਗਤ ਨਾਲ ਸੜਕ ਨਿਰਮਾਣ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ।

ਇਸ ਦੌਰਾਨ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਲੋਕਾਂ ਨੂੰ ਸੁਵਿਧਾਵਾਂ ਦੇਣ ਲਈ ਵਿਕਾਸੀ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਸੜਕਾਂ ਦੀ ਖਰਾਬ ਹਾਲਤ ਬਾਰੇ ਲੋਕਾਂ ਦੀਆਂ ਲੰਬੇ ਸਮੇਂ ਤੋਂ ਆ ਰਹੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਇਲਾਕੇ ਦੇ ਨਿਵਾਸੀਆਂ ਨੂੰ ਆਵਾਜਾਈ ਦੀ ਸੁਵਿਧਾ ਮਿਲੇਗੀ ਅਤੇ ਟ੍ਰੈਫਿਕ ਪ੍ਰਣਾਲੀ ਵਿੱਚ ਵੀ ਸੁਧਾਰ ਆਵੇਗਾ।

ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਮਿਊਂਸਪਲ ਕਾਰਪੋਰੇਸ਼ਨ ਪਟਿਆਲਾ ਵੱਲੋਂ ਸ਼ਹਿਰ ਦੇ ਹਰ ਵਾਰਡ ਵਿੱਚ ਵਿਕਾਸ ਕਾਰਜਾਂ ਦੀ ਰਫ਼ਤਾਰ ਤੇਜ਼ ਕੀਤੀ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਇਸ ਪ੍ਰੋਜੈਕਟ ਹੇਠ ਕਾਕਾ ਕਲੋਨੀ ਅਤੇ ਕੱਲਰ ਕਲੋਨੀ ਦੀਆਂ ਮੁੱਖ ਗਲੀਆਂ ਅਤੇ ਜੁੜੀਆਂ ਲੇਨਾਂ ਵਿੱਚ ਨਵੀਂ ਸੜਕਾਂ ਬਣਾ ਕੇ ਡਰੇਨੇਜ ਪ੍ਰਣਾਲੀ ਨੂੰ ਵੀ ਬਿਹਤਰ ਕੀਤਾ ਜਾਵੇਗਾ, ਤਾਂ ਜੋ ਮੀਂਹ ਦੇ ਮੌਸਮ ਵਿੱਚ ਪਾਣੀ ਖੜ੍ਹਾ ਨਾ ਹੋਵੇ ਅਤੇ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਨੇ ਕਿਹਾ ਕਿ ਪਟਿਆਲਾ ਦੇ ਹਰ ਇਲਾਕੇ ਦਾ ਸੰਤੁਲਿਤ ਵਿਕਾਸ ਕਰਨਾ ਸਰਕਾਰ ਦੀ ਪਹਿਲ ਹੈ। ਇਸ ਮੌਕੇ ਵਿਧਾਇਕ ਕੋਹਲੀ ਨੇ ਸਥਾਨਕ ਵਸਨੀਕਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਹਨਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ।

ਸਥਾਨਕ ਨਿਵਾਸੀਆਂ ਨੇ ਵਿਧਾਇਕ ਅਤੇ ਮੇਅਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸੜਕ ਨਿਰਮਾਣ ਕਾਰਜਾਂ ਨਾਲ ਉਨ੍ਹਾਂ ਨੂੰ ਕਈ ਸਾਲਾਂ ਤੋਂ ਚਲ ਰਹੀਆਂ ਸਮੱਸਿਆਵਾਂ ਤੋਂ ਰਾਹਤ ਮਿਲੇਗੀ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਨਵੀਆਂ ਸੜਕਾਂ ਨਾਲ ਇਲਾਕੇ ਦੀ ਸੁੰਦਰਤਾ ਵਧੇਗੀ ਅਤੇ ਲੋਕਾਂ ਦੀ ਰੋਜ਼ਾਨਾ ਆਵਾਜਾਈ ਹੋਰ ਸੌਖੀ ਹੋ ਜਾਵੇਗੀ।

# ਨਾਮਧਾਰੀ ਸ਼ਹੀਦੀ ਸਮਾਰਕ ਮਲੇਰਕੋਟਲਾ ਵਿਖੇ ਚਿਲਡਰਨ ਡੇ 'ਤੇ ਕਰਵਾਇਆ ਜਾਵੇਗਾ ਆਰਟ ਮੇਲਾ

**ਮਲੇਰਕੋਟਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਮਨ ਪੰਜਾਬ ਵੱਲੋਂ ਚਿਲਡਰਨ ਡੇ ਦੇ ਉਪਰ ਸਕੂਲਾਂ ਕਾਲਜਾਂ ਦੇ ਬੱਚਿਆਂ ਲਈ ਇੱਕ ਆਰਟ ਮੇਲਾ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਬੱਚਿਆਂ ਦੇ ਆਰਟ ਨਾਲ ਸਬੰਧਿਤ ਮੁਕਾਬਲੇ ਕਰਵਾਏ ਜਾਣਗੇ। ਇਸ ਮੇਲੇ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਮਸ਼ਹੂਰ ਆਰਟਿਸਟ ਵੀ ਪਹੁੰਚਣਗੇ ਜੋ ਆਪਣੀ ਕਲਾ , ਆਪਣੀਆਂ ਪੇਂਟਿੰਗਾਂ ਨਾਲ ਬੱਚਿਆਂ ਨੂੰ ਸੰਦੇਸ਼ ਦੇਣਗੇ ਅਤੇ ਆਪਣੀ ਕਲਾ ਨੂੰ ਨਿਖਾਰਨ ਲਈ ਜਰੂਰੀ ਨੁਕਤੇ ਵੀ ਸਾਂਝੇ ਕਰਨਗੇ। ਇਹ ਜਾਣਕਾਰੀ ਲੋਕ ਮਨ ਪੰਜਾਬ ਦੇ ਮੈਂਬਰਾਂ ਬਿਕਰਮਜੀਤ ਸਿੰਘ, ਗੁਰਪ੍ਰੀਤ ਸਿੰਘ ਅਤੇ ਅਮਨਦੀਪ ਕੌਰ ਬਾਠ ਵੱਲੋਂ ਸਾਂਝੇ ਤੌਰ ਤੇ ਜਾਣਕਾਰੀ ਦਿੰਦਿਆਂ ਕਿਹਾ ਕਿ ਉੱਘੀ ਆਰਟਿਸਟ ਸੋਨਜੀਤ ਕੌਰ ਨੂੰ ਹਰਬੰਸ ਸਿੰਘ ਢਿੱਲੋਂ(ਪੈਂਸਿਲ ਆਰਟਿਸਟ) ਯਾਦਗਾਰੀ ਅਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਉੱਘੇ ਆਰਟਿਸਟ ਕਮਲਦੀਪ ਸਿੰਘ (ਸਟੇਟ ਅਵਾਰਡੀ) ਆਰਟਿਸਟ ਸੰਦੀਪ ਸਿੰਘ,ਆਰਟਿਸਟ ਗੋਪਾਲ ਸਿੰਘ, ਆਰਟਿਸਟ ਅਮਨਦੀਪ ਸਿੰਘ ਵੀ ਬੱਚਿਆਂ ਦੇ ਰੂਬਰੂ ਹੋਣਗੇ। ਉਹਨਾਂ ਇਹ ਵੀ ਦੱਸਿਆ ਕਿ ਇਸ ਤੋਂ ਬਿਨਾਂ ਇਸ ਆਰਟ ਮੇਲੇ ਵਿੱਚ ਜ਼ਿਲ੍ਹਾ ਮਲੇਰਕੋਟਲਾ , ਸੰਗਰੂਰ , ਲੁਧਿਆਣਾ ਅਤੇ ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਬੱਚੇ ਪੇਂਟਿੰਗ ਕੰਪਟੀਸ਼ਨ ਵਿੱਚ ਭਾਗ ਲੈਣਗੇ। ਇਸ ਮੇਲੇ ਦੀ ਖਾਸੀਅਤ ਇਹ ਰਹੇਗੀ ਕਿ ਇਸ ਵਿੱਚ ਪਹਿਲੀ ਜਮਾਤ ਤੋਂ ਲੈ ਕੇ ਓਪਨ ਤੱਕ ਹਰ ਵਰਗ ਲਈ ਵੱਖਰੇ ਮੁਕਾਬਲੇ ਰੱਖੇ ਗਏ ਹਨ।

ਬੱਚਿਆਂ ਨੂੰ ਉਤਸਾਹਿਤ ਕਰਨ ਦੇ ਲਈ ਹਰ ਬੱਚੇ ਨੂੰ ਸਰਟੀਫਿਕੇਟ ਦਿੱਤਾ ਜਾਵੇਗਾ ਅਤੇ ਇਨਾਮ ਜਿੱਤਣ ਵਾਲੇ ਬੱਚਿਆਂ ਲਈ ਗਿਫਟ, ਕੈਸ਼ ਇਨਾਮ ਅਤੇ ਹੋਰ ਬਹੁਤ ਸਾਰੇ ਦਿਲ ਖਿੱਚਵੇ ਇਨਾਮ ਦਿੱਤੇ ਜਾਣਗੇ। ਇਸ ਮੇਲੇ ਵਿੱਚ ਸਪੈਸ਼ਲ ਬੱਚਿਆਂ ਦੇ ਮੁਕਾਬਲੇ ਵੀ ਕਰਵਾਏ ਜਾਣਗੇ, ਤਾਂ ਕਿ ਇਹਨਾਂ ਬੱਚਿਆਂ ਦਾ ਹੌਸਲਾ ਵਧਾਇਆ ਜਾ ਸਕੇ।

ਇਹਨਾਂ ਸਾਰੇ ਬੱਚਿਆਂ ਨੂੰ ਲੋਕ ਮਨ ਪੰਜਾਬ ਵੱਲੋਂ ਬਹੁਤ ਹੀ ਪਿਆਰੇ ਗਿਫਟ ਦੇ ਕੇ ਇਹਨਾਂ ਦਾ ਹੌਸਲਾ ਵਧਾਇਆ ਜਾਵੇਗਾ। ਲੋਕਮਨ ਦੀ ਟੀਮ ਨੇ ਇਲਾਕੇ ਦੇ ਸਾਰੇ ਕਲਾ ਪ੍ਰੇਮੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਓ! ਇਸ ਦਿਨ ਬੱਚਿਆਂ ਦੇ ਦਿਨ ਤੇ ਆਪਾਂ ਰਲ ਮਿਲ ਕੇ ਇਸ ਮੇਲੇ ਨੂੰ ਯਾਦਗਾਰੀ ਬਣਾਈਏ। ਉਹਨਾਂ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਸ ਕਲਾ ਮੇਲੇ ਵਿੱਚ ਭਾਗ ਲੈ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਨ ਅਤੇ ਇਸ ਦਿਨ ਨੂੰ ਯਾਦਗਾਰੀ ਬਣਾਉਣ।

# ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਵੱਲੋਂ ਘੱਟ ਗਿਣਤੀ ਭਾਈਚਾਰੇ ਦੀਆਂ ਮੁਸ਼ਕਲਾਂ

**ਮਾਲੇਰਕੋਟਲਾ 12 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਵੱਲੋਂ ਘੱਟ ਗਿਣਤੀ ਭਾਈਚਾਰੇ ਦੀਆਂ ਮੁਸ਼ਕਲਾਂ ਦੇ ਹੱਲ ਲਈ ਸਥਾਨਕ ਨਗਰ ਕੌਂਸਲ ਦੇ ਦਫ਼ਤਰ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਿੰਪੀ ਗਰਗ, ਸਹਾਇਕ ਕਮਿਸ਼ਨਰ ਕਮ ਮੁੱਖ ਮੰਤਰੀ ਫੀਲਡ ਅਫ਼ਸਰ ਰਾਕੇਸ ਗਰਗ, ਡੀ.ਐਸ.ਪੀ. (ਹੈੱਡਕੁਆਰਟਰ) ਆਤੀਸ਼ ਭਾਟੀਆ,ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਧਿਕਾਰੀ ਮੁਕਲ ਬਾਵਾ,ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਲਵਲੀਨ ਕੌਰ ਬੜਿੰਗ, ਚੇਅਰਮੈਨ ਮਾਰਕੀਟ ਕਮੇਟੀ ਮਾਲੇਰਕੋਟਲਾ ਜਾਫਰ ਅਲੀ, ਚੇਅਰਮੈਨ ਮਾਰਕੀਟ ਕਮੇਟੀ ਸੰਦੌੜ ਕਰਮਜੀਤ ਸਿੰਘ ਕੁਠਾਲਾ, ਪੰਜਾਬ ਰਾਜ ਘੱਟ ਗਿਣਤੀਆਂ ਕਮਿਸ਼ਨ ਦੇ ਮੈਂਬਰ ਨਦੀਮ ਅਨਵਾਰ ਖਾਂ,ਹਾਜੀ ਸਮਸਾਦ ਅਲੀ,ਦਰਸ਼ਨ ਮੈਥਯੂ ,ਸ਼ਾਮੂ ਸੋਹਤਾ,ਸੈਮਯੂਲ ਗਿਲ,ਜੋਨ ਮਸੀਹ,ਰਾਜੇਸ਼ ਜੈਨ, ਪੀ.ਏ. ਐਮ.ਐਲ.ਏ.ਮਾਲੇਰਕੋਟਲਾ ਗੁਰਮੁੱਖ ਸਿੰਘ, ਸੰਗਠਨ ਇੰਚਾਰਜ ਸੰਤੋਖ ਸਿੰਘ,ਬਲਾਕ ਪ੍ਰਧਾਨ ਅਬਦੁਲ ਹਲੀਮ,ਦਰਸ਼ਨ ਦਰਦੀ, ਅਸਲਮ ਭੱਟੀ,ਸਾਬਰ ਰਤਨ,ਚਰਨਜੀਤ ਸਿੰਘ ਚੀਮਾ, ਸਾਬਰ ਰਤਨ, ਗੁਰਮੀਤ ਸਿੰਘ, ਅਸ਼ਰਫ ਅਬਦੁੱਲਾ, ਮੁਹੰਮਦ ਮਹਿਮੂਦ, ਯਾਸੀਨ ਨੇਸਤੀ, ਯਾਸਰ ਅਰਫਾਤ,ਕਾਮਰੇਡ ਅਮਨਦੀਪ ਸਿੰਘ,ਸੋਸਲ ਵਰਕਰ ਪਰਵੇਜ ਖਾਨ, ਦਾਊਦ ਅਲੀ, ਹਲਕਾ ਕੁਆਰਡੀਨੇਟਰ ਐਸ.ਸੀ ਵਿੰਗ ਰਜਿੰਦਰ ਰਾਜੂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਘੱਟ ਗਿਣਤੀ ਭਾਈਚਾਰੇ ਦੇ ਹਿੱਤਾਂ ਦੀ ਰੱਖਿਆ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਹਰ ਸੰਭਵ ਯਤਨ ਕੀਤਾ ਜਾ ਰਿਹਾ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸਾਈ ਭਾਈਚਾਰੇ ਦੀਆਂ ਕਬਰਾਂ ਲਈ ਵੱਖਰੇ ਸਥਾਨ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਇਸਾਈ ਭਾਈਚਾਰੇ ਦੇ ਲੋਕਾਂ ਨੂੰ ਆਪਣੀਆਂ ਅੰਤਿਮ ਰਸਮਾਂ ਕਰਨ ਵਿੱਚ ਕੋਈ ਮੁਸ਼ਕਲ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਕਿ ਕਬਰਸਤਾਨਾਂ ਦੀ ਸਾਫ਼ ਸਫਾਈ, ਸੁੰਦਰੀਕਰਨ, ਕਬਰਸਤਾਨਾਂ ਨੂੰ ਜਾਂਦੇ ਰਸਤਿਆਂ ਨੂੰ ਸਾਫ਼ ਕਰਨ ਦੇ ਨਾਲ ਉਨ੍ਹਾਂ ਨੂੰ ਪੱਕਾ ਕਰਨ ਵੱਲ ਵਿਸ਼ੇਸ ਧਿਆਨ ਦਿੱਤਾ ਜਾਵੇ ।

ਚੇਅਰਮੈਨ ਨੇ ਕਿਹਾ ਕਿ ਘੱਟ ਗਿਣਤੀ ਭਾਈਚਾਰੇ ਨੂੰ ਹਰ ਪੱਧਰ 'ਤੇ ਬਰਾਬਰੀ ਦੇ ਅਧਿਕਾਰ ਮਿਲਣ ਤੇ ਉਨ੍ਹਾਂ ਦੀਆਂ ਸਮਾਜਿਕ ਤੇ ਧਾਰਮਿਕ ਜ਼ਰੂਰਤਾਂ ਦਾ ਸਨਮਾਨ ਕਰਨਾ ਪੰਜਾਬ ਸਰਕਾਰ ਦੀ ਪਹਿਲ ਹੈ। ਇਸ ਮੌਕੇ ਮੁਬਾਰਿਕ ਮੰਜ਼ਿਲ ਪੈਲੇਸ ਦੇ ਰੱਖ ਰਖਾਓ,ਨਵੀਨੀਕਰਨ,ਹਿਬਾਨਾਮਾ ਮੁੜ ਤੋਂ ਚਾਲੂ ਕਰਵਾਉਣ ਸਬੰਧੀ,ਵਕਫ਼ ਪ੍ਰਾਪਰਟੀਆਂ ਸਬੰਧੀ, ਮਸ਼ੀਹ ਭਾਈਚਾਰੇ ਲਈ ਵੱਖਰੇ ਕੰਮਿਊਨਿਟੀ ਸੈਂਟਰ,ਬੇਹਤਰ ਸਿਹਤ,ਤਕਨੀਕੀ ਸਿੱਖਿਆ,ਮਸ਼ੀਹ ਭਾਈਚਾਰੇ ਲਈ ਕਬਰੀਸਥਾਨ,ਇੰਤਕਾਲਾਂ ਦੇ ਨਿਪਟਾਰੇ ਆਦਿ ਸਬੰਧੀ ਮੰਗਾਂ/ਸਮੱਸਿਆ ਚੇਅਰਮੈਨ ਕੋਲ ਰੱਖੀਆਂ। ਇਸ ਤੋਂ ਇਲਾਵਾਂ ਉਨ੍ਹਾਂ ਲੋਕਾਂ ਦੀਆਂ ਨਿੱਜੀ ਸਮੱਸਿਆਵਾਂ ਵੀ ਸੁਣੀਆਂ ਅਤੇ ਅਧਿਆਰੀਆਂ ਨੂੰ ਇਨ੍ਹਾਂ ਦੇ ਹੱਲ ਲਈ ਮੌਕੇ 'ਤੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਹਾ ਕਿ ਘੱਟ ਗਿਣਤੀ ਕਮਿਸ਼ਨ ਲੋਕਾਂ ਦੀਆਂ ਸਮੱਸਿਆਵਾਂ/ਮੰਗਾਂ ਦੇ ਹੱਲ ਲਈ ਸਿੱਧਾ ਸਰਕਾਰੀ ਪੱਧਰ 'ਤੇ ਕਾਰਵਾਈ ਯਕੀਨੀ ਬਣਾਵੇਗਾ।

ਇਸ ਮੌਕੇ ਉਨ੍ਹਾਂ ਨੇ ਘੱਟ ਗਿਣਤੀ ਭਾਈਚਾਰੇ ਨਾਲ ਸਬੰਧਿਤ ਪੰਜਾਬ ਸਰਕਾਰ ਵਲੋਂ ਚਲਾਇਆ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਇੱਕਤਰ ਕੀਤੀ ਅਤੇ ਹਦਾਇਤਾਂ ਕੀਤੀਆਂ ਕਿ ਸਬੰਧਤ ਵਿਭਾਗ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕਰਨ ਤਾਂ ਜੋ ਘੱਟ ਗਿਣਤੀਆਂ ਨਾਲ ਸੰਬੰਧਿਤ ਲੋੜਵੰਦ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ ।

# ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਨੇ ਸ਼੍ਰੀ ਕਾਲੀ ਮਾਤਾ ਮੰਦਰ ਵਿਖੇ ਸ਼੍ਰੀ ਹਨੂੰਮਾਨ ਚਾਲੀਸਾ ਪਾਠ ਦਾ ਆਯੋਜਨ



**ਪਟਿਆਲਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰ ਮੰਗਲਵਾਰ ਦੀ ਤਰ੍ਹਾਂ, ਸ਼ਿਵ ਸੈਨਾ ਹਿੰਦੁਸਤਾਨ ਦੀ ਧਾਰਮਿਕ ਸ਼ਾਖਾ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਨੇ ਪੰਜਾਬ ਦੇ ਪਟਿਆਲਾ ਵਿੱਚ ਉੱਤਰੀ ਭਾਰਤ ਦੇ ਇੱਕ ਪ੍ਰਸਿੱਧ ਤੀਰਥ ਸਥਾਨ ਸ਼੍ਰੀ ਕਾਲੀ ਮਾਤਾ ਮੰਦਰ ਵਿੱਚ ਸਨਾਤਨ ਹਿੰਦੂ ਧਰਮ ਦਾ ਪ੍ਰਚਾਰ ਕਰਨ ਲਈ ਸ਼੍ਰੀ ਹਨੂੰਮਾਨ ਚਾਲੀਸਾ ਦਾ ਪਾਠ ਕੀਤਾ ਗਿਆ।

ਸ਼੍ਰੀ ਕਾਲੀ ਮਾਤਾ ਮੰਦਰ ਵਿਖੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਵਿਆਸ ਪੀਠ ਤੋਂ, ਧਾਰਮਿਕ ਪ੍ਰਚਾਰਕ ਪ੍ਰਸਿੱਧ ਭਜਨ ਗਾਇਕਾ ਸ਼੍ਰੀਮਤੀ ਬੀਨਾ ਬਾਂਸਲ ਨੇ ਆਪਣੇ ਭਜਨਾਂ ਰਾਹੀਂ ਸਮਝਾਇਆ ਕਿ ਮਨੁੱਖ ਨੂੰ ਧਾਰਮਿਕਤਾ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਇੱਛਾਵਾਂ ਨੂੰ ਸੀਮਾ ਦੇ ਅੰਦਰ ਰੱਖਣਾ ਚਾਹੀਦਾ ਹੈ, ਤਾਂ ਹੀ ਮਨੁੱਖ ਦਾ ਜੀਵਨ ਖੁਸ਼ ਰਹਿ ਸਕਦਾ ਹੈ।

ਸ੍ਰੀ ਰਾਮ ਹਨਮਾਨ ਸੇਵਾ ਦਲ ਵੱਲੋਂ ਹਰ ਮੰਗਲਵਾਰ ਪੁੱਛੇ ਗਏ ਸਵਾਲਾਂ ਦੇ ਹਿੱਸੇ ਵਜੋਂ, ਇਸ ਮੰਗਲਵਾਰ ਨੂੰ ਵੀ, ਸ਼ਰਧਾਲੂਆਂ ਤੋਂ ਪੁੱਛਿਆ ਗਿਆ ਕਿ ਮਾਤਾ ਕਾਲੀ ਦੇਵੀ ਦੀ ਮੂਰਤੀ ਵਿੱਚ ਜੀਭ ਕਿਉਂ ਬਾਹਰ ਨਿਕਲੀ ਹੁੰਦੀ ਹੈ ਅਤੇ ਉਨਾ ਨੇ ਭਗਵਾਨ ਸ਼ਿਵ 'ਤੇ ਆਪਣਾ ਪੈਰ ਕਿਉਂ ਅਤੇ ਕਿਵੇਂ ਰੱਖਿਆ ? ਸ਼ਰਧਾਲੂਆਂ ਨੇ ਇਸ ਸਵਾਲ ਦਾ ਜਵਾਬ ਇਹ ਕਹਿ ਕੇ ਦਿੱਤਾ ਕਿ ਸ਼੍ਰੀ ਕਾਲੀ ਮਾਤਾ ਦੇ ਗੁੱਸੇ ਦਾ ਕਾਰਨ ਇਹ ਸੀ ਕਿ ਦੈਂਤਾਂ, ਖਾਸ ਕਰਕੇ ਰਕਤਬੀਜ ਰਾਕਸ਼ ਨੂੰ ਮਾਰਨ ਤੋਂ ਬਾਅਦ, ਮਾਤਾ ਕਾਲੀ ਜੀ ਦਾ ਗੁੱਸਾ ਇੰਨਾ ਵੱਧ ਗਿਆ ਕਿ ਉਹ ਕਾਬੂ ਤੋਂ ਬਾਹਰ ਹੋ ਗਈ ਅਤੇ ਬ੍ਰਹਿਮੰਡ ਨੂੰ ਖ਼ਤਰਾ ਪੈਦਾ ਹੋ ਗਿਆ ਸੀ।

ਸ਼ਿਵ ਜੀ ਦੀ ਭੂਮਿਕਾ: ਦੇਵਤਿਆਂ ਦੇ ਕਹਿਣ 'ਤੇ, ਭਗਵਾਨ ਸ਼ਿਵ ਨੇ ਸ੍ਰੀ ਕਾਲੀ ਮਾਤਾ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਜਦੋਂ ਸਾਰੀਆਂ ਕੋਸ਼ਿਸ਼ਾਂ ਅਸਫਲ ਹੋ ਗਈਆਂ, ਤਾਂ ਉਹਨਾ ਆਪਣੇ ਆਪ ਨੂੰ ਉਨਾ ਦੇ ਰਾਹ ਵਿੱਚ ਰੱਖਿਆ। ਮਾਤਾ ਕਾਲੀ ਜੀ ਨੇ ਆਪਣਾ ਪੈਰ ਜਿਵੇਂ ਹੀ ਸ਼ਿਵ ਜੀ ਦੀ ਛਾਤੀ 'ਤੇ ਰੱਖਿਆ ਤਾਂ ਉਸਦੇ ਤੁਰੰਤ ਤੋਂ ਬਾਅਦ, ਮਾਤਾ ਕਾਲੀ ਦਾ ਗੁੱਸਾ ਜੀ ਦਾ ਗੁੱਸਾ ਸ਼ਾਂਤ ਹੋ ਗਿਆ। ਅਚਨਚੇਤ ਅਣਜਾਣੇ ਵਿੱਚ ਇਸ ਕਰਨ ਲਈ ਆਪਣੇ ਆਪ ਨੂੰ ਦੋਸ਼ੀ ਮਹਿਸੂਸ ਕਰਦੇ ਹੋਏ, ਉਹਨਾਂ ਨੇ ਸਰਮ ਅਤੇ ਹੈਰਾਨਗੀ ਨਾਲ ਆਪਣੀ ਜੀਭ ਬਾਹਰ ਕੱਢੀ,ਨਾਲ ਹੀ ਉਨਾਂ ਦਾ ਭਿਆਨਕ ਰੂਪ ਵੀ ਸ਼ਾਂਤ ਹੋ ਗਿਆ ਸੀ।

# ਰਜਨੀਗੰਧਾ

**ਰਜਨੀਗੰਧਾ ਦੀ ਇਕ ਵਾਰੀ ਦੀ ਬਿਜਾਈ ਰਾਹੀਂ ਦੋ ਤੋਂ ਤਿੰਨ ਸਾਲ ਤਕ ਫ਼ਸਲ ਲਈ ਜਾ ਸਕਦੀ ਹੈ। ਕਿਸਾਨ ਇਸ ਦੇ ਫੁੱਲਾਂ ਦੀ ਕਾਸ਼ਤ ਬਦਲਵੀਂ ਫ਼ਸਲ ਵਜੋਂ ਕਰ ਕੇ ਵਧੇਰੇ ਲਾਭ ਪ੍ਰਾਪਤ ਕਰ ਸਕਦੇ ਹਨ...**

• ਡਾ. ਮਧੂ ਬਾਲਾ

ਰਜਨੀਗੰਧਾ ਇਕ ਖ਼ੁਸ਼ਬੂਦਾਰ ਫੁੱਲਾਂ ਵਾਲੀ ਫ਼ਸਲ ਹੈ। ਇਸ ਦੇ ਫੁੱਲਾਂ ਦਾ ਇਸਤੇਮਾਲ ਹਾਰ, ਗੁਲਦਸਤੇ ਅਤੇ ਫੁੱਲਾਂ ਦੇ ਗਹਿਣੇ ਆਦਿ ਬਣਾਉਣ ਲਈ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਇਸ ਦੀਆਂ ਡੰਡੀਆਂ ਨੂੰ ਕੱਟ ਕੇ ਪਾਣੀ ਵਿਚ ਰੱਖ ਕੇ ਸਜਾਵਟ ਲਈ ਵਰਤਿਆ ਜਾ ਸਕਦਾ ਹੈ। ਇਸ ਦੀਆਂ ਕੁਝ ਕਿਸਮਾਂ ਦੀ ਵਰਤੋਂ ਤੇਲ ਕੱਢਣ ਲਈ ਵੀ ਕੀਤੀ ਜਾਂਦੀ ਹੈ।

ਰਜਨੀਗੰਧਾ ਦੇ ਫੁੱਲ ਇਕਹਿਰੇ ਅਤੇ ਦੂਹਰੇ ਦੋ ਤਰ੍ਹਾਂ ਦੇ ਹੁੰਦੇ ਹਨ। ਇਕਹਿਰੇ ਫੁੱਲਾਂ ਦੀਆਂ ਕਿਸਮਾਂ ਦੇ ਫੁੱਲ ਜ਼ਿਆਦਾ ਖ਼ੁਸ਼ਬੂਦਾਰ ਤੇ ਚਿੱਟੇ ਰੰਗ ਦੇ ਹੁੰਦੇ ਹਨ। ਇਨ੍ਹਾਂ ਫੁੱਲਾਂ ਵਿਚ ਪੱਤੀਆਂ ਦੀ ਸਿਰਫ਼ ਇਕ ਹੀ ਕਤਾਰ ਹੁੰਦੀ ਹੈ ਜਦੋਂਕਿ ਦੂਹਰੇ ਫੁੱਲਾਂ ਵਾਲੀਆਂ ਕਿਸਮਾਂ ਦੇ ਫੁੱਲ ਚਿੱਟੇ ਜੋ ਕਿ ਗੁਲਾਬੀ ਭਾਅ ਮਾਰਦੇ ਹਨ। ਇਹ ਇਕਹਿਰੇ ਫੁੱਲਾਂ ਦੀ ਤੁਲਨਾ ਵਿਚ ਘੱਟ ਖ਼ੁਸ਼ਬੂ ਵਾਲੇ ਹੁੰਦੇ ਹਨ।

### ਕਿਸਮਾਂ

**ਇਕਹਿਰੇ ਫੁੱਲਾਂ ਵਾਲੀਆਂ ਕਿਸਮਾਂ :** ਪ੍ਰਜਵਲ, ਸ਼੍ਰਿੰਗਾਰ, ਮੈਕਸਿਕਨ ਸਿੰਗਲ।
**ਦੂਹਰੇ ਫੁੱਲਾਂ ਵਾਲੀਆਂ ਕਿਸਮਾਂ :** ਵੈਭਵ, ਸੁਵਾਸਨੀ, ਪਰਲ ਡਬਲ।

### ਪੌਣ-ਪਾਣੀ ਅਤੇ ਮਿੱਟੀ

ਇਸ ਫ਼ਸਲ ਲਈ ਖੁੱਲ੍ਹਾ ਧੁੱਪਦਾਰ ਗਰਮ ਅਤੇ ਨਮੀ ਭਰਿਆ ਮੌਸਮ ਜ਼ਿਆਦਾ ਢੁਕਵਾਂ ਮੰਨਿਆ ਜਾਂਦਾ ਹੈ। ਫ਼ਸਲ ਦੇ ਚੰਗੇ ਵਾਧੇ ਲਈ ਔਸਤਨ ਤਾਪਮਾਨ 20 ਤੋਂ 30 ਡਿਗਰੀ ਸੈਂਟੀਗਰੇਟ ਹੈ। ਰਜਨੀਗੰਧਾ ਨੂੰ ਹਰ ਕਿਸਮ ਦੀ ਜ਼ਮੀਨ ਵਿਚ ਉਗਾਇਆ ਜਾ ਸਕਦਾ ਹੈ, ਪਰ ਚੰਗੇ ਜਲ ਨਿਕਾਸ ਵਾਲੀ ਮਲੱੜ੍ਹ ਭਰਪੂਰ ਰੇਤਲੀ ਮੈਰਾ ਜ਼ਮੀਨ ਜਿਸ ਦੀ ਪੀਐਚ 6.5 ਤੋਂ 7.0 ਹੋਵੇ ਇਸ ਫ਼ਸਲ ਲਈ ਢੁੱਕਵੀ ਪਾਈ ਜਾਂਦੀ ਹੈ।

### ਜ਼ਮੀਨ ਦੀ ਤਿਆਰੀ

ਬਿਜਾਈ ਤੋਂ ਪਹਿਲਾਂ ਜ਼ਮੀਨ ਨੂੰ ਚੰਗੀ ਤਰ੍ਹਾਂ ਵਾਹ ਕੇ ਪੱਧਰਾ ਕਰ ਲੈਣਾ ਚਾਹੀਦਾ ਹੈ। ਰੂੜੀ ਖਾਦ 20 ਤੋਂ 25 ਟਨ ਪ੍ਰਤੀ ਏਕੜ ਦੇ ਹਿਸਾਬ ਨਾਲ ਬਿਜਾਈ ਤੋਂ ਇਕ ਮਹੀਨਾ ਪਹਿਲਾਂ ਜ਼ਮੀਨ ਵਿਚ ਰਲਾਈ ਜਾਂਦੀ ਹੈ। ਬਿਜਾਈ ਦੇ ਸਮੇਂ 40 ਕਿਲੋ ਫਾਸਫੋਰਸ ਤੱਤ, 250 ਕਿਲੋ ਗ੍ਰਾਮ ਸਿੰਗਲ ਸੁਪਰ ਫਾਸਫੇਟ, 40 ਕਿਲੋ ਗ੍ਰਾਮ ਪੋਟਾਸ਼ ਤੱਤ ਅਤੇ 66 ਕਿਲੋ ਗ੍ਰਾਮ ਮਿਊਰੇਟ ਆਫ ਪੋਟਾਸ਼ ਪ੍ਰਤੀ ਏਕੜ ਦੇ ਹਿਸਾਬ ਨਾਲ ਪਾਈ ਜਾਂਦੀ ਹੈ। ਸ਼ੁਰੂ ਵਿਚ ਫ਼ਸਲ ਦੇ ਵਾਧੇ ਦੌਰਾਨ 80 ਕਿਲੋ ਨਾਈਟ੍ਰੋਜਨ ਪ੍ਰਤੀ ਏਕੜ ਦੇ ਹਿਸਾਬ ਨਾਲ ਦੋ ਵਾਰ ਬਿਜਾਈ ਤੋਂ ਬਾਅਦ ਇਕ-ਇਕ ਮਹੀਨੇ ਦੇ ਫ਼ਾਸਲੇ 'ਤੇ ਪਾਈ ਜਾਂਦੀ ਹੈ।

### ਬਿਜਾਈ ਦਾ ਤਰੀਕਾ

ਰਜਨੀਗੰਧਾ ਦੀ ਬਿਜਾਈ ਗੰਢਿਆਂ ਰਾਹੀਂ ਕੀਤੀ ਜਾਂਦੀ ਹੈ ਜੋ ਕਿ ਭਾਰੀਆਂ ਜ਼ਮੀਨਾਂ ਵਿਚ ਉੱਚੀਆਂ ਕਿਆਰੀਆਂ ਅਤੇ ਰੇਤਲੀਆਂ ਜ਼ਮੀਨਾਂ ਵਿਚ ਪੱਧਰੀਆਂ ਕਿਆਰੀਆਂ 'ਤੇ ਲਗਾਏ ਜਾਂਦੇ ਹਨ।

ਰਜਨੀਗੰਧਾ ਦੀ ਬਿਜਾਈ ਦਾ ਤਰੀਕਾ ਇਹ ਹੈ ਕਿ ਕਤਾਰ ਅਤੇ ਪੌਦਿਆਂ ਵਿਚਲਾ ਫ਼ਾਸਲਾ 30 ਸੈਂਟੀਮੀਟਰ ਅਤੇ ਡੂੰਘਾਈ 5 ਤੋਂ 7 ਸੈਂਟੀਮੀਟਰ ਹੋਣੀ ਚਾਹੀਦੀ ਹੈ। ਫ਼ਸਲ ਦੇ ਚੰਗੇ ਵਾਧੇ ਅਤੇ ਵਧੀਆ ਫੁੱਲ ਲੈਣ ਲਈ ਜ਼ਮੀਨ ਵਿਚ ਨਮੀ ਦਾ ਹੋਣਾ ਬਹੁਤ ਜ਼ਰੂਰੀ ਹੈ।

ਰਜਨੀਗੰਧਾ ਦੀ ਫ਼ਸਲ ਇਕ ਵਾਰ ਲਗਾ ਕੇ ਇਸ ਤੋਂ 2 ਤੋਂ 3 ਸਾਲ ਲਈ ਫੁੱਲ ਲਏ ਜਾ ਸਕਦੇ ਹਨ।

### ਸਿੰਜਾਈ

ਵਧੀਆ ਫ਼ਸਲ ਲੈਣ ਲਈ ਜ਼ਮੀਨ ਵਿਚ ਭਰਪੂਰ ਨਮੀ ਬਣਾਈ ਰੱਖਣੀ ਚਾਹੀਦੀ ਹੈ। ਮਿੱਟੀ ਦੀ ਕਿਸਮ ਅਤੇ ਮੌਸਮ ਦੇ ਹਿਸਾਬ ਨਾਲ ਫ਼ਸਲ ਨੂੰ ਪਾਣੀ ਦੇਣਾ ਚਾਹੀਦਾ ਹੈ।

### ਗੰਢਿਆਂ ਦੀ ਪੁਟਾਈ

ਫੁੱਲਾਂ ਦੀ ਤੁੜਾਈ ਤੋਂ 40 ਤੋਂ 45 ਦਿਨਾਂ ਬਾਅਦ ਗੰਢੇ ਪੁੱਟਣ ਲਈ ਤਿਆਰ ਹੋ ਜਾਂਦੇ ਹਨ। ਪੁਟਾਈ ਤੋਂ ਦੋ ਹਫ਼ਤੇ ਪਹਿਲਾਂ ਜਦੋਂ ਫ਼ਸਲ ਦੇ ਪੱਤੇ ਪੀਲੇ ਹੋ ਜਾਂਦੇ ਹਨ ਤਾਂ ਸਿੰਜਾਈ ਬੰਦ ਕਰ ਦੇਣੀ ਚਾਹੀਦੀ ਹੈ। ਪੱਤਿਆਂ ਨੂੰ ਜ਼ਮੀਨ ਤਕ ਕੱਟ ਕੇ ਗੰਢਿਆਂ ਨੂੰ ਪੁੱਟ ਲੈਣਾ ਚਾਹੀਦਾ ਹੈ। ਗੰਢੇ ਅਤੇ ਗੰਢੀਆਂ ਨੂੰ ਅਲੱਗ ਕਰਕੇ ਸਾਫ਼ ਕਰਨ ਤੋਂ ਬਾਅਦ 4 ਤੋਂ 5 ਦਿਨਾਂ ਲਈ ਛਾਂ ਵਿਚ ਰੱਖ ਕੇ ਸੁਕਾਇਆ ਜਾਂਦਾ ਹੈ ਜੋ ਕਿ ਅਗਲੀ ਬਿਜਾਈ ਲਈ ਫਿਰ ਤਿਆਰ ਹੋ ਜਾਂਦੇ ਹਨ। ਇਹ ਸਾਫ਼ ਕੀਤੇ ਹੋਏ ਗੰਢੇ ਅਤੇ ਗੰਢੀਆਂ ਨੂੰ ਅਗਲੇ ਸਾਲ ਬਿਜਾਈ ਲਈ ਵਰਤਣ ਲਈ ਸਟੋਰ ਕਰਕੇ ਰੱਖਿਆ ਜਾ ਸਕਦਾ ਹੈ। •

### ਫੁੱਲਾਂ ਦੀ ਤੁੜਾਈ

*ਰਜਨੀਗੰਧਾ ਦੇ ਫੁੱਲ ਬਿਜਾਈ ਤੋਂ 90 ਤੋਂ 150 ਦਿਨਾਂ ਬਾਅਦ ਤੁੜਾਈ ਲਈ ਤਿਆਰ ਹੋ ਜਾਂਦੇ ਹਨ। ਡੰਡੀਦਾਰ ਫੁੱਲਾਂ ਦੀ ਤੁੜਾਈ ਹੇਠਲੇ ਦੋ ਫੁੱਲ ਖੁੱਲ੍ਹਣ 'ਤੇ ਕੀਤੀ ਜਾਂਦੀ ਹੈ। ਇਨ੍ਹਾਂ ਨੂੰ ਗੁਲਦਸਤੇ ਬਣਾਉਣ ਵਿਚ ਵਰਤਿਆ ਜਾਂਦਾ ਹੈ। ਤੇਲ ਕੱਢਣ ਲਈ ਫੁੱਲ ਪੂਰੇ ਖੁੱਲ੍ਹੇ ਹੋਣੇ ਚਾਹੀਦੇ ਹਨ। ਤੁੜਾਈ ਤੋਂ ਬਾਅਦ ਇੱਕੋ ਬਿਜਾਈ ਰਾਹੀਂ 2 ਤੋਂ 3 ਸਾਲ ਤਕ ਫ਼ਸਲ ਲਈ ਜਾ ਸਕਦੀ ਹੈ। ਰਜਨੀਗੰਧਾ ਦੇ ਡੰਡੀਦਾਰ ਫੁੱਲਾਂ ਨੂੰ ਕੱਟਣ ਤੋਂ ਤੁਰੰਤ ਬਾਅਦ ਪਾਣੀ ਵਿਚ ਰੱਖ ਕੇ ਇਨ੍ਹਾਂ ਦੇ ਵਧ ਸਮੇਂ ਤਕ ਰੱਖਣ ਲਈ ਗੁਣਵਤਾ ਵਧਾਈ ਜਾ ਸਕਦੀ ਹੈ।*



ਰਜਨੀਗੰਧਾ




# ਦੂਸ਼ਣਬਾਜ਼ੀ ਛੱਡ ਕੇ ਕਿਸਾਨ ਖ਼ੁਦਕੁਸ਼ੀਆਂ ਦਾ ਹੱਲ ਲੱਭੀਏ

• ਸੁਖਪਾਲ ਸਿੰਘ, ਬਲਦੇਵ ਸਿੰਘ ਢਿੱਲੋਂ

ਫ਼ਰੀਦਕੋਟ ਵਿਖੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਲਗਾਏ ਕਿਸਾਨ ਮੇਲੇ ਮੌਕੇ ਜਦੋਂ ਇਕ ਬਜ਼ੁਰਗ ਕਿਸਾਨ ਨੇ ਖੇਤੀ ਮਾਹਿਰਾਂ ਨੂੰ ਹੱਥ ਜੋੜਦਿਆਂ ਕਿਹਾ ਕਿ ਤੁਸੀਂ ਸਾਨੂੰ ਸਿਰਫ਼ ਖੇਤੀ ਸਿਫ਼ਾਰਸ਼ਾਂ ਬਾਰੇ ਹੀ ਚਾਨਣਾ ਨਾ ਪਾਓ ਬਲਕਿ ਕਿਰਸਾਨੀ ਭਾਈਚਾਰੇ ਦੇ ਮੱਥੇ ਤੇ ਕਲੰਕ ਬਣਦੇ ਜਾ ਰਹੇ ਖ਼ੁਦਕੁਸ਼ੀਆਂ ਦੇ ਮਸਲੇ ਦੇ ਹੱਲ ਲਈ ਵੀ ਸਾਡੇ ਰਾਹ ਦਸੇਰੇ ਬਣੋ। ਖ਼ੁਦਕੁਸ਼ੀਆਂ ਦੇ ਇਸ ਗੰਭੀਰ ਮਸਲੇ ਨੂੰ ਲੈ ਕੇ ਕਿਸਾਨ ਦੀ ਅਜਿਹੀ ਸਾਕਾਰਤਮਿਕ ਸੋਚ ਨੇ ਜਿੱਥੇ ਸਾਰੇ ਖੇਤੀ ਮਾਹਿਰਾਂ ਦੀ ਮਾਨਸਿਕਤਾ ਨੂੰ ਪ੍ਰਭਾਵਿਤ ਕੀਤਾ ਉੱਥੇ ਸਾਨੂੰ ਵੀ ਉਤੇਜਿਤ ਕੀਤਾ ਕਿ ਇਸ ਗੰਭੀਰ ਮੁੱਦੇ ਨੂੰ ਲੇਖ ਰਾਹੀਂ ਤੁਹਾਡੇ ਸਨਮੁੱਖ ਰੱਖੀਏ ਤਾਂ ਜੋ ਇਸ ਸਮੱਸਿਆ ਦਾ ਕੋਈ ਹੱਲ ਮਿਲ ਸਕੇ।

ਲਗਪਗ ਹਰ ਰੋਜ਼ ਕਿਸਾਨਾਂ ਵੱਲੋਂ ਕੀਤੀਆਂ ਜਾ ਰਹੀਆਂ ਖ਼ੁਦਕੁਸ਼ੀਆਂ ਦੀਆਂ ਮਾੜੀਆਂ ਖ਼ਬਰਾਂ ਸੁਣਨਾ ਸਾਡੇ ਸਾਰਿਆਂ ਲਈ ਅਤਿਅੰਤ ਦੁਖਦਾਈ ਹੁੰਦਾ ਹੈ। ਇਸ ਵਿਚ ਕੋਈ ਸ਼ੱਕ ਨਹੀਂ ਕਿ ਅੱਜ ਸਾਡਾ ਕਿਸਾਨ ਆਰਥਿਕ ਤੰਗੀ ਦੇ ਦੌਰ ਵਿੱਚੋਂ ਨਿਕਲ ਰਿਹਾ ਹੈ ਅਤੇ ਕਿਸਾਨੀ ਭਾਈਚਾਰੇ ਦੀਆਂ ਸਮੱਸਿਆਵਾਂ ਨੂੰ ਆਮ ਲੋਕਾਂ ਤਕ ਪਹੁੰਚਾ ਕੇ ਮੀਡੀਆ ਆਪਣੇ ਫ਼ਰਜ਼ਾਂ ਦੀ ਪੂਰਤੀ ਕਰ ਰਿਹਾ ਹੈ। ਪਰ ਇਸ ਸਮੁੱਚੇ ਵਰਤਾਰੇ ਨਾਲ ਸਮਾਜ ਵਿਚ ਇਕ ਅਜਿਹੀ ਸੋਚ ਹਾਵੀ ਹੋ ਰਹੀ ਹੈ ਕਿ ਪੰਜਾਬ ਵਿਚ ਕਿਸਾਨ ਖ਼ੁਦਕੁਸ਼ੀਆਂ ਦਾ ਰੁਝਾਨ ਪਿਛਲੇ ਸਮਿਆਂ ਨਾਲੋਂ ਵਧਿਆ ਹੈ, ਜਦੋਂ ਕਿ ਇਸ ਸੋਚ ਨੂੰ ਤੱਥਾਂ ਨਾਲ ਜੋੜ ਕੇ ਨਹੀਂ ਵੇਖਿਆ ਜਾ ਰਿਹਾ। ਮੀਡੀਆ ਵਿਚ ਹਰ ਰੋਜ਼ ਖ਼ੁਦਕੁਸ਼ੀਆਂ ਬਾਰੇ ਕੁਝ ਅੰਕੜੇ ਦਿੱਤੇ ਜਾਂਦੇ ਹਨ। 22 ਅਕਤੂਬਰ 2017 ਨੂੰ ਪ੍ਰਕਾਸ਼ਿਤ ਹੋਏ ਇਕ ਪੰਜਾਬੀ ਅਖ਼ਬਾਰ ਮੁਤਾਬਕ ਪਿੱਛਲੇ ਸੱਤ ਮਹੀਨਿਆਂ ਦੌਰਾਨ ਕਿਸਾਨ ਖ਼ੁਦਕੁਸ਼ੀਆਂ ਦੀ ਵੱਧ ਤੋਂ ਵੱਧ ਗਿਣਤੀ 284 ਦਿੱਤੀ ਗਈ ਹੈ ਅਤੇ ਇਸ ਹਿਸਾਬ ਨਾਲ ਇਹ ਗਿਣਤੀ ਸਾਲ ਵਿਚ 487 ਬਣਦੀ ਹੈ।

ਪੰਜਾਬ ਖੇਤੀਵਾੜੀ ਯੂਨੀਵਰਸਿਟੀ, ਲੁਧਿਆਣਾ ਅਤੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੂੰ ਰਾਜ ਦੇ 13 ਜ਼ਿਲ੍ਹਿਆਂ ਦਾ ਸਾਲ 2000 ਤੋਂ ਲੈ ਕੇ ਕਿਸਾਨ ਖ਼ੁਦਕੁਸ਼ੀਆਂ ਦਾ ਸਰਵੇਖਣ ਕਰਨ ਦਾ ਕਾਰਜ ਸੌਂਪਿਆ ਗਿਆ ਸੀ। ਪੰਜਾਬ ਸਰਕਾਰ ਨੂੰ ਜਣਗਣਨਾ ਅਧਾਰਿਤ ਪੇਸ਼ ਕੀਤੀਆਂ ਰਿਪੋਰਟਾਂ ਮੁਤਾਬਕ ਕਿਸਾਨ ਖ਼ੁਦਕੁਸ਼ੀਆਂ ਦੀ ਗਿਣਤੀ ਸਾਲ 2000-2015 ਦੌਰਾਨ 500 ਤੋਂ ਵੀ ਜ਼ਿਆਦਾ ਰਹੀ, ਸਿਰਫ਼ ਸਾਲ 2006 ਵਿਚ ਇਹ ਗਿਣਤੀ 487 ਸੀ। ਇੱਥੋਂ ਤਕ ਸਾਲ 2007, 2008, 2010 ਅਤੇ 2015 ਦੌਰਾਨ ਕਿਸਾਨ ਖ਼ੁਦਕੁਸ਼ੀਆਂ ਦੀ ਗਿਣਤੀ 600 ਤੋਂ ਵੀ ਵਧ ਰਹੀ। ਜੇਕਰ ਆਪਾਂ ਬਾਕੀ ਰਹਿੰਦੇ ਜ਼ਿਲ੍ਹੇ, ਜਿਨ੍ਹਾਂ ਦੇ ਅੰਕੜੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵੱਲੋਂ ਇਕੱਤਰ ਕੀਤੇ ਗਏ ਹਨ ਨੂੰ ਵੀ ਨਾਲ ਰਲਾ ਲਈਏ ਤਾਂ ਪੰਜਾਬ ਵਿਚ ਕਿਸਾਨ ਖ਼ੁਦਕੁਸ਼ੀਆਂ ਦੀ ਸਾਲ 2000-2015 ਦੌਰਾਨ ਦੀ ਪ੍ਰਤੀ ਸਾਲ ਗਿਣਤੀ ਹੋਰ ਵੀ ਵਧ ਜਾਵੇਗੀ। ਸੋ ਸਾਨੂੰ ਇਹ ਕਹਿਣ ਵਿਚ ਥੋੜ੍ਹੀ ਰਾਹਤ ਮਹਿਸੂਸ ਹੋ ਰਹੀ ਹੈ ਕਿ ਮੌਜੂਦਾ ਸਮੇਂ ਇਨ੍ਹਾਂ ਦੁਖਦਾਈ ਘਟਨਾਵਾਂ ਵਿਚ ਵਾਧਾ ਨਹੀਂ ਹੋਇਆ। ਇਸ ਤੋਂ ਇਲਾਵਾ ਆਮ ਤੌਰ ਤੇ ਇਹ ਮੰਨ ਲੈਣਾ ਕਿ ਸਾਰੀਆਂ ਖ਼ੁਦਕੁਸ਼ੀਆਂ ਕਰਜ਼ਿਆਂ ਕਾਰਨ ਹੋ ਰਹੀਆਂ ਹਨ, ਇਹ ਵੀ ਠੀਕ ਨਹੀਂ ਹੈ। ਪੀਏਯੂ ਦੀ ਖੋਜ ਮੁਤਾਬਕ ਕਿਸਾਨਾਂ ਵੱਲੋਂ ਕੀਤੀਆਂ ਜਾ ਰਹੀਆਂ ਤਿੰਨ-ਚੌਥਾਈ ਖ਼ੁਦਕੁਸ਼ੀਆਂ ਕਰਜ਼ਿਆਂ ਕਾਰਨ ਸੀ ਜਦੋਂ ਕਿ ਇੱਕ-ਚੌਥਾਈ ਦੇ ਕਾਰਨ ਸਮਾਜਿਕ-ਮਨੋਵਿਗਿਆਨਿਕ ਵੀ ਸਨ। ਇਸ ਕਰਕੇ ਸਾਡੀ ਅਪੀਲ ਹੈ ਕਿ ਇਸ ਸਮੱਸਿਆ ਬਾਰੇ ਤੱਥਾਂ ਤੋਂ ਹਟ ਕੇ ਵਧਾ ਚੜ੍ਹਾਅ ਕੇ ਦੱਸਣ ਅਤੇ ਇਕ ਦੂਜੇ ਤੇ ਦੋਸ਼ ਮੜ੍ਹਨ ਦੀ ਥਾਂ ਆਪਾਂ ਅਨਮੋਲ ਜ਼ਿੰਦਗੀ ਨੂੰ ਖਤਮ ਕਰ ਲੈਣ ਦੇ ਇਸ ਦਰਦਨਾਕ ਕਾਰੇ ਤੋਂ ਬਚਣ ਲਈ ਢੰਗ-ਤਰੀਕੇ ਲੱਭਣ ਵਿੱਚ ਆਪਣਾ ਯੋਗਦਾਨ ਪਾਈਏ।

ਖੇਤੀਬਾੜੀ ਦੇ ਖੇਤਰ ਵਿਚ ਪੰਜਾਬ ਨੇ ਬਿਨਾਂ ਸ਼ੱਕ ਅਥਾਹ ਵਿਕਾਸ ਕੀਤਾ। ਸਾਲ 1960-61 ਤੋਂ ਲੈ ਕੇ ਸਾਲ 2016-17 ਦੌਰਾਨ ਕਣਕ ਦਾ ਝਾੜ 1244 ਤੋਂ 5046 ਕਿੱਲੋ ਅਤੇ ਝੋਨੇ ਦਾ ਝਾੜ 1553 ਤੋਂ 6193 ਕਿਲੋ ਪ੍ਰਤੀ ਹੈਕਟੇਅਰ ਹੋ ਗਿਆ। ਇਸ ਸਮੇਂ ਦੌਰਾਨ ਕਣਕ ਦਾ ਉਤਪਾਦਨ (ਝਾੜ-ਰਕਬਾ) 10 ਗੁਣਾਂ ਤੋਂ ਵੀ ਵਧ (1.74 ਤੋਂ 17.6 ਮਿਲੀਅਨ ਟਨ) ਅਤੇ ਝੋਨੇ ਦਾ ਉਤਪਾਦਨ ਲਗਪਗ 56 ਗੁਣਾਂ (0.35 ਤੋਂ 18.9 ਮਿਲੀਅਨ ਟਨ) ਵਧਿਆ। ਅਨਾਜ (ਕਣਕ ਅਤੇ ਝੋਨੇ) ਪੱਖੋਂ ਕੇਂਦਰੀ ਅੰਨ ਭੰਡਾਰ ਨੂੰ ਭਰਪੂਰ ਕਰਨ ਵਿਚ ਪੰਜਾਬ ਦਾ ਵੱਡਾ ਯੋਗਦਾਨ ਰਿਹਾ ਪਰ ਕਿੰਨੀ ਅਫ਼ਸੋਸ ਜਨਕ ਗੱਲ ਹੈ ਕਿ ਖੇਤੀ ਉਤਪਾਦਨ ਵਿਚ ਰਿਕਾਰਡ ਕਾਇਮ ਕਰਨ ਵਾਲਾ ਅਤੇ ਵਿਸ਼ਵ ਭਰ ਵਿਚ ਆਪਣਾ ਲੋਹਾ ਮਨਵਾਉਣ ਵਾਲਾ ਕਿਸਾਨ ਅੱਜ ਖ਼ੁਦਕੁਸ਼ੀਆਂ ਦੇ ਰਾਹ ਪਿਆ ਹੋਇਆ ਹੈ।

ਖੇਤੀ-ਜਲਵਾਯੂ ਪੱਖੋਂ ਭਾਰਤ ਅਨੇਕਾਂ ਵਿਭਿੰਨਤਾਵਾਂ ਰੱਖਦਾ ਹੈ। ਰਾਸ਼ਟਰੀ ਖੇਤੀ ਨੀਤੀਆਂ ਜੋ ਕਿ ਆਮ ਤੌਰ ਤੇ ਸਮੁੱਚੇ ਦੇਸ਼ ਅਤੇ ਸਮਾਜ ਦੇ ਸਾਰੇ ਵਰਗਾਂ ਨੂੰ ਮੱਦੇਨਜ਼ਰ ਰੱਖ ਕੇ ਬਣਾਈਆਂ ਜਾਂਦੀਆਂ ਹਨ। ਪਰ ਇਹ ਖੇਤੀ ਨੀਤੀਆਂ ਰਾਸ਼ਟਰੀ ਪੱਧਰ ਤੇ ਆਮ ਕਰਕੇ ਅਤੇ ਪੰਜਾਬ, ਹਰਿਆਣਾ ਅਤੇ ਹੋਰ ਉੱਚ ਉਤਪਾਦਨ ਖੇਤਰਾਂ ਲਈ ਖ਼ਾਸ ਕਰਕੇ ਆਪਣੀ ਸਹੀ ਭੂਮਿਕਾ ਨਹੀਂ ਨਿਭਾਅ ਰਹੀਆਂ। ਕਿਸਾਨਾਂ ਵੱਲੋਂ ਅਦਾ ਕੀਤੀਆਂ ਜਾਣ ਅਤੇ ਹਾਸਲ ਕੀਤੀਆਂ ਜਾਣ ਵਾਲੀਆਂ ਕੀਮਤਾਂ ਵਿਚ ਤਾਲਮੇਲ ਨਾ ਹੋਣ ਕਰਕੇ ਵਪਾਰ ਦੀਆਂ ਸ਼ਰਤਾਂ ਖੇਤੀ ਲਈ ਸਹਾਈ ਨਹੀਂ ਹੋ ਰਹੀਆਂ ਜਿਸ ਕਰਕੇ ਖੇਤੀ ਮੁਨਾਫ਼ੇ ਵਿਚ ਪਿੱਛਲੇ ਸਮੇਂ ਤੋਂ ਗਿਰਾਵਟ ਆ ਰਹੀ ਹੈ।

ਜੇਕਰ ਆਪਾਂ ਕਾਰਨਾਂ ਵੱਲ ਨਜ਼ਰ ਮਾਰੀਏ ਤਾਂ ਵੱਡੇ ਕਾਰਨਾਂ ਵਿੱਚੋਂ, ਖੇਤੀ ਕਾਮਿਆਂ ਦੀ ਆਮਦਨ ਗ਼ੈਰ ਖੇਤੀ ਕਾਮਿਆਂ ਨਾਲੋਂ ਘੱਟ ਹੋਣਾ, ਖੇਤੀ ਮੁਨਾਫ਼ੇ ਦਾ ਪ੍ਰਤੀ ਦਿਨ ਘੱਟਣਾ, ਹਾਸ਼ੀਆਗਤ ਅਤੇ ਛੋਟੀਆਂ ਜੋਤਾਂ ਦੀ ਹੁੰਦੀ ਬੇਕਦਰੀ ਮੁੱਖ ਸਨ ਜਦੋਂ ਕਿ ਛੋਟੇ ਕਾਰਨਾਂ ਵਿੱਚੋਂ ਸਮੁੱਚੇ ਅਰਥਚਾਰੇ ਵਿਚ ਵਾਧਾ ਹੋਣ ਕਰ ਕੇ ਕਿਸਾਨਾਂ ਵੱਲੋਂ ਖੇਤੀ ਤੋਂ ਮੂੰਹ ਮੋੜਨ ਦਾ ਰੁਝਾਨ ਸ਼ੁਰੂ ਹੋ ਗਿਆ। ਸਾਲ 2011 ਦੀ ਜਣਗਣਨਾ ਮੁਤਾਬਿਕ ਖੇਤੀ ਖੇਤਰ ਨੇ ਭਾਵੇਂ 35.6 ਪ੍ਰਤੀਸ਼ਤ ਕਾਮਿਆਂ ਨੂੰ ਹੀ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਪਰ ਰਾਜ ਦੀ 50-55 ਪ੍ਰਤੀਸ਼ਤ ਅਬਾਦੀ ਦਾ ਗੁਜ਼ਾਰਾ ਇਸੇ ਖੇਤਰ 'ਤੇ ਨਿਰਭਰ ਹੈ। ਇਸ ਵਿਚ ਹਾਸ਼ੀਆਗਤ ਅਤੇ ਛੋਟੇ ਕਿਸਾਨਾਂ ਨੂੰ ਜ਼ਿਆਦਾ ਨੁਕਸਾਨ ਸਹਿਣਾ ਪਿਆ। ਉਦਾਹਰਨ ਵਜੋਂ ਪੰਜਾਬ ਵਿਚ ਅਜਿਹੇ ਕਾਸ਼ਤਕਾਰਾਂ ਜਿਨ੍ਹਾਂ ਦੀ ਗਿਣਤੀ ਸਾਲ 1991 ਵਿਚ 5 ਲੱਖ ਸੀ, ਸਾਲ 2011 ਵਿਚ ਘੱਟ ਕੇ 3.60 ਲੱਖ ਰਹਿ ਗਈ। ਭਾਵੇਂ ਪੰਜਾਬ ਸਰਕਾਰ ਵੱਲੋਂ ਸਾਲ 2017-18 ਦੌਰਾਨ ਖੇਤੀ ਸੈਕਟਰ ਨੂੰ 5977 ਕਰੋੜ ਰੁਪਏ ਦੀ ਬਿਜਲੀ ਸਬਸਿਡੀ ਮੁਹੱਈਆ ਕਰਨ ਦੀ ਉਮੀਦ ਹੈ ਪਰ ਹਾਸ਼ੀਆਗਤ ਅਤੇ ਛੋਟੇ ਕਿਸਾਨਾਂ ਨੂੰ ਕੁੱਲ ਜ਼ਮੀਨ ਵਿਚਲੇ 34 ਪ੍ਰਤੀਸ਼ਤ ਦੀ ਅਨੁਪਾਤ ਦੇ ਮੁਕਾਬਲਤਨ ਇਸ ਦਾ ਸਿਰਫ਼ 7 ਪ੍ਰਤੀਸ਼ਤ ਹੀ ਹਾਸਲ ਹੋਵੇਗਾ। ਇਨ੍ਹਾਂ ਕਿਸਾਨਾਂ ਨੂੰ ਖਾਦ ਦੀ ਸਬਸਿਡੀ 5200 ਕਰੋੜ ਰੁਪਏ ਅਤੇ ਨਹਿਰੀ ਸਿੰਚਾਈ ਸਬਸਿਡੀ 1000 ਕਰੋੜ ਰੁਪਏ ਵੀ ਘੱਟ ਹੀ ਹਾਸਲ ਹੋਵੇਗੀ। ਅਜਿਹਾ ਇਸ ਕਰਕੇ ਹੈ ਕਿਉਂਕਿ ਖੇਤੀ ਸਬਸਿਡੀਆਂ ਦਾ ਸਿੱਧਾ ਸਬੰਧ ਜ਼ਮੀਨਾਂ ਦੇ ਅਕਾਰ ਨਾਲ ਹੈ।



*ਰਿਪੋਰਟਾਂ ਮੁਤਾਬਕ ਕਿਸਾਨ ਖ਼ੁਦਕੁਸ਼ੀਆਂ ਦੀ ਗਿਣਤੀ ਸਾਲ 2000-2015 ਦੌਰਾਨ 500 ਤੋਂ ਵੀ ਜ਼ਿਆਦਾ ਰਹੀ, ਸਿਰਫ਼ ਸਾਲ 2006 ਵਿਚ ਇਹ ਗਿਣਤੀ 487 ਸੀ। ਇੱਥੋਂ ਤਕ ਸਾਲ 2007, 2008, 2010 ਅਤੇ 2015 ਦੌਰਾਨ ਕਿਸਾਨ ਖ਼ੁਦਕੁਸ਼ੀਆਂ ਦੀ ਗਿਣਤੀ 600 ਤੋਂ ਵੀ ਵਧ ਰਹੀ...*

ਇਨ੍ਹਾਂ ਮੁੱਦਿਆਂ ਦੇ ਨਾਲ-ਨਾਲ ਸਰਕਾਰੀ ਨੀਤੀਆਂ ਨੇ ਕਿਸਾਨਾਂ ਨੂੰ ਕਰਜ਼ੇ ਮੁਹੱਈਆ ਕਰਵਾਉਣ ਦਾ ਕੰਮ ਅਸਾਨ ਕਰ ਦਿੱਤਾ ਜਿਸ ਕਰਕੇ ਉਨ੍ਹਾਂ ਨੇ ਨਾ ਸਿਰਫ਼ ਖੇਤੀ ਲੋੜਾਂ ਲਈ ਬਲਕਿ ਘਰੇਲੂ ਲੋੜਾਂ ਨੂੰ ਪੂਰਨ ਲਈ ਵੀ ਕਰਜ਼ੇ ਚੁੱਕ ਲਏ। ਕਿਸਾਨ ਸਿਹਤ ਦੀ ਦੇਖਭਾਲ ਕਰਨ ਅਤੇ ਆਪਣੇ ਬੱਚਿਆਂ ਨੂੰ ਉਚੇਰੀ ਸਿੱਖਿਆ ਮੁਹੱਈਆ ਕਰਵਾਉਣ ਲਈ ਵੀ ਕਰਜ਼ੇ ਲੈ ਰਹੇ ਹਨ। ਇਨ੍ਹਾਂ ਸਾਰੇ ਕਾਰਨਾਂ ਕਰ ਕੇ ਵਧ ਵਿਆਜ ਦਰ ਵਾਲੇ ਕਰਜ਼ਿਆਂ ਦੀ ਪੰਡ ਭਾਰੀ ਹੁੰਦੀ ਜਾ ਰਹੀ ਹੈ। ਹਾਸ਼ੀਆਗਤ ਅਤੇ ਛੋਟੇ ਕਿਸਾਨਾਂ ਦੀ ਕਰਜ਼ੇ ਮੋੜਨ ਤੋਂ ਅਸਮਰਥਾ ਬਹੁਤੇ ਕੇਸਾਂ ਵਿਚ ਨਿਰਾਸ਼ਾ ਵਧਾ ਰਹੀ ਹੈ ਅਤੇ ਜਿਸ ਕਾਰਨ ਖ਼ੁਦਕੁਸ਼ੀਆਂ ਹੋ ਰਹੀਆਂ ਹਨ।

### ਸਮੱਸਿਆ ਦਾ ਹੱਲ

ਕਿਸਾਨਾਂ ਨੂੰ ਕਰਜ਼ਿਆਂ ਤੋਂ ਮੁਕਤ ਕਰਨ ਅਤੇ ਖ਼ੁਦਕੁਸ਼ੀਆਂ ਨੂੰ ਰੋਕਣ ਲਈ ਸਾਨੂੰ ਬਹੁ-ਪੱਖੀ ਨੀਤੀਆਂ ਅਪਨਾਉਣ ਦੀ ਲੋੜ ਹੈ।

1 ਖੇਤੀ ਮੰਡੀਆਂ ਅਪੂਰਨ ਹੁੰਦੀਆਂ ਹਨ ਜਿਸ ਕਰਕੇ ਖੇਤੀ ਲਾਗਤਾਂ ਅਤੇ ਮੁਨਾਫ਼ਿਆਂ ਨੂੰ ਨਿਯਮਿਤ ਕਰਕੇ ਲੋੜਾਂ ਨੂੰ ਮੰਗ ਅਤੇ ਪੂਰਤੀ ਵਾਲੀ ਨੀਤੀ ਤੋਂ ਬਚਾਉਣ ਦੀ ਲੋੜ ਹੈ। ਖੇਤੀ ਉਤਪਾਦਨ ਦੀ ਉਚਿੱਤ ਅਤੇ ਸੁਚਾਰੂ ਖਰੀਦ ਨੂੰ ਹਰ ਹੀਲੇ ਵਸੀਲੇ ਯਕੀਨੀ ਬਣਾਇਆ ਜਾਵੇ ਭਾਵੇਂ ਕਿ ਸਾਰੀਆਂ ਖੇਤੀ ਜਿਨਸਾਂ ਲਈ ਅਜਿਹਾ ਕਰਨਾ ਮੁਸ਼ਕਿਲਾਂ ਭਰਿਆ ਕੰਮ ਹੈ। ਅਰਥਚਾਰੇ ਦੇ ਹੋਰ ਖੇਤਰਾਂ ਵਿਚਲੀਆਂ ਲਾਗਤਾਂ ਅਤੇ ਆਮਦਨ ਦੀ ਤਰਜ਼ ਤੇ ਸਾਰੀਆਂ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿਚ ਵੀ ਬਰਾਬਰ ਵਾਧਾ ਹੋਣਾ ਚਾਹੀਦਾ ਹੈ। ਇਹ ਆਮ ਤੌਰ ਤੇ ਮੰਨਿਆ ਜਾਂਦਾ ਹੈ ਕਿ ਵਧੇਰੇ ਘੱਟੋ ਘੱਟ ਸਮਰਥਨ ਮੁੱਲ ਅਤੇ ਯਕੀਨਨ ਖਰੀਦ ਖੇਤੀ ਖੇਤਰ ਦੀਆਂ ਸਾਰੀਆਂ ਸਮੱਸਿਆਵਾਂ ਦਾ ਸੁਯੋਗ ਹੱਲ ਹੈ। ਲੇਕਿਨ ਹਾਸ਼ੀਆਗਤ ਜਾਂ ਛੋਟੇ ਕਿਸਾਨਾਂ ਲਈ ਅਜਿਹਾ ਨਹੀਂ ਹੈ ਕਿਉਂਕਿ ਉਨ੍ਹਾਂ ਕੋਲ ਵੇਚਣ ਵਾਸਤੇ ਵਾਧੂ ਖੇਤੀ ਉਤਪਾਦਨ ਬਹੁਤ ਘੱਟ ਜਾਂ ਨਿਗੂਣਾ ਹੀ ਹੁੰਦਾ ਹੈ। ਸੋ ਅਜਿਹੀਆਂ ਨੀਤੀਆਂ ਬਨਾਉਣ ਦੀ ਲੋੜ ਹੈ, ਜਿਸ ਨਾਲ ਕਿਸਾਨਾਂ ਨੂੰ ਬੀਜ, ਖਾਦਾਂ, ਖੇਤੀ ਰਸਾਇਣਾਂ ਅਤੇ ਖੇਤੀ ਮਸ਼ੀਨਰੀ ਆਦਿ ਵਧੇਰੇ ਰਿਆਇਤੀ ਦਰਾਂ ਤੇ ਮਿਲ ਸਕੇ। ਇਸ ਦੇ ਨਾਲ ਖੇਤੀ ਲਾਗਤਾਂ ਦੀ ਗੁਣਵਤਾ ਅਤੇ ਕੀਮਤਾਂ ਤੇ ਵੀ ਕਰੜੀ ਨਜ਼ਰ ਰੱਖਣ, ਇਸ ਤੋਂ ਇਲਾਵਾ ਕੁਦਰਤੀ ਸੋਮਿਆਂ ਦੀ ਸਾਂਭ-ਸੰਭਾਲ ਨੂੰ ਮੱਦੇਨਜ਼ਰ ਰੱਖਕੇ ਲਾਗਤਾਂ ਦੀਆਂ ਸਬਸਿਡੀਆਂ ਨੂੰ ਤਰਕ ਸੰਗਤ ਬਨਾਉਣ, ਲਾਗਤਾਂ ਦੀ ਲੋੜ ਅਧਾਰਿਤ ਵਰਤੋਂ ਕਰਨ ਲਈ ਜਾਗਰੂਕਤਾ ਪੈਦਾ ਕਰਨ ਦੀ ਲੋੜ ਹੈ ਤਾਂ ਜੋ ਕਾਸ਼ਤ ਦੀ ਲਾਗਤ ਤੇ ਆਉਂਦੇ ਖਰਚ ਘਟਾਏ ਜਾ ਸਕਣ ਅਤੇ ਉਨ੍ਹਾਂ ਦੀ ਅੰਧਾਧੁੰਦ ਵਰਤੋਂ ਨਾਲ ਹੋਣ ਵਾਲੇ ਨੁਕਸਾਨਾਂ ਤੋਂ ਵੀ ਬਚਿਆ ਜਾ ਸਕੇ। ਅਗਲੀ ਵੱਡੀ ਗੱਲ ਕਿ ਪੰਜਾਬ ਭੌਂ ਦਾਰੀ ਸੁਰੱਖਿਆ ਐਕਟ 1953 ਦੇ ਤਹਿਤ ਜ਼ਮੀਨ ਦਾ ਠੇਕਾ ਖੇਤੀ ਉਤਪਾਦਨ ਦੇ ਮੁੱਲ ਦੇ ਇਕ-ਤਿਹਾਈ ਤੋਂ ਵਧਣ ਨਹੀਂ ਦੇਣਾ ਚਾਹੀਦਾ।

2 ਖੇਤੀ-ਜਲਵਾਯੂ ਖੇਤਰਾਂ ਦੇ ਮੁਤਾਬਕ ਢੁਕਵੀਆਂ ਫ਼ਸਲਾਂ ਦੀ ਪਛਾਣ ਅਤੇ ਉਨ੍ਹਾਂ ਨੂੰ ਵਿਕਸਿਤ ਕਰਨਾ ਅਤੇ ਉਨ੍ਹਾਂ ਦੀ ਗੁਣਵਤਾ ਵਧਾਉਣੀ ਤਾਂ ਜੋ ਖੇਤੀ ਆਮਦਨ ਵਿਚ ਵਾਧਾ ਹੋ ਸਕੇ। ਇਸ ਨਾਲ ਲਘੂ ਅਤੇ ਛੋਟੇ ਪੱਧਰ ਦੇ ਉਦਯੋਗ, ਜਿਨ੍ਹਾਂ ਵਿਚ ਮੁੱਢਲੀ ਐਗਰੋ-ਪ੍ਰੋਸੈਸਿੰਗ ਅਤੇ ਜਿਣਸ ਸਪਲਾਈ ਚੇਨਜ਼ ਸ਼ਾਮਲ ਹਨ, ਸਥਾਪਿਤ ਹੋਣਗੀਆਂ। ਹੁਨਰ ਵਿਕਾਸ ਅਤੇ ਉਦਯੋਗ ਵੱਲੋਂ ਹੁਨਰ ਨੂੰ ਉਤਸ਼ਾਹਿਤ ਕਰਨ ਨਾਲ ਮਿੱਥੇ ਟੀਚੇ ਪੂਰਨ ਵਿੱਚ ਮਦਦ ਮਿਲੇਗੀ।

3 ਪਸ਼ੂ ਪਾਲਣ ਅਤੇ ਪੋਲਟਰੀ ਫਾਰਮਿੰਗ, ਮਧੂ ਮੱਖੀ ਪਾਲਣ, ਖੁੰਬਾਂ ਦੀ ਕਾਸ਼ਤ ਆਦਿ ਸਹਾਇਕ ਧੰਦਿਆਂ ਨੂੰ ਪੂਰੇ ਜੋਸ਼ ਅਤੇ ਲਗਨ ਨਾਲ ਉਤਸ਼ਾਹਿਤ ਕਰਨ ਦਾ ਢੁਕਵਾਂ ਸਮਾਂ ਆ ਗਿਆ ਹੈ। ਇਸ ਤੋਂ ਇਲਾਵਾ ਮਨਰੇਗਾ ਦੀਆਂ ਧਾਰਾਵਾਂ ਮੁਤਾਬਕ ਹਾਸ਼ੀਆਗਤ ਅਤੇ ਛੋਟੇ ਕਿਸਾਨਾਂ ਦੀਆਂ ਨਿਯਮਿਤ ਕਾਰਜ ਗਤੀਵਿਧੀਆਂ ਨੂੰ ਸਹੀ ਤਰ੍ਹਾਂ ਲਾਗੂ ਕਰਨ ਦੀ ਲੋੜ ਹੈ।

4 ਖੇਤੀ ਮਸ਼ੀਨੀਕਰਨ ਨੇ ਵੀ ਕਰਜ਼ੇ ਦੀ ਪੰਡ ਭਾਰੀ ਕੀਤੀ ਹੈ। ਘੱਟ ਜ਼ਮੀਨਾਂ ਵਾਲੇ ਬਹੁਤ ਸਾਰੇ ਕਿਸਾਨ ਕਰਜ਼ੇ ਚੁੱਕ ਕੇ ਅਤੇ ਰਿਆਇਤਾਂ ਲੈ ਕੇ ਖੇਤੀ ਮਸ਼ੀਨਰੀ ਖਰੀਦਦੇ ਹਨ ਕਿਉਂਕਿ ਇਸੇ ਵਿਚ ਉਹ ਆਪਣੀ ਸ਼ਾਨ ਸਮਝਦੇ ਹਨ। ਉਦਾਹਰਨ ਵਜੋਂ ਪੰਜਾਬ ਦੇ ਇੱਕ-ਚੌਥਾਈ ਹਾਸ਼ੀਆਗਤ ਅਤੇ ਛੋਟੇ ਕਿਸਾਨਾਂ ਕੋਲ ਆਪਣੇ ਟਰੈਕਟਰ ਹਨ। ਖੇਤ ਮਸ਼ੀਨਰੀ ਤੇ ਆਉਂਦੇ ਪੱਕੇ ਖਰਚ ਬਹੁਤ ਜ਼ਿਆਦਾ ਹਨ, ਜਿਸ ਕਰਕੇ ਉਹਨਾਂ ਦੀ ਖੇਤੀ ਲਾਹੇਵੰਦ ਧੰਦੇ ਵਜੋਂ ਨਹੀਂ ਉਭਰ ਰਹੀ। ਹਰ ਪਿੰਡ ਵਿਚ ਸਹਿਕਾਰਤਾ ਅਧਾਰਿਤ ਖੇਤੀ ਲੋੜਾਂ ਨੂੰ ਪੂਰਨ ਲਈ ਐਗਰੋ ਮਸ਼ੀਨਰੀ ਸਰਵਿਸ ਸੈਂਟਰ (ਏਐਮਐਸਸੀ) ਸਥਾਪਿਤ ਕਰਨ ਦੀ ਲੋੜ ਹੈ ਤਾਂ ਜੋ ਹਾਸ਼ੀਆਗਤ ਅਤੇ ਛੋਟੇ ਕਿਸਾਨਾਂ ਨੂੰ ਪਹਿਲ ਦੇ ਅਧਾਰ ਤੇ ਕਿਰਾਏ ਤੇ ਮਸ਼ੀਨਰੀ ਮਿਲ ਸਕੇ। ਮੌਜੂਦਾ ਸਮੇਂ ਰਾਜ ਦੇ 12581 ਪਿੰਡਾਂ ਵਿਚ ਸਿਰਫ਼ 1560 ਏਐਮਐਸਸੀ'ਜ਼ ਹਨ। ਪੀਏਯੂ ਵੱਲੋਂ ਕੀਤੀ ਖੋਜ ਮੁਤਾਬਕ ਆਪਣੀ ਖੇਤੀ ਮਸ਼ੀਨਰੀ ਖਰੀਦਣ ਦੀ ਬਜਾਇ ਏਐਮਐਸਸੀ'ਜ਼ ਤੋਂ ਕਿਰਾਏ ਤੇ ਲੈ ਕੇ ਵਰਤਣ ਨਾਲ 35 ਪ੍ਰਤੀਸ਼ਤ ਦੀ ਬਚਤ ਹੁੰਦੀ ਹੈ।

5 ਕਰਜ਼ਾ/ਉਧਾਰ ਦੀ ਯੋਜਨਾਬੰਦੀ ਇਕ ਕਮਜ਼ੋਰ ਲਿੰਕ ਹੈ, ਜਿਸ ਨੂੰ ਤਗੜਾ ਕਰਨ ਦੀ ਲੋੜ ਹੈ। ਸਾਡੀ ਕਿਰਸਾਨੀ ਹੱਦੋਂ ਵਧ ਫ਼ਸਲੀ ਕਰਜ਼ੇ ਲੈਣ ਅਤੇ ਬੇਲੋੜੇ ਘਰੇਲੂ ਕਰਜ਼ੇ ਲੈਣ ਲਈ ਵਧ ਵਿਆਜ ਦਰਾਂ ਤੇ ਰਕਮਾਂ ਦੇਣ ਵਾਲਿਆਂ ਦਾ ਸ਼ਿਕਾਰ ਹੋ ਰਹੀ ਹੈ। ਉਧਾਰ/ਕਰਜ਼ੇ ਨੂੰ ਲੋੜ ਅਤੇ ਆਰਥਿਕ ਉਚਿਤਤਾ ਮੁਤਾਬਕ ਤਰਕਸੰਗਤ ਬਣਾਉਣ ਦੀ ਲੋੜ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਕਰਜ਼ੇ ਤੇ ਲਏ ਪੈਸਿਆਂ ਦੀ ਉਚਿੱਤ ਵਰਤੋਂ ਹੋਣੀ ਚਾਹੀਦੀ ਹੈ। ਗ਼ੈਰ ਸੰਸਥਾਗਤ ਅਦਾਰਿਆਂ ਵੱਲੋਂ ਦਿੱਤੇ ਜਾਂਦੇ ਕਰਜ਼ੇ ਜੋ ਕਿ ਕਰਜ਼ੇ ਦੀ ਕੁੱਲ ਰਾਸ਼ੀ ਦਾ ਲਗਪਗ ਚੌਥਾ ਹਿੱਸਾ ਬਣਦੇ ਹਨ, ਤੋਂ ਖਹਿੜਾ ਛੁਡਵਾਉਣ ਲਈ ਕਰਜ਼ਦਾਰਾਂ ਦੀ ਕਰਜ਼ਾ ਮਾਫ਼ੀ ਸਕੀਮਾਂ ਨੂੰ ਗ਼ੈਰ-ਸੰਸਥਾਗਤ ਕਰਜ਼ਿਆਂ ਤੋਂ ਸੰਸਥਾਗਤ ਕਰਜ਼ਿਆਂ ਵਿਚ ਤਬਦੀਲ ਕਰਨ ਵਜੋਂ ਅਸਰਦਾਇਕ ਬਣਾਇਆ ਜਾਵੇ।

6 ਰਾਜ ਵਿਚ ਹੋ ਰਹੀਆਂ ਇਕ-ਚੌਥਾਈ ਖ਼ੁਦਕੁਸ਼ੀਆਂ ਸਮਾਜਿਕ ਅਤੇ ਮਨੋਵਿਗਿਆਨਕ ਜਿਵੇਂ ਕਿ ਪਰਿਵਾਰਕ ਝਗੜਿਆਂ, ਸਰੀਰਕ ਬਿਮਾਰੀਆਂ, ਮਾਨਸਿਕ ਸਿਹਤ ਦੇ ਵਿਗਾੜ, ਅਦਾਲਤੀ ਝਗੜਿਆਂ, ਸਮਾਜਿਕ ਸਮਾਗਮਾਂ ਤੇ ਹੁੰਦੇ ਵਾਧੂ ਖਰਚਿਆਂ ਅਤੇ ਨਸ਼ਿਆਂ ਦੀ ਆਦਤ ਕਾਰਨ ਹੋ ਰਹੀਆਂ ਹਨ। ਸਮਾਜ ਨੂੰ ਇਨ੍ਹਾਂ ਮਸਲਿਆਂ ਪ੍ਰਤੀ ਗੰਭੀਰ ਹੋਣ ਦੀ ਲੋੜ ਹੈ।

ਕਈ ਤਰ੍ਹਾਂ ਦੇ ਆਰਥਿਕ, ਸਮਾਜਿਕ ਅਤੇ ਸੱਭਿਆਚਾਰਕ ਮਸਲਿਆਂ ਨਾਲ ਅਸੀਂ ਜੂਝ ਰਹੇ ਹਾਂ। ਆਰਥਿਕ ਸੁਧਾਰਾਂ ਦੇ ਨਾਲ-ਨਾਲ ਸਾਨੂੰ ਜਾਗਰੂਕਤਾ ਲਹਿਰ ਵੀ ਚਲਾਉਣ ਦੀ ਲੋੜ ਹੈ। ਇਹ ਕਦੇ ਨਾ ਭੁਲੀਏ ਕਿ ਜ਼ਿੰਦਗੀ ਅਨਮੋਲ ਹੈ, ਕਿਸੇ ਵੀ ਵਿਅਕਤੀ ਵੱਲੋਂ ਕੀਤੀ ਖ਼ੁਦਕੁਸ਼ੀ ਸਮੁੱਚੇ ਸਮਾਜ ਲਈ ਕਲੰਕ ਹੈ। ਸੋ ਇਕ ਦੂਜੇ ਨੂੰ ਦੋਸ਼ੀ ਠਹਿਰਾਉਣ ਦੀ ਥਾਂ ਆਓ ਰਲ਼-ਮਿਲ ਕੇ ਆਪਣੇ ਅੰਨਦਾਤਾ ਨੂੰ ਬਚਾਈਏ। •



# ਹਰੀ ਕ੍ਰਾਂਤੀ, ਬਹੁਕੌਮੀ ਕੰਪਨੀਆਂ ਤੇ ਕਿਸਾਨ

• ਬਲਜੀਤ ਪਾਲ ਸਿੰਘ
ਮੋਬਾਈਲ : 9417324432

***ਸਰਕਾਰ ਵੱਲੋਂ ਵਧ ਤਰਜੀਹ ਦੇਣ ਕਾਰਨ ਨਿੱਜੀ ਬਹੁ-ਕੌਮੀ ਵੱਡ ਆਕਾਰੀ ਕੰਪਨੀਆਂ ਨੇ ਖੇਤੀ ਸੈਕਟਰ ਵਿਚ ਅਜਿਹੇ ਪੈਰ ਪਸਾਰੇ ਕਿ ਕਿਸਾਨ ਨੂੰ ਮਿਲਣ ਵਾਲੇ ਲਾਭ ਚਟਮ ਕਰ ਗਈਆਂ। ਹੈਰਾਨੀਜਨਕ ਤੱਥ ਹੈ ਕਿ ਅੱਜ ਖੇਤੀ ਵਿਚ ਸੁਧਰੇ ਹਾਈਬ੍ਰਿਡ ਬੀਜਾਂ, ਕੀਟਨਾਸ਼ਕ ਦਵਾਈਆਂ, ਰਸਾਇਣਕ ਖਾਦਾਂ ਅਤੇ ਖੇਤੀ ਮਸ਼ੀਨਰੀ ਦਾ ਪੂਰੇ ਦਾ ਪੂਰਾ ਪ੍ਰਬੰਧ ਨਿੱਜੀ ਕੰਪਨੀਆਂ ਹਵਾਲੇ ਹੈ। ਅਜਿਹਾ ਕਰ ਕੇ ਸਰਕਾਰ ਨੇ ਕਿਸਾਨਾਂ ਨੂੰ ਉਨ੍ਹਾਂ ਦੇ ਰਹਿਮੋ-ਕਰਮ 'ਤੇ ਛੱਡ ਦਿੱਤਾ ਹੈ...***

1965 ਤੋਂ ਪਹਿਲਾਂ ਸਾਡੇ ਦੇਸ਼ ਵਿਚ ਅਨਾਜ ਦੀ ਭਾਰੀ ਥੁੜ੍ਹ ਸੀ ਅਤੇ ਦੇਸ਼ ਦੀ ਜਨਤਾ ਦੀ ਅਨਾਜ ਦੀ ਲੋੜ ਪੂਰਾ ਕਰਨ ਵਾਸਤੇ ਵਿਦੇਸ਼ਾਂ ਤੋਂ ਕਣਕ ਚਾਵਲ ਮੰਗਵਾਉਣੇ ਪੈਂਦੇ ਸਨ। ਇਹ ਵਪਾਰ ਜ਼ਿਆਦਾਤਰ ਅਮਰੀਕਾ ਵਰਗੇ ਅਮੀਰ ਮੁਲਕਾਂ ਨਾਲ ਹੋਣ ਕਰਕੇ ਬਹੁਤ ਹੀ ਘਾਟੇ ਦਾ ਸੌਦਾ ਸੀ ਅਤੇ ਇਸ ਵਾਸਤੇ ਬਹੁਤ ਭਾਰੀ ਕੀਮਤ ਅਦਾ ਕਰਨੀ ਪੈਂਦੀ ਸੀ। ਇਸ ਸਮੇਂ ਸਾਡੇ ਦੇਸ਼ ਦਾ ਖੇਤੀਬਾੜੀ ਮੰਤਰਾਲਾ, ਖੇਤੀ ਯੂਨੀਵਰਸਿਟੀਆਂ ਅਤੇ ਖੇਤੀ ਨਾਲ ਜੁੜੇ ਹੋਰ ਅਦਾਰੇ ਦੇਸ਼ ਵਿਚ ਖੇਤੀ ਪੈਦਾਵਾਰ ਵਧਾਉਣ ਦੇ ਢੰਗ ਤਰੀਕਿਆਂ ਦੀ ਖੋਜ ਵਿਚ ਰੁੱਝੇ ਹੋਏ ਸਨ। ਇਸ ਸਮੇਂ ਜ਼ਿਆਦਾ ਸੰਭਾਵਨਾਵਾਂ ਪੰਜਾਬ ਦੀ ਖੇਤੀ 'ਤੇ ਟਿਕੀਆਂ ਹੋਈਆਂ ਸਨ ਕਿਉਂਕਿ ਪੰਜਾਬ ਨੂੰ ਕੁਦਰਤ ਨੇ ਜਰਖ਼ੇਜ਼ ਮਿੱਟੀ ਅਤੇ ਦਰਿਆਈ ਪਾਣੀਆਂ ਨਾਲ ਨਿਵਾਜ਼ਿਆ ਹੈ। ਖੇਤੀ ਨੂੰ ਵਧੀਆ ਤਰੀਕੇ ਨਾਲ ਕਰਨ ਵਿਚ ਮਾਹਿਰ ਹੋਣ ਕਾਰਨ ਇੱਥੋਂ ਦੇ ਕਿਸਾਨ ਵਿਸ਼ਵ ਪ੍ਰਸਿੱਧ ਹਨ। ਉਹ ਖੇਤੀ ਦੀਆਂ ਆਧੁਨਿਕ ਵਿਧੀਆਂ ਨੂੰ ਬਹੁਤ ਛੇਤੀ ਅਪਣਾ ਲੈਂਦੇ ਹਨ।

ਖੇਤੀ ਸੈਕਟਰ ਦੀਆਂ ਆਸਾਂ ਨੂੰ ਓਦੋਂ ਬੂਰ ਪਿਆ ਜਦ ਸੁਧਰੇ ਹਾਈਬ੍ਰਿਡ ਬੀਜਾਂ, ਰਸਾਇਣਕ ਖਾਦਾਂ, ਕੀਟਨਾਸ਼ਕ ਦਵਾਈਆਂ, ਖੇਤੀ ਮਸ਼ੀਨਰੀ ਦੀ ਵਰਤੋਂ ਅਤੇ ਕਿਸਾਨ ਦੀ ਮਿਹਨਤ ਕਾਰਨ ਦੇਸ਼ ਵਿਚ ਹਰੀ ਕ੍ਰਾਂਤੀ ਆਈ। ਨਤੀਜੇ ਵਜੋਂ ਖੇਤੀ ਉਤਪਾਦਨ ਇਕ ਦਮ ਬਹੁਤ ਵਧ ਗਿਆ ਅਤੇ ਦੇਸ਼ ਦੇ ਅੰਨ ਭੰਡਾਰ ਅਨਾਜ ਨਾਲ ਭਰ ਗਏ। ਅਨਾਜ ਵਾਸਤੇ ਵਿਦੇਸ਼ਾਂ ਉੱਪਰ ਨਿਰਭਰਤਾ ਖਤਮ ਹੋ ਗਈ ਅਤੇ ਦੇਸ਼ ਦੀ ਅਰਬਾਂ ਰੁਪਏ ਦੀ ਬੱਚਤ ਹੋ ਗਈ। ਹਰੀ ਕ੍ਰਾਂਤੀ ਤੋਂ 6-7 ਸਾਲ ਬਾਅਦ ਤਕ ਤਾਂ ਇਹ ਪ੍ਰਤੀਤ ਹੁੰਦਾ ਰਿਹਾ ਕਿ ਹੁਣ ਅੰਨਦਾਤਾ ਖ਼ੁਸ਼ਹਾਲ ਹੋ ਜਾਵੇਗਾ ਪਰ ਦੇਖਦੇ-ਦੇਖਦੇ ਹੀ ਸਭ ਉਲਟ ਹੋਣ ਲੱਗਿਆ। ਆਖਿਰ ਹਰੀ ਕ੍ਰਾਂਤੀ ਦਾ ਕਿਸਾਨ ਨੂੰ ਮਿਲਣ ਵਾਲਾ ਫਾਇਦਾ ਕਿੱਧਰ ਗਿਆ? ਕਿਉਂ ਓਦੋਂ ਤੋਂ ਲੈ ਕੇ ਅੱਜ ਤਕ ਕਿਸਾਨ ਕੰਗਾਲ ਹੁੰਦਾ ਚਲਾ ਗਿਆ ਅਤੇ ਖ਼ੁਦਕੁਸ਼ੀਆਂ ਦੇ ਰਾਹ ਪੈ ਗਿਆ? ਰਾਜਨੀਤਕ, ਸਮਾਜਿਕ ਅਤੇ ਆਰਥਿਕ ਕਾਰਨਾਂ ਦੇ ਨਾਲ ਨਾਲ ਇਸ ਦਾ ਅਸਲ ਕਾਰਨ ਬਹੁ-ਕੌਮੀ ਨਿੱਜੀ ਕੰਪਨੀਆਂ ਦਾ ਖੇਤੀ ਸੈਕਟਰ ਵਿਚ ਵੱਡੇ ਪੱਧਰ ਤੇ ਪ੍ਰਵੇਸ਼ ਕਰਨਾ ਹੈ। ਸਰਕਾਰ ਵੱਲੋਂ ਨੂੰ ਵਧ ਤਰਜੀਹ ਦੇਣ ਕਾਰਨ ਨਿੱਜੀ ਬਹੁ-ਕੌਮੀ ਵੱਡ ਆਕਾਰੀ ਕੰਪਨੀਆਂ ਨੇ ਖੇਤੀ ਸੈਕਟਰ ਵਿਚ ਅਜਿਹੇ ਪੈਰ ਪਸਾਰੇ ਕਿ ਕਿਸਾਨ ਨੂੰ ਮਿਲਣ ਵਾਲੇ ਲਾਭ ਚਟਮ ਕਰ ਗਈਆਂ। ਹੈਰਾਨੀਜਨਕ ਤੱਥ ਹੈ ਕਿ ਅੱਜ ਖੇਤੀ ਵਿਚ ਸੁਧਰੇ ਹਾਈਬ੍ਰਿਡ ਬੀਜਾਂ, ਕੀਟਨਾਸ਼ਕ ਦਵਾਈਆਂ, ਰਸਾਇਣਕ ਖਾਦਾਂ ਅਤੇ ਖੇਤੀ ਮਸ਼ੀਨਰੀ ਦਾ ਪੂਰੇ ਦਾ ਪੂਰਾ ਪ੍ਰਬੰਧ ਨਿੱਜੀ ਕੰਪਨੀਆਂ ਹਵਾਲੇ ਕਰਕੇ ਸਰਕਾਰ ਨੇ ਕਿਸਾਨਾਂ ਨੂੰ ਉਨ੍ਹਾਂ ਦੇ ਰਹਿਮੋ-ਕਰਮ 'ਤੇ ਛੱਡ ਦਿੱਤਾ ਹੈ। ਇਸ ਦੀ ਮਿਸਾਲ ਇਨ੍ਹਾਂ ਤੱਥਾਂ ਤੋਂ ਸਪੱਸ਼ਟ ਹੋ ਜਾਂਦੀ ਹੈ ਕਿ ਪੰਜਾਬ ਦੀ ਇਕੱਲੀ ਨਰਮਾ ਪੱਟੀ ਵਿਚ ਤਕਰੀਬਨ 10 ਲੱਖ ਏਕੜ ਏਰੀਏ ਵਿਚ ਨਰਮੇ ਦੀ ਕਾਸ਼ਤ ਹਰ ਸਾਲ ਕੀਤੀ ਜਾਂਦੀ ਹੈ। ਇਕ ਏਕੜ ਦੀ ਬਿਜਾਈ ਵਾਸਤੇ ਨਰਮੇ ਦੇ ਬੀਟੀ ਬੀਜ ਦੇ ਤਿੰਨ ਪੈਕਟਾਂ ਦੀ ਲੋੜ ਪੈਂਦੀ ਹੈ।

ਜੇਕਰ ਇਕ ਪੈਕਟ ਦੀ ਕੀਮਤ ਔਸਤਨ 800/- ਰੁਪਏ ਵੀ ਲਗਾਈ ਜਾਵੇ ਤਾਂ ਤਕਰੀਬਨ ਕਰੋੜਾਂ ਦਾ ਬੀ ਟੀ ਨਰਮੇ ਦਾ ਬੀਜ ਸਿਰਫ਼ ਅਪ੍ਰੈਲ ਮਈ ਮਹੀਨੇ ਵਿਚ ਹੀ ਕਿਸਾਨਾਂ ਨੂੰ ਵੇਚ ਕੇ ਬਹੁ-ਕੌਮੀ ਬੀਜ ਕੰਪਨੀਆਂ ਆਪਣਾ ਲਾਭ ਕਮਾ ਲੈਂਦੀਆਂ ਹਨ। ਹਰੀ ਕ੍ਰਾਂਤੀ ਤੋਂ ਪਹਿਲਾਂ ਕਿਸਾਨ ਆਪਣੀ ਫਸਲ ਵਿੱਚੋਂ ਹੀ ਬੀਜ ਵਾਸਤੇ ਵਰਤ ਲੈਂਦਾ ਸੀ ਪਰ ਕੰਪਨੀਆਂ ਵਧ ਝਾੜ ਅਤੇ ਮੁਨਾਫ਼ੇ ਦੇ ਲਾਲਚ ਵਿਚ ਸਿਰਫ਼ ਇਕ ਵਾਰ ਹੀ ਬੀਜੇ ਜਾਣ ਵਾਲੇ ਬੀਜ (ਟਰਮੀਨੇਟਰ ਸੀਡ) ਈਜਾਦ ਕਰ ਲਏ। ਇਨ੍ਹਾਂ ਬੀਜਾਂ ਤੋਂ ਪੈਦਾ ਹੋਈ ਫ਼ਸਲ ਦੇ ਬੀਜ ਅਗਲੇ ਸਾਲ ਬਿਜਾਈ ਵਾਸਤੇ ਨਹੀਂ ਵਰਤੇ ਜਾ ਸਕਦੇ ਅਤੇ ਕਿਸਾਨ ਨੂੰ ਮਜਬੂਰਨ ਅਗਲੇ ਸਾਲ ਫਿਰ ਕੰਪਨੀਆਂ ਦੀ ਲੁੱਟ ਦਾ ਸ਼ਿਕਾਰ ਹੋਣਾ ਪੈਂਦਾ ਹੈ। ਬਿਜਾਈ ਤੋਂ ਬਾਅਦ ਨਰਮੇ ਦੀ ਫ਼ਸਲ ਨੂੰ ਕੀੜਿਆਂ ਅਤੇ ਹੋਰ ਬਿਮਾਰੀਆਂ ਤੋਂ ਬਚਾਉਣ ਲਈ ਸਪਰੇਅ ਜ਼ਹਿਰਾਂ ਦੀ ਲੋੜ ਪੈਂਦੀ ਹੈ। ਨਰਮੇ ਦੀ ਇਕ ਏਕੜ ਫ਼ਸਲ ਤੇ ਕਿਸਾਨ ਤਕਰੀਬਨ 8000/- ਰੁਪਏ ਦੀਆਂ ਦਵਾਈਆਂ ਛਿੜਕ ਦਿੰਦਾ ਹੈ। ਕਈ ਵਾਰ ਚਿੱਟੇ ਮੱਛਰ ਜਾਂ ਹੋਰ ਬਿਮਾਰੀਆਂ ਕਰਕੇ ਇਹ ਖਰਚਾ ਵੱਧ ਵੀ ਸਕਦਾ ਹੈ। ਨਤੀਜੇ ਵਜੋਂ ਨਰਮਾ ਪੱਟੀ ਦਾ ਕਰੋੜਾਂ ਦਾ ਸਪਰੇਆਂ ਦਾ ਖਰਚ ਵੀ ਨਿੱਜੀ ਕੰਪਨੀਆਂ ਨੂੰ ਲਾਭ ਵਜੋਂ ਚਲਾ ਜਾਂਦਾ ਹੈ। ਇਸੇ ਤਰ੍ਹਾਂ ਰਸਾਇਣਕ ਖਾਦਾਂ ਦੇ ਮਸਲੇ ਵਿਚ ਇਕ ਏਕੜ ਵਿਚ ਜੇ ਇਕ ਬੈਗ ਡੀਏਪੀ ਅਤੇ ਦੋ ਬੈਗ ਨਾਈਟਰੋਜਨੀ ਖਾਦਾਂ ਦੀ ਔਸਤਨ ਵਰਤੋਂ ਕੀਤੀ ਜਾਵੇ ਤਾਂ ਇਕ ਏਕੜ ਵਿਚ ਕੁੱਲ ਖਰਚੇ ਦੇ ਹਿਸਾਬ ਨਾਲ ਕਰੋੜ ਰੁਪਏ ਕੰਪਨੀਆਂ ਡਕਾਰ ਜਾਂਦੀਆਂ ਹਨ।

ਪੰਜਾਬ ਵਿਚ ਖੇਤੀਬਾੜੀ ਤੇ ਵਰਤੀਆਂ ਜਾਣ ਵਾਲੀਆਂ ਕੀਟਨਾਸ਼ਕ ਦਵਾਈਆਂ, ਹਾਈਬ੍ਰਿਡ ਬੀਜ, ਰਸਾਇਣਕ ਖਾਦਾਂ ਦੇ ਕੁਲ ਖਰਚ ਦੇ ਸਹੀ ਅੰਕੜੇ ਕਿਸੇ ਵੀ ਵਿਭਾਗ ਜਾਂ ਕੰਪਨੀ ਕੋਲ ਉਪਲੱਭਦ ਨਹੀਂ ਹਨ ਜਾਂ ਉਹ ਜਾਣ ਬੁਝ ਕੇ ਸਰਕਾਰ ਵੱਲੋਂ ਕਦੇ ਨਸ਼ਰ ਨਹੀਂ ਕੀਤੇ ਗਏ। ਇਹ ਆਪਣੇ ਆਪ ਵਿਚ ਇਕ ਰਹੱਸ ਹੈ। ਉੱਪਰ ਦਰਸਾਏ ਗਏ ਅੰਕੜੇ ਸਿਰਫ਼ ਮਾਲਵਾ ਖੇਤਰ ਦੀ ਨਰਮਾ ਪੱਟੀ ਨਾਲ ਸਬੰਧਿਤ ਇਕ ਅੰਦਾਜ਼ਾ ਹੈ ਅਤੇ ਜੇਕਰ ਸਮੁੱਚੇ ਪੰਜਾਬ ਦੀ ਖੇਤੀ ਦੇ ਅੰਕੜਿਆਂ ਦਾ ਅਧਿਐਨ ਕੀਤਾ ਜਾਵੇ ਤਾਂ ਨਤੀਜੇ ਹੋਰ ਵੀ ਹੈਰਾਨੀਜਨਕ ਹੋਣਗੇ। ਖੇਤੀ ਪ੍ਰਧਾਨ ਹੋਣ ਦੇ ਬਾਵਜੂਦ ਭਾਰਤ ਸਰਕਾਰ ਦੇਸ਼ ਦੀ ਖੇਤੀ ਵਾਸਤੇ ਦੇਸ਼ ਵਿਚ ਹੀ ਰਸਾਇਣਕ ਖਾਦਾਂ ਤਿਆਰ ਕਰਨ ਵਿਚ ਬੁਰੀ ਤਰ੍ਹਾਂ ਅਸਫ਼ਲ ਹੈ। ਵਰਤਮਾਨ ਸਮੇਂ ਵਿਚ ਖੇਤੀ ਲੋੜ ਵਾਸਤੇ ਸਰਕਾਰ 40 ਫੀਸਦੀ ਯੂਰੀਆ, 97 ਫੀਸਦੀ ਡੀਏਪੀ ਅਤੇ 100 ਪੌਟਾਸ਼ ਖਾਦਾਂ ਅਜੇ ਵੀ ਵਿਦੇਸ਼ਾਂ ਤੋਂ ਦਰਾਮਦ ਕਰਦੀ ਹੈ।

ਖੇਤੀ ਮਸ਼ੀਨਰੀ ਦਾ ਕਾਰੋਬਾਰ ਵੀ ਪੂਰੇ ਦਾ ਪੂਰਾ ਨਿੱਜੀ ਕੰਪਨੀਆਂ ਕੋਲ ਹੀ ਹੈ। ਬਹੁਤ ਸਾਰੀਆਂ ਬਹੁਕੌਮੀ ਕੰਪਨੀਆਂ ਨੇ ਖੇਤੀ ਸੰਦਾਂ ਵਿਸ਼ੇਸ਼ ਕਰਕੇ ਟਰੈਕਟਰ, ਕੰਬਾਈਨ ਹਾਰਵੈਸਟਰ ਆਦਿ ਖੇਤਰਾਂ ਵਿਚ ਆਪਣੇ ਪੈਰ ਪਸਾਰ ਰੱਖੇ ਹਨ ਅਤੇ ਕੀਮਤਾਂ ਵੀ ਆਪਣੀ ਮਰਜ਼ੀ ਨਾਲ ਹੀ ਨਿਰਧਾਰਿਤ ਕਰਦੀਆਂ ਹਨ। ਇਹ ਬਹੁਕੌਮੀ ਕੰਪਨੀਆਂ ਐਨਾਂ ਜ਼ਿਆਦਾ ਅਸਰ ਰਸੂਖ ਰੱਖਦੀਆਂ ਹਨ ਕਿ ਸਰਕਾਰ ਵੀ ਇਨ੍ਹਾਂ ਦੀਆਂ ਮਨਮਰਜ਼ੀਆਂ 'ਤੇ ਰੋਕ ਨਹੀਂ ਲਗਾਉਂਦੀ। ਕਿਸਾਨ ਵਿਚਾਰਾ ਅੱਜ ਵੀ ਇਨ੍ਹਾਂ ਦੀ ਲੁੱਟ ਦਾ ਸ਼ਿਕਾਰ ਹੋਈ ਜਾ ਰਿਹਾ ਹੈ। ਮਹੱਤਵਪੂਰਨ ਸੱਚਾਈ ਇਹ ਹੈ ਕਿ ਖੇਤੀ ਨਾਲ ਜੁੜੇ ਇਸ ਵਿਸ਼ਾਲ ਖੇਤਰ ਨੂੰ ਸਿਰਫ਼ ਨਿੱਜੀ ਹੱਥਾਂ ਵਿਚ ਸੌਂਪ ਕੇ ਕਿਸਾਨ ਦੀ ਨਿਰੰਤਰ ਹੁੰਦੀ ਲੁੱਟ ਨੂੰ ਅਣਗੌਲਿਆਂ ਕਰਕੇ ਸਰਕਾਰਾਂ ਸੁਰਖ਼ੁਰੂ ਨਹੀਂ ਹੋ ਸਕਦੀਆਂ। ਇਨ੍ਹਾਂ ਤੱਥਾਂ ਨੂੰ ਜੇਕਰ ਹੁਣ ਵੀ ਗੰਭੀਰਤਾ ਨਾਲ ਨਾ ਲਿਆਂ ਗਿਆ ਤਾਂ ਬਹੁਤ ਦੇਰ ਹੋ ਜਾਵੇਗੀ। •






# ਸਾਹਿਤ ਸਿਰਜਣਾ ਮੇਰੀ ਰੂਹ ਨੂੰ ਸਕੂਨ ਬਖ਼ਸ਼ਦੀ ਹੈ



• ਤਰਸੇਮ ਗੋਪੀ ਕਾ
8146200063

## ਹਰਕੀਰਤ ਕੌਰ ਚਹਿਲ

ਹਰਕੀਰਤ ਕੌਰ ਚਹਿਲ ਦਾ ਨਾਂ ਇਕ ਲੇਖਿਕਾ ਦੇ ਤੌਰ 'ਤੇ ਉਦੋਂ ਉੱਭਰ ਕੇ ਸਾਹਮਣੇ ਆਇਆ, ਜਦੋਂ ਉਸ ਦੀ ਪਲੇਠੀ ਪੁਸਤਕ 'ਪਰੀਆਂ ਸੰਗ ਪਰਵਾਜ਼' ਛਪ ਕੇ ਪੰਜਾਬੀ ਪਾਠਕਾਂ ਦੇ ਹੱਥਾਂ ਵਿਚ ਪਹੁੰਚੀ ਸੀ। ਹਰਕੀਰਤ ਉਨ੍ਹਾਂ ਪਰਵਾਸੀ ਲੇਖਕਾਂ ਵਿੱਚੋਂ ਹੈ, ਜਿਨ੍ਹਾਂ ਦੇ ਮਨਾਂ 'ਤੇ ਪੱਛਮੀ ਦੇਸ਼ਾਂ ਦੀ ਸੱਭਿਅਤਾ ਕਬਜ਼ਾ ਨਹੀਂ ਕਰ ਪਾਉਂਦੀ ਤੇ ਉਹ ਵਿਦੇਸ਼ਾਂ ਵਿਚ ਰਹਿੰਦੇ ਹੋਏ ਵੀ ਆਪਣੇ ਵਤਨ ਦੀ ਮਿੱਟੀ ਨਾਲ ਜੁੜੇ ਰਹਿੰਦੇ ਹਨ। ਹਰਕੀਰਤ ਦੀ ਕਲਮ ਵਿੱਚੋਂ ਅਨੇਕਾਂ ਕਹਾਣੀਆਂ, ਗੀਤ ਤੇ ਦੋ ਨਾਵਲ ਉਪਜੇ ਹਨ। ਬੇਸ਼ੱਕ ਹਰਕੀਰਤ ਨੇ ਹਾਲੇ ਸਿਰਫ਼ ਦੋ ਨਾਵਲ ਲਿਖੇ ਨੇ ਪਰ ਉਸ ਦੀ ਪਰਪੱਕ ਲੇਖਣੀ ਨੇ ਹਰਕੀਰਤ ਨੂੰ ਪੰਜਾਬ ਦੇ ਸਿਰਮੌਰ ਨਾਵਲਕਾਰਾਂ ਦੀ ਕਤਾਰ ਵਿਚ ਲਿਜਾ ਖੜ੍ਹਾ ਕੀਤਾ ਹੈ। ਉਸ ਦੇ ਹਾਲ ਹੀ ਵਿਚ ਛਪੇ ਨਾਵਲ 'ਥੋਹਰਾਂ ਦੇ ਫੁੱਲ' ਦੀ ਮਕਬੂਲੀਅਤ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਹਰਕੀਰਤ ਨਾਵਲ ਵਿਧਾ 'ਤੇ ਆਪਣੀ ਪਕੜ ਮਜ਼ਬੂਤ ਕਰ ਚੁੱਕੀ ਹੈ। ਪਾਠਕਾਂ ਦੇ ਸਨਮੁੱਖ ਹੈ ਹਰਕੀਰਤ ਕੌਰ ਚਹਿਲ ਨਾਲ ਹੋਈ ਗੱਲਬਾਤ ਦੇ ਕੁਝ ਅੰਸ਼ : -

**• ਹਰਕੀਰਤ ਜੀ ਆਪਣੇ ਜਨਮ ਤੇ ਪੜ੍ਹਾਈ ਬਾਰੇ ਦੱਸੋ?**

ਮੇਰਾ ਜਨਮ ਲੁਧਿਆਣੇ ਜ਼ਿਲ੍ਹੇ ਦੇ ਪਿੰਡ ਖੇੜਾ ਵਿਖੇ ਹੋਇਆ। ਮੇਰੇ ਪਿਤਾ ਜੀ ਸ਼ੇਰ ਸਿੰਘ ਇਲੈਕਟ੍ਰੀਕਲ ਇੰਜੀਨੀਅਰ ਤੇ ਮਾਤਾ ਹਰਪ੍ਰੀਤ ਕੌਰ ਇਕ ਘਰੇਲੂ ਔਰਤ ਹਨ। ਪਿਤਾ ਨੇ ਜਿੱਥੇ ਹੋਰ ਵਿਸ਼ੇ ਪੜ੍ਹਾਏ, ਉਥੇ ਮਾਂ ਨੇ ਬੋਲੀ ਨਾਲ ਸਾਂਝ ਪੁਆਈ। ਮੈਂ ਤਿੰਨ ਭੈਣ ਭਰਾਵਾਂ ਵਿੱਚੋਂ ਸਭ ਤੋਂ ਵੱਡੀ ਹਾਂ। ਛੋਟੇ ਭੈਣ ਤੇ ਭਰਾ ਦੋਨੋਂ ਆਸਟ੍ਰੇਲੀਆ ਵਿਚ ਡਾਕਟਰ ਹਨ। ਮੁੱਢਲੀ ਸਿੱਖਿਆ ਅਹਿਮਦਗੜ੍ਹ ਮੰਡੀ ਤੋਂ ਲੈਣ ਉਪਰੰਤ ਮੈ ਨੌਵੀਂ-ਦਸਵੀਂ ਲੁਧਿਆਣੇ ਖ਼ਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਤੋਂ ਕੀਤੀ। ਚੰਗੇ ਅੰਕ ਪ੍ਰਾਪਤ ਕਰਨ 'ਤੇ ਮੈਂ ਸਿਰਫ਼ 13 ਸਾਲ ਦੀ ਉਮਰ ਵਿਚ ਖੇਤੀਬਾੜੀ ਯੂਨੀਵਰਸਿਟੀ ਦਾ ਦਾਖ਼ਲਾ ਇਮਤਿਹਾਨ ਵੀ ਪਾਸ ਕਰ ਗਈ। 1983 ਵਿਚ ਮੈਂ ਬੀ ਐੱਸ ਸੀ ਹੋਮ ਸਾਇੰਸ ਕੀਤੀ ਅਤੇ 1988 ਵਿਚ ਖੇਤੀਬਾੜੀ ਕਾਲਜ ਤੋਂ ਬੀਐੱਡ ਕੀਤੀ। ਡਿਗਰੀ ਖ਼ਤਮ ਹੋਣ ਸਾਰ ਹੀ ਮੇਰਾ ਵਿਆਹ ਡਾਕਟਰ ਕੁਲਦੀਪ ਸਿੰਘ ਚਹਿਲ ਨਾਲ ਹੋ ਗਿਆ। ਵੱਡੀ ਬੇਟੀ ਜੈਸਮੀਨ ਤੇ ਬੇਟੇ ਕੰਵਰ ਦੇ ਜਨਮ ਬਾਅਦ ਮੈਂ ਘਰ ਬੈਠਣਾ ਮੁਨਾਸਿਬ ਨਾ ਸਮਝਿਆ ਅਤੇ ਨਾਭਾ ਸ਼ਹਿਰ ਦੇ ਇਕ ਪ੍ਰਾਈਵੇਟ ਸਕੂਲ ਵਿਚ ਬਤੌਰ ਸਾਇੰਸ ਅਧਿਆਪਕਾ ਪੜ੍ਹਾਉਣਾ ਸ਼ੁਰੂ ਕੀਤਾ। ਪਟਿਆਲੇ ਦੀ ਬਦਲੀ ਹੋਣ 'ਤੇ ਮੈਂ ਬੁੱਢਾ ਦਲ ਪਬਲਿਕ ਸਕੂਲ ਵਿਚ ਦੋ ਸਾਲ ਹੀ ਪੜ੍ਹਾਇਆ ਸੀ ਕਿ ਮੈਨੂੰ ਪ੍ਰਾਇਮਰੀ ਸਕੂਲ ਦੀ ਪ੍ਰਿੰਸੀਪਲ ਬਣਾ ਦਿੱਤਾ ਗਿਆ। ਉੱਥੇ ਕੁੱਲ ਮਿਲਾ ਕੇ 5 ਸਾਲ ਮੈਂ ਪੜ੍ਹਾਇਆ। 2005 ਵਿਚ ਕੈਨੇਡਾ ਦੀ ਇਮੀਗਰੇਸ਼ਨ ਲੈ ਲਈ ਤੇ ਪਰਿਵਾਰ ਸਮੇਤ ਦੇਸ਼ ਛੱਡ ਕੇ ਆ ਗਈ। ਕੁਝ ਚਿਰ ਜੱਦੋ-ਜਹਿਦ ਬਾਅਦ ਕੈਨੇਡਾ ਵਿਚ ਵੀ ਅਧਿਆਪਕ ਦਾ ਲਾਇਸੰਸ ਮਿਲ ਗਿਆ। 6 ਸਾਲ ਇੱਥੇ ਵੀ ਅਧਿਆਪਨ ਕਿੱਤੇ ਵਿਚ ਬਿਤਾਏ। ਹੁਣ ਪਿਛਲੇ 6 ਸਾਲ ਤੋਂ ਆਪਣੇ ਪਤੀ ਦੇ ਬਣਾਏ ਹਸਪਤਾਲ ਵਿਚ ਬਤੌਰ ਮੈਨੇਜਿੰਗ ਡਾਇਰੈਕਟਰ ਕੰਮ ਕਰਦੀ ਹਾਂ। ਦੋਵੇਂ ਬੱਚੇ ਡਾਕਟਰੀ ਦੀ ਪੜ੍ਹਾਈ ਮੁਕੰਮਲ ਕਰ ਚੁੱਕੇ ਹਨ। ਜ਼ਿੰਦਗੀ ਦੇ ਰੁਝੇਵੇਂ ਕੁਝ ਘਟੇ ਤਾਂ ਮੈਂ ਸ਼ਬਦਾਂ ਨਾਲ ਦੋਸਤੀ ਗੂੜ੍ਹੀ ਕਰ ਲਈ।

**• ਤੁਹਾਡੇ ਲਿਖਣ ਦੀ ਸ਼ੁਰੂਆਤ ਕਦੋਂ ਤੇ ਕਾਹਦੇ ਨਾਲ ਹੋਈ?**

2006 ਵਿਚ ਜਦੋਂ ਮੈਂ ਕੈਨੇਡਾ ਆਈ ਤਾਂ ਭੂ ਹੇਰਵੇ ਤਹਿਤ ਕੁਝ ਕਵਿਤਾਵਾਂ ਲਿਖਦੀ ਸੀ ਪਰ ਉਸ ਵਿਧਾ ਨੇ ਮੇਰੀ ਰੂਹ ਦੀ ਭਰਪਾਈ ਨਹੀਂ ਕੀਤੀ। ਅਧੂਰੇਪਣ ਨੂੰ ਪੂਰਨ ਲਈ ਕਹਾਣੀ ਅਤੇ ਕਹਾਣੀ ਤੋਂ ਨਾਵਲ ਤਕ ਦਾ ਸਫ਼ਰ ਪਤਾ ਨਹੀਂ ਕਿਵੇਂ ਤੈਅ ਹੋ ਗਿਆ।

**• ਤੁਹਾਡੇ ਕਹਾਣੀ ਸੰਗ੍ਰਹਿ 'ਪਰੀਆਂ ਸੰਗ ਪਰਵਾਜ਼' ਦੀਆਂ ਕਹਾਣੀਆਂ ਦਾ ਵਿਸ਼ਾ ਵਸਤੂ ਕੀ ਹੈ?**

ਮੇਰੇ ਪਲੇਠੇ ਕਾਵਿ ਸੰਗ੍ਰਹਿ 'ਪਰੀਆਂ ਸੰਗ ਪਰਵਾਜ਼' ਵਿਚ ਬਹੁਤੀਆਂ ਕਹਾਣੀਆਂ ਮੇਰੇ ਇਰਦ-ਗਿਰਦ ਘੁੰਮਦੇ ਤੇ ਵਿਚਰੇ ਕਿਰਦਾਰਾਂ ਨਾਲ ਸਬੰਧਤ ਹਨ। ਦਾਜ ਦੀ ਲਾਹਨਤ, ਵਹਿਮਾਂ-ਭਰਮਾਂ, ਰਿਸ਼ਤਿਆਂ ਦੀ ਅਹਿਮੀਅਤ ਤੇ ਮੇਰੀਆਂ ਨਿੱਜੀ ਯਾਦਾਂ ਨਾਲ ਜੁੜੀਆਂ ਹੋਈਆਂ ਕਹਾਣੀਆਂ ਨੇ ਸਮਾਜ ਦੇ ਖ਼ੂਬਸੂਰਤ ਤੇ ਮਾਡਲ ਪਰਿਵਾਰਾਂ ਨੂੰ ਮੈਂ ਆਪਣੀ ਲਿਖਤ ਰਾਹੀਂ ਪਾਠਕਾਂ ਦੇ ਰੂਬਰੂ ਕਰਨ ਦੀ ਕੋਸ਼ਿਸ਼ ਕੀਤੀ ਹੈ।

**• ਕਹਾਣੀ ਤੋਂ ਨਾਵਲ ਵੱਲ ਆਉਣ ਦਾ ਸਬੱਬ ਕਿਵੇਂ ਬਣਿਆ?**

ਨਾਵਲ 'ਤੇਰੇ ਬਾਝੋਂ' ਕਹਾਣੀ ਦੇ ਰੂਪ ਵਿਚ ਹੀ ਸ਼ੁਰੂ ਕੀਤਾ ਸੀ ਪਰ ਕਈ ਕਹਾਣੀਆਂ ਦੇ ਪਲਾਟ ਕਹਾਣੀ ਦੇ ਸਾਂਚੇ ਵਿਚ ਫਿੱਟ ਨਹੀਂ ਆਉਂਦੇ। ਜਦੋਂ ਮੈਂ ਉਸ ਨੂੰ ਵਿਸਥਾਰ ਦੇ ਕੇ ਲਿਖਣਾ ਸ਼ੁਰੂ ਕੀਤਾ, ਉਹ ਨਾਵਲ ਦਾ ਰੂਪ ਧਾਰਨ ਕਰ ਗਿਆ। ਇਸੇ ਕਰਕੇ 'ਤੇਰੇ ਬਾਝੋਂ' ਨਾਵਲ ਇਕਹਿਰੀ ਕਹਾਣੀ ਦਾ ਸੀ ਪਰ ਜਦੋਂ ਪਾਠਕਾਂ ਤੇ ਸਾਹਿਤਕਾਰਾਂ ਵੱਲੋਂ ਉਸ ਨੂੰ ਭਰਪੂਰ ਹੁੰਗਾਰਾ ਮਿਲਿਆ ਤਾਂ ਮੈਂ ਨਾਵਲ ਦੀ ਵਿਧਾ ਨੂੰ ਵਿਚਾਰ ਕੇ ਲਿਖਣਾ ਸ਼ੁਰੂ ਕਰ ਦਿੱਤਾ। 'ਥੋਹਰਾਂ ਦੇ ਫੁੱਲ' ਮੇਰੀ ਨਾਵਲ ਵਿਧਾ 'ਤੇ ਅਪਣਾਈ ਪਹਿਲੀ ਕੋਸ਼ਿਸ਼ ਸੀ।

**• ਤੁਹਾਡੇ ਪਹਿਲੇ ਨਾਵਲ 'ਤੇਰੇ ਬਾਝੋਂ' ਦੇ ਧਰਾਤਲ ਤੇ ਵਿਸ਼ੇ ਬਾਰੇ ਵਿਸਥਾਰ ਪੂਰਵਕ ਦੱਸੋ?**

ਪੰਜਾਬ ਦੀ ਧਰਤੀ 'ਤੇ ਵਾਪਰਦਾ ਇਹ ਨਾਵਲ ਇਕ ਮਾਡਲ ਪਰਿਵਾਰ ਦੀ ਕਹਾਣੀ ਹੈ, ਜਿਸ ਵਿੱਚੋਂ ਸਮਾਜ ਦੀਆਂ ਕਦਰਾਂ-ਕੀਮਤਾਂ ਦੀ ਲਾਸਾਨੀ ਮਿਸਾਲ ਮਿਲਦੀ ਹੈ। ਹਰ ਰਿਸ਼ਤਾ ਮੋਹ-ਮੁਹੱਬਤ ਨਿਛਾਵਰ ਕਰਦਾ ਔਖੇ ਵੇਲੇ ਆਪਣੀ ਸਾਂਝ ਦਾ ਸਬੂਤ ਦਿੰਦਾ ਹੈ। ਇਕ ਪਤੀ ਕਿਸ ਤਰ੍ਹਾਂ ਆਪਣੀ ਪਤਨੀ ਨਾਲ ਕੀਤੇ ਵਾਅਦੇ ਤੋਂ ਆਪਣੀਆਂ ਖ਼ੁਸ਼ੀਆਂ ਕੁਰਬਾਨ ਕਰਦਾ ਹੈ ਤੇ ਦੂਜਾ ਵਿਆਹ ਕਰਵਾ ਕੇ ਆਈ ਪਤਨੀ ਬੱਚਿਆਂ ਦੀ ਮਤਰੇਈ ਮਾਂ ਹੁੰਦੇ ਹੋਏ ਬੱਚਿਆਂ ਨੂੰ ਸਕੀ ਮਾਂ ਤੋਂ ਵਧ ਕੇ ਮੋਹ ਕਰਦੀ ਹੈ ਤੇ ਪਤੀ ਨੂੰ ਮਾਂ ਨਾ ਬਣਨ ਦਾ ਵਾਅਦਾ ਦੇ ਕੇ ਸਾਰੀ ਉਮਰ ਆਪਣੀ ਕੁੱਖ ਸੁੰਨੀ ਰੱਖਦੀ ਹੈ। ਇਸ ਤੋਂ ਵੱਡੀ ਕੁਰਬਾਨੀ ਇਕ ਔਰਤ ਲਈ ਕੀ ਹੋ ਸਕਦੀ ਹੈ।

**• ਤੁਹਾਡਾ ਨਾਵਲ 'ਥੋਹਰਾਂ ਦੇ ਫੁੱਲ' ਕਾਫੀ ਮਕਬੂਲ ਹੋਇਆ ਹੈ, ਇਸ ਦੇ ਵਿਸ਼ੇ ਬਾਰੇ ਵਿਸਥਾਰ ਪੂਰਵਕ ਦੱਸੋ?**

ਸਭ ਤੋਂ ਵੱਡੀ ਗੱਲ ਨਾਵਲ ਦੀ ਸ਼ੈਲੀ ਤੇ ਇਸ ਦਾ ਬਹੁ-ਧਰਤੀ 'ਤੇ ਵੱਡ-ਅਕਾਰੀ ਹੋਣਾ ਤੇ ਸਾਰੇ ਵਿਸ਼ਿਆਂ ਨੂੰ ਬਾਖ਼ੂਬੀ ਨਿਭਾ ਪਾਉਣਾ ਮੇਰੀ ਸਫਲਤਾ ਰਹੀ ਏ। ਦੂਜਾ ਕਾਰਨ ਇਹ ਤਿੰਨ ਦਹਾਕਿਆਂ ਦੀਆਂ ਪੀੜ੍ਹੀਆਂ ਨੂੰ ਆਪਣੇ ਨਾਲ ਜੋੜਨ ਵਿਚ ਸਮਰਥ ਰਿਹਾ ਹੈ। ਜਿੱਥੇ ਇਹ ਕਿਰਸਾਨੀ ਜੀਵਨ ਦੀਆਂ ਆਰਥਿਕ ਤੰਗੀਆਂ, ਰਿਸ਼ਤਿਆਂ ਦੀਆਂ ਅੰਤਰ ਤਹਿਆਂ ਖੋਲ੍ਹਦਾ ਹੈ, ਉਥੇ ਹੀ ਧਾਰਮਿਕ, ਰਾਜਨੀਤਕ ਪੱਖਾਂ ਨੂੰ ਉਭਾਰ ਕੇ ਪਾਠਕਾਂ ਦੇ ਸਨਮੁੱਖ ਕਰਦਾ ਹੈ। ਕਹਾਣੀ ਦਿਲਚਸਪ ਹੋ ਕੇ ਪਾਠਕਾਂ ਨੂੰ ਉਂਗਲੀ ਫੜ ਕੇ ਨਾਲ ਤੋਰਨ ਵਿਚ ਸਫਲ ਰਹੀ ਹੈ। ਵਾਪਰਦੇ ਸਾਰੇ ਕਾਂਡ ਹੀ ਯਥਾਰਥ ਦੇ ਨੇੜੇ ਹੋਣ ਕਰਕੇ ਧੁਰ ਰੂਹ ਤਕ ਉਤਰਦੇ ਹਨ।

**• ਤੁਹਾਡੇ ਨਾਵਲ ਅਤੇ ਕਹਾਣੀਆਂ ਦੇ ਪਾਤਰ ਆਮ ਜ਼ਿੰਦਗੀ ਵਿੱਚੋਂ ਹੁੰਦੇ ਨੇ। ਪਾਤਰ ਚਿਤਰਣ ਵੇਲੇ ਪਾਤਰ ਦੀ ਅਸਲ ਜ਼ਿੰਦਗੀ ਨੂੰ ਕਿੰਨਾ ਕੁ ਨੇੜੇ ਹੋ ਵੇਖਦੇ ਹੋ?**

ਮੇਰੀਆਂ ਕਹਾਣੀਆਂ ਅਤੇ ਨਾਵਲਾਂ ਦੇ ਬਹੁਤੇ ਪਾਤਰ ਅਸਲ ਜ਼ਿੰਦਗੀ ਵਿੱਚੋਂ ਹੀ ਲਏ ਹੁੰਦੇ ਹਨ। ਜੇ ਪੂਰਾ ਨਹੀਂ ਤਾਂ ਮੂੰਹ ਮੁਹਾਂਦਰਾ ਇੰਨ ਬਿੰਨ ਉਵੇਂ ਦਾ ਹੁੰਦਾ ਹੈ ਪਰ ਸਥਿਤੀ ਮੁਤਾਬਕ ਘੜੇ ਕਾਲਪਨਿਕ ਪਾਤਰ ਨੂੰ ਮੈਂ ਆਪਣੀ ਸੋਚ ਮੁਤਾਬਕ ਰੰਗ ਦਿੰਦੀ ਹਾਂ। ਸਮਾਂ, ਸਥਾਨ ਦੀ ਅਦਲਾ ਬਦਲੀ ਭਾਵੇਂ ਸੁਭਾਵਿਕ ਕੀਤੀ ਜਾਂਦੀ ਹੈ ਪਰ ਕਿਰਦਾਰਾਂ ਦਾ ਅਸਲੀ ਵਜੂਦ ਜਿਉਂਦਾ ਰੱਖਣਾ ਲਿਖਤ ਨੂੰ ਪਕਿਆਈ ਬਖ਼ਸ਼ਦਾ ਹੈ।

**• ਪੰਜਾਬੀ ਪਾਠਕ ਨਾਵਲਾਂ ਵਿਚ ਟਕਸਾਲੀ ਬੋਲੀ ਦਾ ਪ੍ਰਭਾਵ ਜ਼ਿਆਦਾ ਕਬੂਲਦੇ ਹਨ ਜਾਂ ਠੇਠ ਬੋਲੀ ਦਾ?**

ਦੋਵੇਂ ਹੀ ਬੋਲੀਆਂ ਸਹੀ ਸਮੇਂ ਇਸਤੇਮਾਲ ਹੋਣ, ਇਸ ਗੱਲ ਦਾ ਧਿਆਨ ਰੱਖਣਾ ਜ਼ਰੂਰੀ ਹੈ। ਕਿਰਦਾਰ ਦੀ ਬੋਲੀ ਸਮੇਂ ਪਾਠਕ ਦੀ ਮੰਗ ਹੋਰ ਹੁੰਦੀ ਹੈ ਤੇ ਲੇਖਕ ਦੀ ਭਾਸ਼ਾ ਦਾ ਅੰਦਾਜ਼ਾ ਉਹ ਟਕਸਾਲੀ ਬੋਲੀ ਦੀ ਪ੍ਰਪੱਕਤਾ ਤੋਂ ਲਾਉਂਦਾ ਹੈ। ਬਾਕੀ ਪਾਠਕ ਦੇ ਮਨ ਨੂੰ ਠੇਠ ਖੇਤਰੀ ਭਾਸ਼ਾ ਦੇ ਡਾਇਲਾਗ ਖ਼ਾਸ ਤੌਰ 'ਤੇ ਟੁੰਬਦੇ ਹਨ, ਬਸ਼ਰਤੇ ਉਹ ਧੁਰ ਰੂਹ ਤੋਂ ਲਿਖੇ ਹੋਣ।

**• ਹਰਕੀਰਤ ਜੀ ਮੈਂ ਸੁਣਿਆ ਤੁਸੀਂ ਗੀਤ ਲਿਖਣ ਦੇ ਨਾਲ-ਨਾਲ ਗਾ ਵੀ ਲੈਂਦੇ ਹੋ?**

ਮੈਂ ਨਹੀਂ ਮੰਨਦੀ ਕਿ ਮੈਨੂੰ ਗਾਉਣਾ ਆਉਂਦਾ ਹੈ, "ਬਸ ਸ਼ੌਕੀਆ ਤੌਰ 'ਤੇ ਥੋੜ੍ਹਾ ਗੁਣਗੁਣਾ ਲੈਂਦੀ ਹਾਂ। ਸ਼ਬਦਾਂ ਨਾਲ ਸਾਂਝ ਹੋਣ ਕਰਕੇ ਕਈ ਗੀਤ ਵੀ ਲਿਖੇ ਨੇ। ਇਕੱਲੀ ਬੈਠੀ ਉਨ੍ਹਾਂ ਨੂੰ ਜ਼ੁਬਾਨ ਦੇਣ ਦੀ ਕੋਸ਼ਿਸ਼ ਕਰਦੀ ਹਾਂ। ਪ੍ਰਸਿੱਧ ਪੰਜਾਬੀ ਲੋਕ ਨਾਚ ਗਿੱਧੇ ਦੀ ਟੀਮ ਦੀ ਮੈਂਬਰ ਹੋਣ ਕਰਕੇ ਲੰਮੀ ਹੇਕ ਦੇ ਗੀਤ ਅਤੇ ਬੋਲੀਆਂ ਮੈਨੂੰ ਬਹੁਤ ਪਸੰਦ ਹਨ। ਫਿਲਹਾਲ ਲਿਖਣਾ ਹੀ ਹਿੱਸੇ ਆਇਆ ਹੈ। ਗਾਉਣ ਬਾਰੇ ਕੋਈ ਬਹੁਤਾ ਗਿਆਨ ਨਹੀਂ। ਬਸ ਸ਼ੌਕ ਪੂਰਾ ਕਰਦੀ ਹਾਂ।

**• ਆਪਣੇ ਆਉਣ ਵਾਲੇ ਪ੍ਰਾਜੈਕਟ ਬਾਰੇ ਦੱਸੋ?**

ਪੰਦਰਾਂ ਕੁ ਕਹਾਣੀਆਂ ਦਾ ਗੁਲਦਸਤਾ ਲਗਪਗ ਤਿਆਰ ਹੈ, ਜਿਸ ਦੀ ਲਿਪਾਪੋਚੀ ਹੋ ਰਹੀ ਹੈ। ਉਨ੍ਹਾਂ ਕਹਾਣੀਆਂ ਦੀ ਪਿੱਠ ਭੂਮੀ ਕੈਨੇਡਾ ਦੀ ਧਰਤੀ ਹੈ, ਇੱਥੋਂ ਦੀਆਂ ਸਮੱਸਿਆਵਾਂ ਜਿਵੇਂ ਤਲਾਕ, ਬਜ਼ੁਰਗ ਮਾਪੇ, ਅਧੂਰੇ ਵਿਆਹ, ਆਰਥਿਕ ਤੰਗੀਆਂ-ਤੁਰਸ਼ੀਆਂ, ਔਰਤ ਦੀ ਦਸ਼ਾ, ਨਸ਼ੇ ਆਦਿ ਮੁੱਦਿਆਂ ਨੂੰ ਉਭਾਰਨ ਦੀ ਕੋਸ਼ਿਸ਼ ਕੀਤੀ ਗਈ ਹੈ, ਜੋ ਜਲਦ ਹੀ ਪਾਠਕਾਂ ਦੇ ਹੱਥਾਂ ਵਿਚ ਹੋਵੇਗੀ।

**• ਪਰਵਾਸੀ ਜ਼ਿੰਦਗੀ ਬਹੁਤ ਬਿਜ਼ੀ ਹੈ। ਇਨ੍ਹਾਂ ਰੁਝੇਵਿਆਂ ਵਿੱਚੋਂ ਲਿਖਣ ਲਈ ਟਾਇਮ ਕਿਵੇਂ ਕੱਢਦੇ ਹੋ?**

ਪੱਛਮੀ ਦੇਸ਼ਾਂ ਵਿਚ ਜ਼ਿੰਦਗੀ ਦੀ ਰਫ਼ਤਾਰ ਤੇਜ਼ ਤਰਾਰ ਹੈ। ਮਸ਼ੀਨਾਂ ਵਰਗੇ ਇਨਸਾਨ ਰੋਬੋਟ ਵਾਂਗ ਸਾਰਾ ਦਿਨ ਭੱਜੇ ਫਿਰਦੇ ਟਾਈਮਪੀਸ ਦੀ ਸੂਈ ਵਾਂਗ ਘੁੰਮਦੇ ਹਨ ਪਰ ਮਨ ਦੇ ਵਲਵਲੇ ਜਦੋਂ ਜਵਾਰਭਾਟੇ ਵਰਗੇ ਹੋਣ ਤਾਂ ਨਿੱਜੀ ਕੰਮਾਂ ਨੂੰ ਸੀਮਤ ਕਰ ਕੇ ਮਨੋਰੰਜਨ ਤੇ ਛੁੱਟੀ ਦਾ ਸਮਾਂ ਮੈਂ ਕਲਮ ਦੇ ਲੇਖੇ ਲਾਉਂਦੀ ਹਾਂ। ਪਰਿਵਾਰ ਦਾ ਵੀ ਖ਼ਾਸ ਤੌਰ 'ਤੇ ਸਾਥ ਹੈ ਮੇਰੀ ਇਸ ਲਗਨ ਵਿਚ, ਉਨ੍ਹਾਂ ਦੇ ਹਿੱਸੇ ਦਾ ਟਾਇਮ ਮੈਂ ਲਿਖਣ ਲਈ ਉਧਾਰਾ ਮੰਗ ਲੈਂਦੀ ਹਾਂ। ਉਹ ਖਿੜੇ ਮੱਥੇ ਸਾਥ ਦਿੰਦੇ ਨੇ, ਫਿਰ ਵੀ ਸਮੇਂ ਦੀ ਤਰੁੱਟੀ ਰਹਿੰਦੀ ਹੈ। ਕਦੇ-ਕਦੇ ਦਿਲ ਕਰਦਾ, ਕਿਤੇ ਦੂਰ ਜਾ ਕੇ ਇਕਾਂਤ ਵਿਚ ਬੈਠ ਕੇ ਨਿਰਵਿਘਨ ਇਕ ਰਚਨਾ ਕਰਾਂ। ਜੇ ਸਮੇਂ ਨੇ ਸਾਥ ਦਿੱਤਾ ਤਾਂ ਇਹ ਸੁਪਨਾ ਵੀ ਸਾਕਾਰ ਕਰਾਂਗੀ।

**• ਆਪਣੇ ਸਮਕਾਲੀ ਪਰਵਾਸੀ ਲੇਖਕਾਂ ਬਾਰੇ ਕੀ ਕਹਿਣਾ ਚਾਹੋਗੇ?**

ਕਾਫੀ ਕਲਮਾਂ ਸਰਗਰਮ ਹਨ ਖ਼ਾਸ ਕਰਕੇ ਗ਼ਜ਼ਲ ਤੇ ਕਵਿਤਾ ਦੇ ਖੇਤਰ ਵਿਚ। ਕ੍ਰਿਸ਼ਨ ਭਨੋਟ, ਦਵਿੰਦਰ ਚਾਂਦ, ਇੰਦਰਜੀਤ ਧਾਮੀ, ਸੁਰਿੰਦਰਪਾਲ ਬੰਗੜ, ਇੰਦਰਜੀਤ ਕੌਰ ਸਿੱਧੂ, ਸੁਰਜੀਤ ਕਲਸੀ ਆਦਿ ਪ੍ਰਮੁੱਖ ਨਾਂ ਹਨ। ਕਹਾਣੀ ਤੇ ਨਾਵਲ ਦੇ ਖੇਤਰ ਵਿਚ ਨਦੀਮ ਪਰਮਾਰ, ਜਰਨੈਲ ਸੇਖਾ, ਪਰਵੇਜ਼ ਸੰਧੂ, ਗੁਰਮੀਤ ਪਨਾਗ ਵਗੈਰਾ ਪ੍ਰਮੁੱਖ ਲੇਖਕਾਂ ਵਜੋਂ ਭੂਮਿਕਾ ਨਿਭਾ ਰਹੇ ਹਨ। ਬਹੁਤ ਹੀ ਉੱਤਮ ਸਾਹਿਤ ਰਚਿਆ ਜਾ ਰਿਹਾ ਹੈ, ਜਿਸ ਦਾ ਆਉਂਦੀਆਂ ਪੀੜ੍ਹੀਆਂ ਨੂੰ ਮਾਣ ਰਹੇਗਾ।

**• ਪੰਜਾਬੀਆਂ ਨੂੰ ਕਿਤਾਬਾਂ ਦੇ ਦੋਸਤ ਬਣਨ ਲਈ ਹੋਰ ਕਿੰਨਾ ਸਮਾਂ ਲੱਗੇਗਾ?**

ਇਹ ਸਵਾਲ ਬਹੁਤ ਔਖਾ ਹੈ। ਸਿੱਖਿਆ ਦੇ ਢਾਂਚੇ ਵਿਚ ਕੋਈ ਤਬਦੀਲੀ ਆਵੇ ਕਿ ਅਸੀਂ ਪੱਛਮੀ ਦੇਸ਼ਾਂ ਵਾਂਗ ਬੱਚਿਆਂ ਦੀ ਬਹੁਪੱਖੀ ਵਿਕਾਸ ਵਾਲੀ ਯੋਗਤਾ ਪੈਦਾ ਕਰਨ ਵਾਲੀ ਸਿੱਖਿਆ ਪ੍ਰਣਾਲੀ ਬਣਾਈਏ। ਵਰਨਾ ਸਕੂਲ ਦੇ ਬਸਤਿਆਂ ਦਾ ਬੋਝ ਚੁੱਕਣਾ ਹੀ ਦੁੱਭਰ ਹੋਇਆ ਪਿਆ ਹੈ। ਦੂਜਾ ਨਸ਼ਿਆਂ ਦੇ ਰੁਝਾਨ ਤੋਂ ਮੁਕਤੀ ਮਿਲੇ ਤਾਂ ਨੌਜਵਾਨ ਵਰਗ ਕਿਤਾਬਾਂ ਵਾਲੇ ਪਾਸੇ ਮੋੜਾ ਪਾ ਸਕਦਾ ਹੈ। ਮਾਪਿਆਂ ਨੂੰ ਵੀ ਇਸ ਉੱਦਮ ਵਿਚ ਸਾਥ ਦੇਣ ਦੀ ਲੋੜ ਹੈ। ਫਿਲਹਾਲ ਆਸ ਦੀ ਕਿਰਨ ਤਾਂ ਹਾਲੇ ਫਿੱਕੀ ਹੈ ਪਰ ਉਮੀਦ ਰੱਖਣ ਵਿਚ ਕੀ ਹਰਜ਼ ਹੈ। ਦੁਆ ਹੈ ਕਿ ਇਹ ਸਭ ਅਸੀਂ ਜਿਉਂਦੇ ਜੀਅ ਵੇਖ ਸਕੀਏ।

**• ਆਪਣੀ ਲਿਖਣ ਪ੍ਰਕਿਰਿਆ ਬਾਰੇ ਵਿਸਥਾਰ ਪੂਰਵਕ ਦੱਸੋ, ਪਰਿਵਾਰ ਦਾ ਕੀ ਯੋਗਦਾਨ ਹੁੰਦਾ ਹੈ?**

ਮੇਰੀ ਲੇਖਣੀ ਮੇਰੀ ਰੂਹ ਦੀ ਖ਼ੁਰਾਕ ਹੈ। ਜਿਸ ਤਰ੍ਹਾਂ ਕਿਸੇ ਨੂੰ ਭੁੱਖ ਲੱਗੀ ਹੋਵੇ ਤੇ ਅੰਨ ਸਹਾਰਾ ਦਿੰਦਾ ਹੈ ਇਸੇ ਤਰ੍ਹਾਂ ਮੇਰੀ ਲੇਖਣੀ ਮੇਰੀ ਸਾਹਿਤਕ ਭੁੱਖ ਦਾ ਰੱਜ ਹੈ। ਕਹਾਣੀ ਤੇ ਨਾਵਲ ਵਿਧਾ ਮੇਰੀਆਂ ਪਸੰਦੀਦਾ ਵਿਧਾਵਾਂ ਹਨ। ਮੈਂ ਕੁਝ ਵੀ ਅਜਿਹਾ ਨਹੀਂ ਲਿਖਦੀ, ਜੋ ਸਿਰਫ਼ ਲਿਖਤ ਪੈਦਾ ਕਰਨ ਲਈ ਜ਼ਰੂਰੀ ਹੁੰਦਾ, ਬਲਕਿ ਜਦੋਂ ਖ਼ਿਆਲ ਸਾਰੇ ਬੂਹੇ ਖੋਲ੍ਹ ਕੇ ਮਨ ਮਸਤਕ ਦੀ ਬਰੂਹ 'ਤੇ ਆ ਖੜ੍ਹਦਾ ਹੈ ਤਾਂ ਮੈਂ ਕਲਮ ਚੁੱਕਦੀ ਹਾਂ। ਇਸੇ ਕਰਕੇ ਮੇਰੀ ਲਿਖਤ ਪ੍ਰਵਾਨ ਚੜ੍ਹਦੀ ਹੈ ਤੇ ਪਾਠਕ ਮਣਾਂ ਮੂੰਹੀਂ ਪਿਆਰ ਬਖ਼ਸ਼ਦੇ ਹਨ। ਬਾਕੀ ਮੇਰੇ ਪਰਿਵਾਰ ਦਾ ਮੇਰੀਆਂ ਲਿਖਤਾਂ ਰਚਣ ਲਈ ਅਥਾਹ ਯੋਗਦਾਨ ਹੁੰਦਾ ਹੈ। ਮੇਰੇ ਮਨ ਨੂੰ ਤਾਜ਼ਾ ਫੁੱਲ ਵਰਗਾ ਰੱਖਦੇ ਨੇ ਤਾਂ ਹੀ ਖ਼ਿਆਲਾਂ ਦੇ ਫੁਰਨੇ ਫੁਰਦੇ ਰਹਿੰਦੇ ਨੇ। ਮਾਨਸਿਕ ਤੌਰ 'ਤੇ ਉਲਝਿਆ ਹੋਇਆ ਇਨਸਾਨ ਵਧੀਆ ਸਾਹਿਤ ਦੀ ਸਿਰਜਣਾ ਨਹੀਂ ਕਰ ਸਕਦਾ।

**• ਅਖ਼ੀਰ ਵਿਚ ਪੰਜਾਬੀ ਪਾਠਕਾਂ ਲਈ ਕੋਈ ਸੁਨੇਹਾ ਦੇਣਾ ਚਾਹੋਗੇ?**

ਮੈਂ ਇਹੋ ਕਹਿਣਾ ਚਾਹਾਂਗੀ ਕਿ ਆਪਣੇ ਬੱਚਿਆਂ 'ਚੋਂ ਪੰਜਾਬੀ ਸਾਹਿਤ ਪੜ੍ਹਨ ਦਾ ਰੁਝਾਨ ਪੈਦਾ ਕਰਨ ਲਈ ਤੋਹਫ਼ੇ ਵਜੋਂ ਕਿਤਾਬਾਂ ਭੇਟ ਕਰੋ। ਬੱਚਿਆਂ ਨੂੰ ਪੰਜਾਬੀ ਲਿਖਣ ਤੇ ਬੋਲਣ ਵਿਚ ਮਾਣ ਮਹਿਸੂਸ ਕਰਨ ਲਾਓ ਤੇ ਇਸ ਦੀ ਸ਼ੁਰੂਆਤ ਆਪਣੇ ਘਰ ਤੋਂ ਕਰੋ। ਵਧੀਆ ਸਾਹਿਤਕਾਰ ਸਮਾਜ ਦਾ ਸ਼ੀਸ਼ਾ ਹੁੰਦੇ ਹਨ। ਉਨ੍ਹਾਂ ਨੂੰ ਬੱਚਿਆਂ ਦੇ ਰੂਬਰੂ ਕਰਵਾਓ। ਬੱਚਿਆਂ ਨੂੰ ਲਾਇਬ੍ਰੇਰੀ ਜਾਣ ਦੀ ਆਦਤ ਪਾਓ। ਮਾਂ ਬੋਲੀ ਦਾ ਸਤਿਕਾਰ ਕਾਇਮ ਰੱਖਣਾ ਮਾਪਿਆਂ ਤੇ ਅਧਿਆਪਕਾਂ ਦੀ ਜ਼ਿੰਮੇਵਾਰੀ ਹੈ। ਸੋ ਸਾਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਕਿਤਾਬਾਂ ਸਭ ਤੋਂ ਵਧੀਆ ਦੋਸਤ ਹਨ। ਇਨ੍ਹਾਂ ਦਾ ਜ਼ਿੰਦਗੀ ਵਿਚ ਹੋਣਾ ਸਾਨੂੰ ਡਿਪਰੈਸ਼ਨ ਤੇ ਹੋਰ ਮਾਨਸਿਕ ਬਿਮਾਰੀਆਂ ਤੋਂ ਬਚਾਅ ਸਕਦਾ ਹੈ। •

**• ਮਾਣ-ਸਨਮਾਨ ਬਾਰੇ ਦੱਸੋ ਵਿਸਥਾਰ ਨਾਲ?**

ਲੇਖਕ ਦਾ ਸਭ ਤੋਂ ਵੱਡਾ ਸਨਮਾਨ ਪਾਠਕਾਂ ਵੱਲੋਂ ਦਿੱਤਾ ਪਿਆਰ ਤੇ ਹੁੰਗਾਰਾ ਹੀ ਹੁੰਦਾ। ਹੁਣ ਮੇਰੇ ਨਾਵਲ 'ਥੋਹਰਾਂ ਦੇ ਫੁੱਲ' ਦੇ ਰੀਵਿਊ ਚਾਰੇ ਪਾਸਿਓਂ ਆ ਰਹੇ ਨੇ। ਸਵੇਰੇ ਉੱਠ ਕੇ ਫੁੱਲਾਂ ਦੇ ਗਲਦਸਤਿਆਂ ਵਰਗੇ ਸ਼ਬਦ ਪੜ੍ਹਨ ਵੇਲੇ ਕਿਸੇ ਸਨਮਾਨ ਤੋਂ ਘੱਟ ਨਹੀਂ ਹੁੰਦੇ। ਸਨਮਾਨ ਇਕ ਦਿਨ ਲੈ ਕੇ ਤੁਸੀਂ ਖ਼ੁਸ਼ੀ ਮਨਾ ਲੈਂਦੇ ਹੋ ਪਰ ਪਾਠਕਾਂ ਦਾ ਨਿੱਤ ਬੂਹਾ ਖੜਕਾ ਕੇ ਦਿੱਤੇ ਥਾਪੜੇ ਦਾ ਸਰੂਰ ਬਹੁਤ ਦੇਰ ਤਕ ਰਹਿੰਦਾ ਹੈ। ਮੇਰਾ ਰੁਝਾਨ ਤਾਂ ਸਿਰਫ਼ ਲਿਖਣ ਵਾਲੇ ਪਾਸੇ ਹੈ। ਜਦੋਂ ਮਾਣ ਸਨਮਾਨ ਜੋਗੇ ਹੋ ਗਏ, ਆਪੇ ਹੀ ਮਿਲ ਜਾਵੇਗਾ।



ਹਰਕੀਰਤ ਦੀ ਸੋਚ ਹੈ ਕਿ ਲੇਖਕ ਦਾ ਸਭ ਤੋਂ ਵੱਡਾ ਸਨਮਾਨ ਪਾਠਕਾਂ ਵੱਲੋਂ ਦਿੱਤਾ ਪਿਆਰ ਤੇ ਹੁੰਗਾਰਾ ਹੀ ਹੁੰਦਾ। ਉਸ ਦਾ ਰੁਝਾਨ ਅਜੇ ਸਿਰਫ਼ ਲਿਖਣ ਵਾਲੇ ਪਾਸੇ ਹੈ, ਜਦੋਂ ਮਾਣ-ਸਨਮਾਨ ਜੋਗੇ ਹੋ ਗਏ, ਆਪੇ ਹੀ ਮਿਲ ਜਾਵੇਗਾ...

ਰੂਬਰੂ

---

# ਨਿਰਾਸ਼ਾ ਛੱਡੋ, ਆਸਵੰਦ ਹੋਵੋ

• ਪ੍ਰਿੰਸ ਅਰੋੜਾ ਮਲੌਦ



ਕੋਈ ਵੀ ਅਜਿਹਾ ਇਨਸਾਨ ਨਹੀਂ ਹੋਵੇਗਾ, ਜਿਸ ਨੂੰ ਹਰ ਇਕ ਕੰਮ 'ਚ ਸਫਲਤਾ ਮਿਲਦੀ ਹੋਵੇ ਤੇ ਕੋਈ ਵੀ ਅਜਿਹਾ ਨਹੀਂ ਹੋਵੇਗਾ, ਜੋ ਹਰ ਵਾਰ ਅਸਫਲ ਹੋਇਆ ਹੋਵੇ। ਹਰ ਸਫਲਤਾ ਪਿੱਛੇ ਇਕ ਵੱਡੀ ਅਸਫਲਤਾ ਛੁਪੀ ਹੁੰਦੀ ਹੈ...

ਜ਼ਿੰਦਗੀ ਸੰਘਰਸ਼ ਦਾ ਦੂਸਰਾ ਨਾਂ ਹੈ ਅਤੇ ਸੁੱਖ-ਦੁੱਖ ਇਸ ਦਾ ਹਿੱਸਾ। ਹਰ ਇਨਸਾਨ ਦੀ ਇਹ ਫਿਤਰਤ ਹੈ ਕਿ ਸਫ਼ਲਤਾ ਮਿਲਣ ਉੱਤੇ ਉਹ ਅਥਾਹ ਖ਼ੁਸ਼ੀ ਮਹਿਸੂਸ ਕਰਦਾ ਹੈ, ਜੋ ਹੋਣੀ ਵੀ ਚਾਹੀਦੀ ਹੈ ਪਰ ਇਸ ਦੇ ਉਲਟ ਇਹੀ ਇਨਸਾਨ ਅਸਫ਼ਲਤਾ ਮਿਲਣ ਉੱਤੇ ਢਹਿਢੇਰੀ ਹੋ ਜਾਂਦਾ ਹੈ। ਦੁਨੀਆ ਵਿਚ ਕੋਈ ਵੀ ਅਜਿਹਾ ਇਨਸਾਨ ਨਹੀਂ ਹੋਵੇਗਾ, ਜਿਸ ਨੂੰ ਹਰ ਇਕ ਕੰਮ ਵਿਚ ਸਫਲਤਾ ਮਿਲਦੀ ਹੋਵੇ ਅਤੇ ਕੋਈ ਵੀ ਅਜਿਹਾ ਨਹੀਂ ਹੋਵੇਗਾ ਜੋ ਹਰ ਵਾਰ ਅਸਫਲ ਹੋਇਆ ਹੋਵੇ। ਜ਼ਿਆਦਾਤਰ ਅਸੀਂ ਮਿਲੀ ਸਫਲਤਾ ਨੂੰ ਦਿਮਾਗ਼ ਉੱਤੇ ਹਾਵੀ ਕਰ ਲੈਂਦੇ ਹਾਂ ਅਤੇ ਮਿਲੀ ਅਸਫਲਤਾ ਨੂੰ ਦਿਲ 'ਤੇ ਲਾ ਲੈਂਦੇ ਹਾਂ।

ਅਕਸਰ ਦੇਖਣ ਵਿਚ ਆਉਂਦਾ ਹੈ ਕਿ ਬਹੁਤੇ ਕੰਮਾਂ ਵਿਚ ਸਫਲਤਾ ਪ੍ਰਾਪਤ ਕਰਨ ਵਾਲੇ ਲੋਕ ਵੀ ਇਕ ਅੱਧੀ ਅਸਫਲਤਾ ਨਾਲ ਨਿਰਾਸ਼ ਹੋ ਜਾਂਦੇ ਹਨ। ਅਸਫ਼ਲਤਾ ਮਿਲਣ 'ਤੇ ਨਿਰਾਸ਼ ਹੋ ਕੇ ਘਰ ਬੈਠਣ ਨਾਲੋਂ ਚੰਗਾ ਹੈ ਕਿ ਅਸੀਂ ਉਸ ਦੇ ਕਾਰਨਾਂ ਦਾ ਪਤਾ ਲਗਾ ਕੇ ਦੁਬਾਰਾ ਕੋਸ਼ਿਸ਼ ਕਰੀਏ ਤਾਂ ਜੋ ਦੁਬਾਰਾ ਸਫਲਤਾ ਪ੍ਰਾਪਤ ਕੀਤੀ ਜਾ ਸਕੇ। ਹਰ ਇਨਸਾਨ ਆਪਣੀ ਜ਼ਿੰਦਗੀ ਵਿਚ ਕੁਝ ਨਾ ਕੁਝ ਗ਼ਲਤੀਆਂ ਜ਼ਰੂਰ ਕਰਦਾ ਹੈ ਅਤੇ ਕਿਸੇ ਨਾ ਕਿਸੇ ਸਮੇਂ ਨਿਰਾਸ਼ ਵੀ ਜ਼ਰੂਰ ਹੁੰਦਾ ਹੈ। ਨਿਰਾਸ਼ ਹੋਣ ਦੇ ਕਾਰਨਾਂ ਵਿਚ ਵਿਅਕਤੀਗਤ ਸਬੰਧ, ਘਰੇਲੂ ਕਾਰਨ, ਵਪਾਰਕ ਕਾਰਨ, ਸਿਹਤ ਨਾਲ ਸਬੰਧਤ ਗੱਲਾਂ ਹੋ ਸਕਦੀਆਂ ਹਨ।

### ਨਿਰਾਸ਼ਾ ਕਰਦੀ ਖੋਖਲਾ

ਨਿਰਾਸ਼ ਵਿਅਕਤੀ ਨੂੰ ਲਗਦਾ ਹੈ ਕਿ ਆਖ਼ਰ ਮੇਰੇ ਨਾਲ ਅਜਿਹਾ ਕਿਉਂ ਹੋਇਆ ਹੈ? ਜਿਸ ਤਰ੍ਹਾਂ ਕਿਸੇ ਵੀ ਲੱਕੜੀ ਨੂੰ ਲੱਗੀ ਸਿਓਂਕ ਉਸ ਨੂੰ ਅੰਦਰੋਂ ਖੋਖਲਾ ਕਰ ਦਿੰਦੀ ਹੈ, ਉਸੇ ਤਰ੍ਹਾਂ ਜ਼ਿੰਦਗੀ ਪ੍ਰਤੀ ਨਿਰਾਸ਼ ਹੋਇਆ ਵਿਅਕਤੀ ਅੰਦਰੋ-ਅੰਦਰੀਂ ਖੋਖਲਾ ਹੋਣ ਲਗਦਾ ਹੈ। ਅਜਿਹੇ ਇਨਸਾਨ ਲਈ ਖ਼ੁਸ਼ੀ, ਹਾਸਾ, ਜਿਊਣ ਦੀ ਤਮੰਨਾ ਆਦਿ ਗੱਲਾਂ ਵਿਅਰਥ ਹੀ ਜਾਂਦੀਆਂ ਹਨ। ਇਹ ਇਕ ਅਟੱਲ ਸੱਚਾਈ ਹੈ ਕਿ ਬਹੁਤ ਘੱਟ ਲੋਕ ਹਨ, ਜਿਨ੍ਹਾਂ ਨੂੰ ਤੁੱਕੇ ਨਾਲ ਸਫਲਤਾ ਮਿਲ ਜਾਂਦੀ ਹੈ। ਬਾਕੀ ਲੋਕਾਂ ਨੂੰ ਸਫਲ ਹੋਣ ਲਈ ਦਿਨ-ਰਾਤ ਇਕ ਕਰਨਾ ਪੈਂਦਾ ਹੈ।

### ਨਾ ਛੱਡੋ ਆਸ ਦਾ ਪੱਲਾ

ਸਥਿਤੀ ਭਾਵੇਂ ਕਿਹੋ ਜਿਹੀ ਵੀ ਕਿਉਂ ਨਾ ਹੋਵੇ, ਇਨਸਾਨ ਨੂੰ ਆਸ ਦਾ ਪੱਲਾ ਕਦੇ ਵੀ ਨਹੀਂ ਛੱਡਣਾ ਚਾਹੀਦਾ। ਕਦੇ ਇੰਝ ਹੋਇਆ ਹੈ ਕਿ ਰਾਤ ਦੇ ਹਨੇਰੇ ਨੇ ਦਿਨ ਨਾ ਹੋਣ ਦਿੱਤਾ ਹੋਵੇ? ਮੁਸ਼ਕਿਲਾਂ ਵੀ ਜਿਉਂਦੇ ਇਨਸਾਨ ਦੇ ਹਿੱਸੇ ਹੀ ਆਉਂਦੀਆਂ ਹਨ। ਅਸਫਲਤਾ ਮਿਲਣ 'ਤੇ ਸਭ ਤੋਂ ਪਹਿਲਾ ਕੰਮ ਸਬਰ-ਸੰਤੋਖ ਬਣਾਏ ਰੱਖਣਾ ਚਾਹੀਦਾ ਹੈ। ਉਸ ਤੋਂ ਬਾਅਦ ਅਸਫਲਤਾ ਦੇ ਕਾਰਨਾਂ ਦਾ ਪਤਾ ਲਗਾ ਕੇ ਆਪਣੇ ਵੱਲੋਂ ਨਵੇਂ ਸਿਰੇ ਤੋਂ ਕੋਸ਼ਿਸ਼ ਕਰਨੀ ਚਾਹੀਦੀ ਹੈ।

ਪੁਰਾਣੇ ਸਮਿਆਂ ਦੇ ਬਜ਼ੁਰਗ ਜ਼ਿੰਦਗੀ ਪ੍ਰਤੀ ਬੜੇ ਆਸਵੰਦ ਹੁੰਦੇ ਸਨ ਅਤੇ ਵੱਡੀ ਤੋਂ ਵੱਡੀ ਮੁਸ਼ਕਿਲ ਦਾ ਸਾਹਮਣਾ ਹੱਸ ਕੇ ਕਰਦੇ ਸਨ ਪਰ ਅੱਜ ਦੀ ਨੌਜਵਾਨ ਪੀੜ੍ਹੀ ਛੋਟੀ-ਛੋਟੀ ਗੱਲ 'ਤੇ ਨਿਰਾਸ਼ ਹੋ ਜਾਂਦੀ ਹੈ ਅਤੇ ਇਸ ਨਿਰਾਸ਼ਾ ਤੋਂ ਬਚਣ ਲਈ ਬਹੁਤੇ ਨੌਜਵਾਨ ਨਸ਼ਿਆਂ ਦੀ ਵਰਤੋਂ ਕਰਨ ਲੱਗ ਪੈਂਦੇ ਹਨ। ਉਹ ਇਹ ਸੋਚਦੇ ਹਨ ਕਿ ਨਸ਼ਾ ਨਿਰਾਸ਼ਾ ਵਿੱਚੋਂ ਨਿਕਲਣ ਦਾ ਢੰਗ ਹੈ ਪਰ ਨੌਜਵਾਨ ਨੂੰ ਇਹ ਗੱਲ ਸਮਝਣ ਦੀ ਲੋੜ ਹੈ ਕਿ ਨਸ਼ਾ ਕਦੇ ਵੀ ਕਿਸੇ ਵੀ ਮੁਸ਼ਕਿਲ ਦਾ ਹੱਲ ਨਹੀਂ ਹੈ।

ਕਈ ਨੌਜਵਾਨ ਜ਼ਿੰਦਗੀ ਪ੍ਰਤੀ ਇੰਨੇ ਨਿਰਾਸ਼ ਹੋ ਜਾਂਦੇ ਹਨ ਕਿ ਆਤਮ-ਹੱਤਿਆ ਤਕ ਕਰ ਲੈਂਦੇ ਹਨ। ਅਜਿਹਾ ਕਰਦੇ ਵੇਲੇ ਉਹ ਇਹ ਨਹੀਂ ਸੋਚਦੇ ਕਿ ਉਨ੍ਹਾਂ ਤੋਂ ਬਾਅਦ ਉਨ੍ਹਾਂ ਦੇ ਮਾਪਿਆਂ ਉੱਤੇ ਕੀ ਗੁਜ਼ਰੇਗੀ?

### ਨਾਕਾਮੀ ਪਿੱਛੋਂ ਮਿਲਦੀ ਹੈ ਸਫਲਤਾ

ਹਰ ਸਫਲਤਾ ਦੇ ਪਿੱਛੇ ਇਕ ਵੱਡੀ ਅਸਫਲਤਾ ਛੁਪੀ ਹੁੰਦੀ ਹੈ। ਬਿਜਲੀ ਦੇ ਬੱਲਬ ਦੀ ਖੋਜ ਕਰਨ ਵਾਲੇ ਥਾਮਸ ਐਡੀਸਨ ਨੇ ਬੱਲਬ ਦੀ ਖੋਜ ਕਰਦਿਆਂ ਲਗਪਗ ਦਸ ਹਜ਼ਾਰ ਵਾਰ ਅਸਫਲਤਾ ਦਾ ਸਾਹਮਣਾ ਕੀਤਾ ਤਾਂ ਕਿਤੇ ਜਾ ਕੇ ਉਨ੍ਹਾਂ ਨੂੰ ਕਾਮਯਾਬੀ ਮਿਲੀ। ਇਸ ਕਹਾਣੀ ਤੋਂ ਸਾਨੂੰ ਇਹ ਸਿੱਖਿਆ ਮਿਲਦੀ ਹੈ ਕਿ ਆਪਣੀਆਂ ਅਸਫਲਤਾਵਾਂ ਤੋਂ ਸਿੱਖਿਆ ਲੈ ਕੇ ਸਾਨੂੰ ਅੱਗੇ ਵਧਣਾ ਚਾਹੀਦਾ ਹੈ।

ਜੇ ਕਿਸੇ ਵੀ ਕਾਰਨ ਕਰਕੇ ਕੋਈ ਵਿਅਕਤੀ ਨਿਰਾਸ਼ ਹੈ ਤਾਂ ਉਸ ਨੂੰ ਇਕੱਲਾ ਨਹੀਂ ਛੱਡਣਾ ਚਾਹੀਦਾ ਬਲਕਿ ਆਪਣੇ ਯਾਰਾਂ-ਦੋਸਤਾਂ, ਮਾਤਾ-ਪਿਤਾ ਜਾਂ ਸਕੇ-ਸੰਬੰਧੀਆਂ ਨਾਲ ਇਸ ਸਬੰਧੀ ਗੱਲਬਾਤ ਕਰਨੀ ਚਾਹੀਦੀ ਹੈ ਤਾਂ ਜੋ ਨਿਰਾਸ਼ਾ ਵਿੱਚੋਂ ਬਾਹਰ ਨਿਕਲਿਆ ਜਾ ਸਕੇ। ਸਾਨੂੰ ਹਮੇਸ਼ਾ ਹੀ ਵਰਤਮਾਨ ਵਿਚ ਜਿਊਣ ਦੀ ਕੋਸ਼ਿਸ਼ ਕਰਨੀ ਕਰਨੀ ਚਾਹੀਦੀ ਹੈ ਅਤੇ ਬੀਤੀਆਂ ਗੱਲਾਂ ਜਿਨ੍ਹਾਂ ਨੂੰ ਦੁਨੀਆ ਦੀ ਕੋਈ ਵੀ ਸ਼ਕਤੀ ਠੀਕ ਨਹੀਂ ਕਰ ਸਕਦੀ ਯਾਦ ਕਰ ਕੇ ਨਿਰਾਸ਼ ਨਹੀਂ ਹੋਣਾ ਚਾਹੀਦਾ। ਕਿਸੇ ਵੀ ਇਨਸਾਨ ਦੀ ਤਰੱਕੀ ਵਿਚ ਸਭ ਤੋਂ ਵੱਡੀ ਰੁਕਾਵਟ ਨਿਰਾਸ਼ਾ ਹੀ ਹੈ। ਪਰਮਾਤਮਾ ਵੱਲੋਂ ਬਖ਼ਸ਼ੇ ਅਨਮੋਲ ਜੀਵਨ ਵਿਚ ਆਸਵੰਦ ਰਹਿ ਕੇ ਤਰੱਕੀ ਪ੍ਰਾਪਤ ਕੀਤੀ ਜਾ ਸਕਦੀ ਹੈ। •

---

# ਨਵੀਂ ਪੀੜ੍ਹੀ 'ਤੇ ਆਧੁਨਿਕ ਤਕਨੀਕਾਂ ਦੇ ਮਾਰੂ ਪ੍ਰਭਾਵ

• ਕੁਲਦੀਪ ਸਿੰਘ ਲੋਹਟ
9876492410

ਵਿਗਿਆਨ ਮਨੁੱਖੀ ਜ਼ਿੰਦਗੀ ਨੂੰ ਨਿੱਤ ਨਵੇਂ ਸੁੱਖ-ਅਰਾਮ ਦੇ ਰਿਹਾ ਹੈ। ਨਵੀਆਂ-ਨਵੀਆਂ ਸੁੱਖ ਸਹੂਲਤਾਂ ਰਾਹੀਂ ਸਮੁੱਚੀ ਦੁਨੀਆ ਇਕ ਪਿੰਡ ਹੀ ਬਣ ਚੁੱਕੀ ਹੈ। ਸਾਗਰਾਂ ਪਰਬਤਾਂ ਦੀਆਂ ਡੂੰਘਾਈਆਂ ਤੇ ਉਚਾਈਆਂ ਮਾਪਣ ਉਪਰੰਤ ਨਵੇਂ ਪੁਲਾੜੀ ਪਿੰਡਾਂ ਦੀਆਂ ਸਰਗਰਮੀਆਂ ਵਾਚੀਆਂ ਜਾ ਰਹੀਆਂ ਹਨ। ਆਵਾਜਾਈ ਤੇ ਸੰਚਾਰ ਸਾਧਨਾਂ ਨੇ ਦੂਰੀਆਂ ਘੱਟ ਕਰ ਦਿੱਤੀਆਂ ਹਨ। ਨਿੱਤ ਨਵੇਂ ਦਿਸਹੱਦੇ ਕਾਇਮ ਕੀਤੇ ਜਾ ਰਹੇ ਹਨ। ਕੰਪਿਊਟਰ ਸੁਪਰ ਕੰਪਿਊਟਰ ਮੋਬਾਈਲ ਆਦਿ ਸਾਧਨਾਂ ਨੇ ਦੁਨੀਆ ਸੱਚਮੁੱਚ ਹੀ ਮੁੱਠੀ ਵਿਚ ਕਰ ਦਿੱਤੀ ਹੈ। ਜਿੰਨਾ ਤਕਨੀਕੀ ਵਿਕਾਸ ਇਸ ਸਦੀ ਵਿਚ ਸੰਭਵ ਸੋਇਆ ਹੈ, ਓਨਾ ਹੁਣ ਤਕ ਦੀ ਮਨੁੱਖੀ ਸੱਭਿਅਤਾ ਦੇ ਸਮੁੱਚੇ ਵਿਕਾਸ ਅਮਲ ਵਿਚ ਨਹੀਂ ਹੋ ਸਕਿਆ। ਜਿੱਥੇ ਵਿਗਿਆਨ ਮਨੁੱਖ ਲਈ ਅਣਗਿਣਤ ਸੁੱਖ ਸਹੂਲਤਾਂ ਪੈਦਾ ਕਰ ਰਿਹਾ ਹੈ, ਉੱਥੇ ਇਹ ਬਹੁਤ ਵੱਡਾ ਸਰਾਪ ਵੀ ਬਣ ਚੁੱਕਾ ਹੈ।

ਅੱਜ ਪੜ੍ਹੇ-ਲਿਖੇ ਵਿਅਕਤੀ ਆਪਣੇ ਆਪ ਨੂੰ ਬਹੁਤ ਅਗਾਂਹਵਧੂ ਦਰਸਾਉਂਦੇ ਹਨ ਤੇ ਅਨਪੜ੍ਹਾਂ ਨੂੰ ਪੱਛੜੇ ਹੋਏ ਪਿਛਾਂਹ-ਖਿੱਚੂ ਤੇ ਮੂਰਖ ਕਹਿਣ ਤਕ ਵੀ ਚਲੇ ਜਾਂਦੇ ਹਨ। ਇਸੇ ਤਰ੍ਹਾਂ ਸ਼ਹਿਰੀ ਲੋਕ ਪੇਂਡੂ ਲੋਕਾਂ ਪ੍ਰਤੀ ਨੱਕ ਮੂੰਹ ਚੜ੍ਹਾਉਂਦੇ ਹਨ। ਅਨੇਕਾਂ ਵਾਰ ਦੇਖਣ 'ਚ ਆਉਂਦਾ ਹੈ ਕਿ ਕਿਸੇ ਦੁਰਘਟਨਾ ਸਮੇ ਘੱਟ ਪੜ੍ਹੇ ਪੇਂਡੂ ਲੋਕ ਆਪਣਾ ਆਪਾ ਵਾਰ ਕੇ ਵੀ ਸਹਾਇਤਾ ਲਈ ਨਿੱਤਰਦੇ ਹਨ, ਜਦੋਂਕਿ ਸੱਭਿਅਕ ਸਮਝੇ ਜਾਂਦੇ ਲੋਕ ਆਪਣਾ ਪੱਲਾ ਝਾੜ ਕੇ ਤੁਰ ਜਾਂਦੇ ਹਨ। ਅੱਜ ਜਦੋਂ ਵਿਗਿਆਨਕ ਤਕਨੀਕਾਂ ਨੇ ਸਾਡੀਆਂ ਨੈਤਿਕ ਕਦਰਾਂ-ਕੀਮਤਾਂ ਨੂੰ ਮਧੋਲ ਸੁੱਟਿਆ ਹੈ, ਉਸ ਸਮੇਂ ਵੀ ਪੇਂਡੂ ਖੇਤਰ ਆਪਣੀਆਂ ਸ਼ਾਨਦਾਰ ਪ੍ਰੰਪਰਾਵਾਂ ਨੂੰ ਬਚਾਈ ਬੈਠੇ ਹਨ। ਭਾਵੇਂ ਟੀਵੀ ਚੈਨਲਾਂ, ਮੀਡੀਏ ਤੇ ਮੋਬਾਈਲ ਫੋਨਾਂ ਵਰਗੀ ਭਿਆਨਕ ਤਪਦਿਕ ਨੇ ਪੇਂਡੂ ਖੇਤਰਾਂ ਦੀਆਂ ਸ਼ਾਨਦਾਰ ਰਵਾਇਤਾਂ ਦੀ ਭੰਨਤੋੜ ਕਰਨੀ ਆਰੰਭ ਕਰ ਦਿੱਤੀ ਹੋਈ ਹੈ। ਔਰਤ ਤੇ ਮਰਦ ਸ੍ਰਿਸ਼ਟੀ ਦੇ ਚਾਲਕ ਹਨ ਤੇ ਪ੍ਰਮਾਤਮਾ ਨੇ ਇਕ-ਦੂਜੇ ਪ੍ਰਤੀ ਕੁਦਰਤੀ ਖਿੱਚ ਪੈਦਾ ਕਰ ਕੇ ਜੀਵਨ ਦਾ ਅਧਾਰ ਬਣਾਇਆ ਹੈ। ਮਨੁੱਖ ਨੇ ਕਾਮ ਪ੍ਰਵਿਰਤੀ ਨੂੰ ਕਾਬੂ ਕਰਨ ਤੇ ਸੰਤੁਲਤ ਕਰਨ ਲਈ ਮਨੁੱਖੀ ਰਿਸ਼ਤਿਆਂ ਦੀ ਬਨਾਵਟ ਨੂੰ ਸੁਚੱਜੀ ਤਰਤੀਬ ਦਿੱਤੀ ਹੋਈ ਹੈ। ਇਨ੍ਹਾਂ ਕਦਰਾਂ-ਕੀਮਤਾਂ ਨੂੰ ਸਮਾਜਿਕ ਪ੍ਰਵਾਨਗੀ ਰਾਹੀਂ ਨਿਯਮਬੱਧ ਕੀਤਾ ਹੋਇਆ ਹੈ। ਜੰਗਲੀ ਜੀਵਨ ਸਮੇਂ ਤੋਂ ਹੀ ਔਰਤ-ਮਰਦ ਨੂੰ ਸਰੀਰਕ ਅੰਗਾਂ ਨੂੰ ਢਕਣ ਦਾ ਰਿਵਾਜ਼ ਪ੍ਰਚੱਲਿਤ ਹੈ ਤੇ ਨੰਗੇਜ਼ ਨੂੰ ਵਰਜਿਤ ਕੀਤਾ ਗਿਆ ਹੈ। ਹਰ ਸਮਾਜ ਨੇ ਆਪਣੇ ਆਪਣੇ ਲਿਬਾਸ ਤੇ ਪਹਿਰਾਵੇ ਨਿਰਧਾਰਤ ਕਰ ਕੇ ਅੰਗ ਪ੍ਰਦਰਸ਼ਨ ਨੂੰ ਨਿਯੰਤਰਤ ਕੀਤਾ ਹੈ।




ਔਰਤ ਤੇ ਮਰਦ ਦੀ ਬਣਤਰ ਦੇ ਅਧਾਰਤ ਔਰਤ ਨੂੰ ਨਾਜ਼ੁਕ ਤੇ ਮਰਦ ਨੂੰ ਔਰਤ ਨਾਲੋਂ ਸਖ਼ਤ ਤੇ ਬਲਵਾਨ ਸਰੀਰਕ ਦਿੱਖ ਪ੍ਰਦਾਨ ਹੈ। ਔਰਤ ਪਰਿਵਾਰ ਦੀ ਇੱਜ਼ਤ ਮੰਨੀ ਗਈ ਹੈ ਤੇ ਔਰਤ ਦੀ ਪੱਤ ਪਿੱਛੇ ਜਿੰਨਾ ਖ਼ੂਨ ਡੁੱਲਿਆ ਹੈ, ਹੋਰ ਕਿਸੇ ਮਸਲੇ 'ਤੇ ਇੰਨਾ ਖ਼ੂਨ ਨਹੀਂ ਡੁੱਲਿਆ। ਮਹਾਂਭਾਰਤ ਤੇ ਰਮਾਇਣ ਦੀਆਂ ਖ਼ੂਨੀ ਜੰਗਾਂ ਔਰਤ ਦੀ ਅਣਖ ਤੇ ਆਬਰੂ ਲਈ ਲੜੀਆਂ ਗਈਆਂ ਹਨ। ਇਸੇ ਕਰਕੇ ਔਰਤ ਨੂੰ ਪਰਦੇ 'ਚ ਰੱਖਣ ਵਾਲੀ ਵਸਤੂ ਬਣਾ ਦਿੱਤਾ ਗਿਆ ਹੈ।

ਹੁਣ ਮੋਬਾਈਲ ਫੋਨਾਂ, ਡਿਜੀਟਲ ਕੈਮਰਿਆਂ ਅਤੇ ਅਧੁਨਿਕ ਸਾਧਨਾਂ ਰਾਹੀਂ ਔਰਤ ਦੇ ਜਿਸਮ ਨੂੰ ਕੈਦ ਕਰ ਕੇ ਬਲੈਕਮੇਲਿੰਗ ਵਰਗੀਆਂ ਘਟਨਾਵਾਂ ਨੇ ਅਣਖੀਂ ਪੰਜਾਬ ਦੀਆਂ ਔਰਤਾਂ ਦੀ ਇੱਜ਼ਤ ਅਤੇ ਅਣਖ ਵੀ ਰੋਲਣੀ ਆਰੰਭ ਕਰ ਦਿੱਤੀ ਹੈ। ਨਵੀਆਂ ਗੁੱਡੀਆਂ ਨਵੇਂ ਪਟੋਲੇ ਦੇ ਸੰਕਲਪ ਅਧੀਨ ਔਰਤ ਦੀ ਆਜ਼ਾਦੀ ਸ਼ਰੇਆਮ ਗਰਲ ਫਰੈਂਡ, ਬੁਆਏਫਰੈਂਡ ਤੋਂ ਅੱਗੇ ਬਿਨਾਂ ਵਿਆਹ ਤੋਂ ਕਾਨੂੰਨੀ ਤੌਰ 'ਤੇ ਇਕੱਠੇ ਰਹਿ ਕੇ ਮੌਜ-ਮੇਲੇ ਤਕ ਜਾ ਪਹੁੰਚੀ ਹੈ। ਇਸ ਵਰਤਾਰੇ ਨਾਲ ਕਿਸ਼ੋਰ ਅਵਸਥਾ 'ਚ ਨਾਜਾਇਜ਼ ਸਬੰਧਾਂ 'ਚੋਂ ਪੈਦਾ ਹੋ ਰਹੀ ਔਲਾਦ, ਇੱਜ਼ਤ ਲਈ ਪ੍ਰੇਮੀ ਜੋੜਿਆਂ ਦੇ ਕਤਲ, ਭਰੂਣ ਹੱਤਿਆ, ਘਰੋਂ ਭੱਜ ਕੇ ਅਦਾਲਤੀ ਵਿਆਹਾਂ ਵਰਗੇ ਅਮਲ ਨੇ ਸਮਾਜਿਕ ਜੀਵਨ ਦੀ ਸਹਿਜ ਰਵਾਨੀ ਨੂੰ ਬੁਰੀ ਤਰ੍ਹਾਂ ਤੋੜ ਦਿੱਤਾ ਹੈ। ਇਸ ਤਰ੍ਹਾਂ ਵਿਗਿਆਨ ਦੇ ਇਸ ਯੁੱਗ ਵਿਚ ਆਧੁਨਿਕ ਤਕਨੀਕਾਂ ਜਿੱਥੇ ਸਾਡੇ ਸੁੱਖ-ਆਰਾਮ ਦਾ ਹਿੱਸਾ ਬਣ ਰਹੀਆਂ ਹਨ, ਉੱਥੇ ਹੀ ਇਨ੍ਹਾਂ ਰਾਹੀਂ ਸਾਡੀਆਂ ਨੈਤਿਕ ਕਦਰਾਂ-ਕੀਮਤਾਂ ਦਾ ਮਲੀਆਮੇਟ ਕਰਨ ਦੀ ਕੋਸ਼ਿਸ਼ ਵੀ ਕੀਤੀ ਜਾ ਰਹੀ ਹੈ। ਨਵੀਂ ਪੀੜ੍ਹੀ ਵਿਗਿਆਨਕ ਤਕਨੀਕਾਂ ਨੂੰ ਸਾਰਥਿਕ ਕੰਮਾਂ ਲਈ ਘੱਟ ਅਤੇ ਗੈਰ -ਸਮਾਜੀ ਕੰਮਾਂ ਲਈ ਜ਼ਿਆਦਾ ਵਰਤ ਰਹੀ ਹੈ। ਵਿਗਿਆਨਕ ਤਕਨੀਕਾਂ ਦੇ ਇਸ ਨਕਾਰਾਤਮਕ ਪ੍ਰਭਾਵ ਤੋਂ ਸਾਡੀ ਨਵੀਂ ਪੀੜ੍ਹੀ ਨੂੰ ਬਚਣ ਅਤੇ ਬਚਾਉਣ ਦੀ ਲੋੜ ਹੈ। •

---

## ਪੁਸਤਕ ਚਰਚਾ

ਆਪਣੇ ਖੇਤਰ 'ਚ ਮਾਅਰਕਾ ਮਾਰਨ ਵਾਲਿਆਂ ਜਾਂ ਹੋਰ ਮਹਾਪੁਰਖਾਂ ਦੀਆਂ ਜੀਵਨੀਆਂ ਪੰਜਾਬੀ ਸਾਹਿਤ ਦਾ ਅਮੀਰ ਵਿਰਸਾ ਹਨ। ਵਿਚਾਰ ਅਧੀਨ ਜੀਵਨੀ ਵੀ ਇਸੇ ਲੜੀ ਦਾ ਹਿੱਸਾ ਹੈ, ਜੋ ਸਰਦਾਰ ਲਾਭ ਸਿੰਘ ਦੀ ਜੰਮਣ ਭੋਇ, ਉਸ ਦੇ ਬਚਪਨ, ਜਵਾਨੀ, ਪੜ੍ਹਾਈ-ਲਿਖਾਈ ਤੇ ਉਸ ਦੇ ਖੇਡ-ਪ੍ਰੇਮ ਨੂੰ ਦਰਸਾਉਂਦੀ ਹੈ। ਉਹ ਰੂਪ ਰੰਗ ਪੱਖੋਂ ਬੇਹੱਦ ਸੋਹਣਾ-ਸੁਨੱਖਾ ਤੇ ਸਰੀਰਕ ਪੱਖੋਂ ਵੀ ਤਕੜਾ ਸੀ। ਜਿਸ ਪਿੰਡ ਦਾ ਉਹ ਜੰਮਪਲ ਹੈ, ਉੱਥੇ ਕਦੇ ਟਿੱਬੇ ਹੁੰਦੇ ਸਨ। ਉਸ ਦੇ ਚੇਤਿਆਂ 'ਚ ਅੱਜ ਵੀ ਪਿੰਡ ਦਾ ਵਾਸਾ ਹੈ ਅਤੇ ਮਿੱਟੀ ਦੀ ਮਹਿਕ ਉਸ ਦੇ ਅੰਗ-ਸੰਗ ਹੈ। ਉਸ ਨੇ ਖੇਡ ਜਗਤ ਵਿਚ ਬੇਹੱਦ ਨਾਂ ਕਮਾਇਆ ਤੇ ਫ਼ੌਜ ਦੇ ਉੱਚ ਅਹੁਦੇ ਤੋਂ ਸੇਵਾ-ਮੁਕਤ ਹੋ ਕੇ ਵੀ ਆਪਣੇ ਪਿੰਡ ਨੂੰ ਕਦੇ ਨਾ ਭੁਲਾਇਆ। ਉਸ ਨੂੰ ਆਪਣੇ ਦਾਦਾ ਬਾਪੂ ਬਖਸ਼ੀਸ਼ ਸਿੰਘ ਮਾਂ (ਬੇਬੇ) ਭਾਗਵੰਤੀ ਹੀ ਨਹੀਂ ਬਲਕਿ ਆਪਣੇ ਚਾਚੇ-ਤਾਏ, ਭੈਣ-ਭਰਾ ਤੇ ਹੋਰ ਸਕੇ-ਸਬੰਧੀਆਂ ਦੀ ਯਾਦ ਵੀ ਹਮੇਸ਼ਾ ਯਾਦ ਚਿੱਤ ਰਹਿੰਦੀ ਹੈ।

ਆਪਣੀ ਜੀਵਨ ਸਾਥਣ ਬੀਬੀ ਸੁਖਿੰਦਰਜੀਤ ਕੌਰ ਦੀ ਖ਼ੂਬਸੂਰਤੀ ਅਤੇ ਸੁੱਘੜ-ਸਿਆਣੀ ਹੋਣ ਦਾ ਵੀ ਉਸ ਨੇ ਹਰ ਦਮ ਫ਼ਖ਼ਰ ਕੀਤਾ ਹੈ। ਦੋ ਪੁੱਤਰਾਂ 'ਤੇ ਵੀ ਉਸ ਨੂੰ ਮਾਣ ਹੈ। ਉਸ ਨੂੰ ਇਕ ਯਕੀਨ ਹੈ ਕਿ ਇਨ੍ਹਾਂ ਸਾਰਿਆਂ ਦਾ ਹੀ ਉਸ ਦੀ ਸ਼ਖ਼ਸੀਅਤ ਨੂੰ ਸੰਵਾਰਨ, ਨਿਖਾਰਨ ਅਤੇ ਹੋਰ ਪ੍ਰਾਪਤੀਆਂ 'ਚ ਕਿਸੇ ਨਾ ਕਿਸੇ ਤਰ੍ਹਾਂ ਵਡਮੁੱਲਾ ਸਹਿਯੋਗ ਰਿਹਾ ਹੈ।




ਜੀਵਨੀ ਦੇ ਚਾਰ ਭਾਗ ਹਨ - ਮੁੱਢਲਾ ਜੀਵਨ, ਖੇਡ ਜੀਵਨ, ਫ਼ੌਜੀ ਜੀਵਨ ਤੇ ਰਿਟਾਇਰਡ ਜੀਵਨ। ਉਸ ਨੇ ਇਨ੍ਹਾਂ ਚਾਰਾਂ ਪੜਾਵਾਂ ਨੂੰ ਖ਼ੂਬ ਮਾਣਿਆ ਤੇ ਹੰਢਾਇਆ ਹੈ। ਲਾਭ ਸਿੰਘ ਹਮੇਸ਼ਾ ਹੀ ਆਪਣੀ ਧੁਨ ਦਾ ਪੱਕਾ ਰਿਹਾ। ਆਪਣੇ ਸਰੀਰ ਤੇ ਦਿਮਾਗ਼ ਤੋ ਰੱਜ ਕੇ ਕੰਮ ਲਿਆ। ਜਿਹੜਾ ਵੀ ਨਿਸ਼ਾਨਾ ਮਿੱਥ ਲਿਆ, ਉਸ ਨੂੰ ਦਿਲ ਜਾਨ ਲਗਾ ਕੇ ਪੂਰਾ ਕੀਤਾ। ਖੇਡ ਦਰ-ਹਕੀਕਤ ਜਿਹੜਾ ਵੀ ਵਿਅਕਤੀ ਸੱਚੇ ਮਨੋਂ ਨਿਸ਼ਠਾ ਕਰ ਲਵੇ ਤਾਂ ਉਸ ਦੇ ਰਾਹ ਦੇ ਰੋੜੇ ਵੀ ਉਸ ਨੂੰ ਰੋਕ ਨਹੀਂ ਸਕਦੇ। ਅਜਿਹੇ ਹੀ ਇਕ ਸ਼ਖ਼ਸ ਨਾਲ ਮੇਲ ਕਰਵਾਉਂਦੀ ਹੈ, ਇਹ ਬਹੁਮੁੱਲੀ ਪੁਸਤਕ। ਇਸ ਨੂੰ ਪੜ੍ਹ ਕੇ ਹਰ ਇਕ ਖੇਡ ਪ੍ਰੇਮੀ ਕੇਵਲ ਆਨੰਦ ਲਵੇਗਾ।

• ਸੁਖਮਿੰਦਰ ਸੇਖੋਂ

| | | | |
|---|---|---|---|
| ਪੁਸਤਕ | : ਬ੍ਰਿਗੇਡੀਅਰ ਲਾਭ ਸਿੰਘ ਉਲੰਪੀਅਨ (ਜੀਵਨੀ) | ਪੰਨੇ | : 264 |
| ਲੇਖਕ | : ਪ੍ਰੋ. ਗੁਰਦੇਵ ਸਿੰਘ ਚੁੰਬਰ | | |
| ਪ੍ਰਕਾਸ਼ਕ | : ਤਰਕ ਭਾਰਤੀ ਪ੍ਰਕਾਸ਼ਨ, ਬਰਨਾਲਾ। | ਮੁੱਲ | : 350/- |

ਅਸੀਂ ਆਮ ਤੌਰ 'ਤੇ ਜਿੰਨੇ ਵੀ ਸਫ਼ਰਨਾਮੇ ਪੜ੍ਹਦੇ ਹਾਂ, ਉਹ ਮਨੁੱਖ ਦੀ ਘੁਮੱਕੜ ਬਿਰਤੀ 'ਚੋਂ ਪੈਦਾ ਹੁੰਦੇ ਹਨ। ਜਦੋਂ ਮਨੁੱਖ ਕਿਸੇ ਪਰਾਈ ਧਰਤੀ ਨੂੰ ਵੇਖਣ ਦੀ ਚਾਹ ਸਦਕਾ ਉਸ ਸਥਾਨ ਵੱਲ ਖਿੱਚਿਆ ਜਾਂਦਾ ਹੈ ਤਾਂ ਆਪਣੇ ਸਫ਼ਰ ਦੀਆਂ ਔਕੜਾਂ ਦੇ ਨਾਲ-ਨਾਲ ਜਿਸ ਸਥਾਨ ਨੂੰ ਉਹ ਦੇਖਣ ਗਿਆ ਹੈ, ਉੱਥੋਂ ਦੇ ਕੁਦਰਤੀ ਨਜ਼ਾਰਿਆਂ, ਲੋਕਾਂ ਦੇ ਰਹਿਣ-ਸਹਿਣ ਅਤੇ ਆਰਥਿਕ ਵਸੀਲਿਆਂ ਦੀ ਗੱਲ ਕਰਦਾ ਹੈ ਪਰ 'ਰੋਟੀਆਂ ਕਾਰਣਿ ਪੂਰਹਿ ਤਾਲ' ਇਕ ਅਜਿਹੀ ਪੁਸਤਕ ਹੈ, ਜਿਸ ਨੂੰ ਲੇਖਕ ਨੇ 'ਹਕੀਕਤਨਾਮਾ ਪ੍ਰਦੇਸ' ਕਹਿ ਕੇ ਪਾਠਕਾਂ ਦੇ ਰੂਬਰੂ ਕੀਤਾ ਹੈ, ਜਿਸ ਵਿਚ ਸਫ਼ਰ ਤੇ ਰੁਜ਼ਗਾਰ ਦੋਵੇਂ ਹੀ ਸ਼ਾਮਿਲ ਹਨ। ਭਾਵ ਰੁਜ਼ਗਾਰ ਲਈ ਕੀਤਾ ਗਿਆ ਵਿਦੇਸ਼ੀ ਸਫ਼ਰ ਅਤੇ ਸਫ਼ਰ ਦੀਆਂ ਤੰਗੀਆਂ ਤੁਰਸ਼ੀਆਂ, ਖ਼ੁਸ਼ੀਆਂ, ਗ਼ਮੀਆਂ ਅਤੇ ਪ੍ਰਾਪਤੀਆਂ ਦਾ ਬਿਓਰਾ ਇਸ ਵਿਚਾਰ ਅਧੀਨ ਪੁਸਤਕ 'ਚ ਦਿੱਤਾ ਗਿਆ ਹੈ। ਇਸ ਤਰ੍ਹਾਂ ਇਹ ਪੁਸਤਕ ਇਕ ਤਰ੍ਹਾਂ ਨਾਲ ਸਵੈ-ਜੀਵਨੀ ਦੇ ਅੰਸ਼ ਨੂੰ ਵੀ ਆਪਣੀ ਬੁੱਕਲ ਵਿਚ ਸਮੋਈ ਬੈਠੀ ਹੈ।

ਇਸ ਵਿਚ ਲੇਖਕ ਨੇ ਆਪਣੀਆਂ ਦੋ ਵਿਦੇਸ਼ ਯਾਤਰਾਵਾਂ ਦਾ ਜ਼ਿਕਰ ਕੀਤਾ ਹੈ, ਜੋ ਉਸ ਨੇ ਰੋਜ਼ੀ-ਰੋਟੀ ਦੀ ਭਾਲ ਲਈ ਕੀਤੀਆਂ। ਇਨ੍ਹਾਂ 'ਚ ਪਹਿਲੀ ਇਰਾਨ ਦੀ ਯਾਤਰਾ ਹੈ ਅਤੇ ਦੂਜੀ ਯੂਏਈ ਦੀ। ਹਿੰਦੁਸਤਾਨ ਦੀ ਪ੍ਰਸਿੱਧ ਕੰਪਨੀ ਐੱਚਐੱਮਟੀ ਦੀ ਨੌਕਰੀ ਛੱਡਣ ਤੋਂ ਲੈ ਕੇ ਇਰਾਨ 'ਚ ਜਾਣ ਤੇ ਆਪਣੇ ਸਿਰੜ ਤੇ ਮਿਹਨਤ ਸਦਕਾ ਇਥੇ ਨਾਮਣਾ ਖੱਟਣ ਨੂੰ ਬਾਖ਼ੂਬੀ ਪੇਸ਼ ਕੀਤਾ ਹੈ। ਇਸ ਤੋਂ ਇਲਾਵਾ ਇਰਾਨ ਲੰਮੇ ਸਮੇਂ ਤੋਂ ਵਸੇ ਪੰਜਾਬੀ ਪਰਿਵਾਰਾਂ ਦੇ ਕਾਰੋਬਾਰਾਂ ਦੇ ਨਾਲ-ਨਾਲ ਇੱਥੋਂ ਦੇ ਪ੍ਰਸਿੱਧ ਸਾਹਿਤਕਾਰਾਂ ਅਤੇ ਦੇਖਣਯੋਗ ਥਾਵਾਂ ਦਾ ਵੀ ਤੱਥਾਤਮਕ ਵੇਰਵਾ ਦਿੱਤਾ ਹੈ। ਯੂ.ਏ.ਈ. ਦੇ ਲੋਕਾਂ ਦਾ ਰਹਿਣ-ਸਹਿਣ, ਕਨੂੰਨ ਪ੍ਰਬੰਧ, ਧਰਮ, ਸਮਾਜ ਬਾਰੇ ਜਾਣਕਾਰੀ ਤੋਂ ਇਲਾਵਾ ਇੱਥੇ ਆਪਣੀ ਮਿਹਨਤ ਤੇ ਸਿਰੜ ਨਾਲ ਤਰੱਕੀ ਕਰਨ ਤੇ ਧੋਖਿਆਂ ਦੇ ਬਾਵਜੂਦ ਆਪਣੇ ਪੈਰਾਂ 'ਤੇ ਖਲੋਣ ਤੇ ਸੁਖਮਈ ਜੀਵਨ ਬਤੀਤ ਕਰਨ ਬਾਰੇ ਵਿਸਤ੍ਰਿਤ ਵੇਰਵੇ ਇਸ ਪੁਸਤਕ ਵਿਚ ਦਰਜ ਹਨ।




• ਸਰਦੂਲ ਸਿੰਘ ਔਜਲਾ

| | | | |
|---|---|---|---|
| ਪੁਸਤਕ | : ਰੋਟੀਆਂ ਕਾਰਣਿ ਪੂਰਹਿ ਤਾਲ | ਪੰਨੇ | : 118 |
| ਲੇਖਕ | : ਇੰਜੀ. ਲਾਲ ਸਿੰਘ ਕਲਸੀ | | |
| ਪ੍ਰਕਾਸ਼ਕ | : ਦਿ ਪ੍ਰਿੰਟ ਐਕਸੈਲ ਸੁਮੀਤ, ਫ਼ਰੀਦਕੋਟ। | ਮੁੱਲ | : 100/- |

ਭੂਰਾ ਸਿੰਘ ਕਲੇਰ ਮੂਲ ਰੂਪ 'ਚ ਕਹਾਣੀ ਲੇਖਕ ਹੈ, ਜਿਸ ਨੇ ਦਲਿਤ ਅਤੇ ਪੱਛੜੇ ਵਰਗ ਦੇ ਜੀਵਨ ਨੂੰ ਆਪਣੇ ਬਿਰਤਾਂਤ ਦਾ ਹਿੱਸਾ ਬਣਾਇਆ ਹੈ। 'ਜੰਡਾ ਵੇ ਜੰਡੋਰਿਆ' ਉਸ ਦਾ ਪਲੇਠਾ ਨਾਵਲ ਹੈ, ਜਿਸ ਰਾਹੀਂ ਉਹ ਪੇਂਡੂ ਜੀਵਨ ਦੇ ਸਾਧਾਰਨ ਲੋਕਾਂ ਦੇ ਦੁੱਖ-ਸੁੱਖ ਅਤੇ ਪੀੜ ਦਾ ਵਰਣਨ ਕਰਦਾ ਹੈ।

ਇਸ ਨਾਵਲ ਦੇ ਦੋ ਨਾਇਕ ਹਨ ਜਾਗਰ ਅਤੇ ਲਹਿੰਬਰ। ਦੋਵੇਂ ਦਲਿਤ ਪਰਿਵਾਰਾਂ ਦੇ ਜੀਅ ਹਨ, ਜੋ ਆਪਣੀ ਆਰਥਿਕਤਾ ਨੂੰ ਸਾਵਾਂ ਰੱਖਣ ਲਈ ਦਿਨ-ਰਾਤ ਮਿਹਨਤ ਕਰਦੇ ਹਨ। ਜਾਗਰ ਦਾ ਜੀਵਨ ਚੰਗਾ ਭਲਾ ਚੱਲਦਾ ਹੈ ਪਰ ਬਿਮਾਰੀ ਕਾਰਨ ਉਹ ਆਰਥਿਕ ਤੌਰ 'ਤੇ ਵੀ ਤੇ ਸਰੀਰਕ ਤੌਰ 'ਤੇ ਵੀ ਕਮਜ਼ੋਰ ਹੋ ਜਾਂਦਾ ਹੈ, ਜਿਸ ਕਾਰਨ ਉਸ ਦੀ ਆਭਾ ਗੁਆਚ ਜਾਂਦੀ ਹੈ। ਉਸ ਦੀ ਪਤਨੀ ਪ੍ਰੀਤੋ, ਜਿਸ ਨੂੰ ਉਹ ਅੰਤਾਂ ਦਾ ਪ੍ਰੇਮ ਕਰਦਾ ਹੈ, ਆਪਣੇ ਕਿਸੇ ਰਿਸ਼ਤੇਦਾਰ ਨਾਲ ਉੱਧਲ ਜਾਂਦੀ ਹੈ। ਜਿਸ ਦੀ ਸੱਟ 'ਤੇ ਸਦਮਾ ਉਸ ਲਈ ਅਸਹਿ ਹੈ। ਪਰ ਆਪਣੇ ਕੁਝ ਸਾਥੀਆਂ ਦੀ ਸਲਾਹ ਨਾਲ ਉਹ ਕਿਸੇ ਪੀਰ ਦੀ ਗੱਦੀ ਸਥਾਪਤ ਕਰ ਕੇ ਪੁੱਛਾਂ ਦੇਣ ਲੱਗਦਾ ਹੈ ਤੇ ਆਪਣੀ ਆਰਥਿਕਤਾ ਨੂੰ ਥੰਮ੍ਹ ਲੈਂਦਾ ਹੈ ਪਰ ਫੇਰ ਵੀ ਉਹ ਪ੍ਰੀਤੋ ਦੇ ਦਰੇਗ ਵਿਚ ਆਖ਼ਿਰ ਆਪਣੀ ਜਾਨ ਵੀ ਗੁਆ ਬਹਿੰਦਾ ਹੈ

ਲਹਿੰਬਰ ਘਰ ਦੇ ਕਲੇਸ਼ ਕਾਰਨ ਆਤਮ-ਹੱਤਿਆ ਕਰਨ ਜਾਂਦਾ ਹੈ ਪਰ ਕੋਈ ਬਲਬੀਰ ਨਾਂ ਦਾ ਭਲਾ ਆਦਮੀ ਉਸ ਨੂੰ ਬਚਾ ਲੈਂਦਾ ਹੈ ਤੇ ਸਹੀ ਰਾਹ ਪਾ ਦਿੰਦਾ ਹੈ। ਉਸ ਨੂੰ ਪੜ੍ਹਨ ਦੀ ਚੇਟਕ ਲਾ ਦਿੰਦਾ ਹੈ ਤੇ ਕਵਿਤਾ ਲਿਖਣ ਲਈ ਪ੍ਰੇਰਦਾ ਹੈ। ਮਜ਼ਦੂਰੀ ਦਾ ਕਿੱਤਾ ਸ਼ੁਰੂ ਕਰਵਾ ਕੇ ਉਹ ਉਸ ਦੀ ਆਰਥਿਕਤਾ ਨੂੰ ਮਜ਼ਬੂਤ ਕਰਦਾ ਹੈ। ਖੱਬੇ ਪੱਖੀ ਲੋਕਾਂ ਦੀ ਸੰਗਤ 'ਚ ਆ ਕੇ ਉਹ ਸਕੂਲ ਵਿਚ ਮਾਲੀ ਦੀ ਪੱਕੀ ਨੌਕਰੀ ਕਰਨ ਲੱਗਦਾ ਹੈ। ਇਹ ਨਾਵਲ ਸਾਧਾਰਨ ਪਾਤਰਾਂ ਦੀ ਸਧਾਰਨਤਾ ਦਾ ਪ੍ਰਗਟਾਵਾ ਕਰਦਿਆਂ ਸਬਰ ਸੰਤੋਖ ਤੇ ਮਿਹਨਤ ਵੱਲ ਪ੍ਰੇਰਦਾ ਹੈ। ਸਰਲ ਭਾਸ਼ਾ ਵਿਚ ਰਚਿਆ ਬਿਰਤਾਂਤ ਸਹਿਜ ਤੇ ਸੁਹਜ ਨਾਲ ਅਗਾਂਹ ਤੁਰਦਾ ਜਾਂਦਾ ਹੈ।




• ਕੇ. ਐੱਲ. ਗਰਗ

| | | | |
|---|---|---|---|
| ਪੁਸਤਕ | : ਜੰਡਾ ਵੇ ਜੰਡੋਰਿਆ | ਪੰਨੇ | : 120 |
| ਲੇਖਕ | : ਭੂਰਾ ਸਿੰਘ ਕਲੇਰ, 98726-39669 | ਮੁੱਲ | : 200/- |
| ਪ੍ਰਕਾਸ਼ਕ | : ਲੋਕਰੰਗ ਪ੍ਰਕਾਸ਼ਨ, ਬਰਨਾਲਾ। | | |

ਪੁਸਤਕ ਦਾ ਲੇਖਕ ਮੁੱਖ ਤੌਰ 'ਤੇ ਗੀਤਕਾਰ ਹੈ। ਉਸ ਦੀਆਂ ਗੀਤਾਂ ਦੀਆਂ ਗਿਆਰਾਂ ਪੁਸਤਕਾਂ ਤੇ ਇਕ ਕਾਵਿ ਸੰਗ੍ਰਹਿ ਛਪ ਚੁੱਕੇ ਹਨ। ਇਸ ਨਵ-ਪ੍ਰਕਾਸ਼ਿਤ ਪੁਸਤਕ 'ਚ ਇਕਾਹਠ ਗ਼ਜ਼ਲਾਂ ਤੇ ਇਕ ਦਰਜਨ ਰੁਬਾਈਆਂ ਸ਼ਾਮਲ ਹਨ। ਗੁਰਭਜਨ ਗਿੱਲ ਨੇ ਸ਼ਾਇਰ ਨੂੰ ਚੌਗਿਰਦੇ ਦਾ ਚਿੰਤਕ ਲਿਖਿਆ ਹੈ। ਮਾਨਵਤਾ ਉਸ ਦੀ ਰਚਨਾ ਦਾ ਕੇਂਦਰ ਬਿੰਦੂ ਹੈ। ਲੁਕਾਈ ਦਾ ਦਰਦ, ਸ਼ਿਕਵੇ ਸ਼ਿਕਾਇਤਾਂ, ਰੀਝਾਂ, ਚਾਅ, ਉਦਰੇਵੇਂ, ਹਾਉਂਕੇ ਹਾਵੇ ਦੇ ਪ੍ਰਭਾਵਾਂ ਵਾਲਾ ਸ਼ਾਇਰ ਕਿਹਾ ਹੈ। ਸੰਪਾਦਕ ਸੁਲੇਖ ਸਾਥੀ ਨੇ ਸ਼ਾਇਰੀ ਦੇ ਆਧਾਰ 'ਤੇ ਕਵੀ ਮਾਣਕ ਨੂੰ ਮਾਨਵਤਾ ਦਾ ਕਵੀ ਮੰਨਿਆ ਹੈ। ਆਸ਼ੀ ਈਸਪੁਰੀ ਤੇ ਪ੍ਰਸਿੱਧ ਆਲੋਚਕ ਬਿਕਰਮਜੀਤ ਨੂਰ ਨੇ ਸ਼ਾਇਰ ਬਾਰੇ ਸੰਜੀਦਾ ਵਿਚਾਰ ਪੇਸ਼ ਕੀਤੇ ਹਨ। ਉਸਤਾਦ ਸ਼ਾਇਰ ਵਿਜੇ ਵਿਵੇਕ ਨੇ ਪੁਸਤਕ ਟਾਈਟਲ ਤੇ ਸ਼ਾਇਰੀ ਬਾਰੇ ਚਿੰਤਨਸ਼ੀਲ ਵਿਚਾਰ ਲਿਖੇ ਹਨ। ਸ਼ਾਇਰ ਦਾ ਪਰਿਵਾਰ ਵੀ ਸਿਰਜਨਾਤਮਕ ਰੁਚੀਆਂ ਵਾਲਾ ਹੈ। ਉਸ ਦਾ ਵੀਰ ਬਚਿੱਤਰ ਪਾਰਸ ਉੱਘਾ ਗੀਤਕਾਰ ਹੈ। ਸਾਹਿਤ ਸਭਾ ਧੂਰੀ ਦੇ ਸੰਜੇ ਲਹਿਰੀ ਦੇ ਸ਼ਬਦਾਂ 'ਚ ਕਵੀ ਚਾਨਣ ਦਾ ਵਣਜਾਰਾ ਹੈ, ਜੋ ਸ਼ਬਦਾਂ ਦਾ ਸੁਹਜ ਵੰਡਦਾ ਹੈ।

ਗ਼ਜ਼ਲਾਂ ਦੇ ਸ਼ਿਅਰ ਮਨੁੱਖੀ ਸੰਵੇਦਨਾ ਦੀ ਗਵਾਹੀ ਹਨ। ਪੰਨਾ 22 ਦੀ ਗ਼ਜ਼ਲ ਤੋਂ ਕਿਤਾਬ ਦੇ ਸਿਰਲੇਖ ਦਾ ਸ਼ਿਅਰ ਹੈ, 'ਨਹੀਂ ਰਾਤ ਨੂੰ ਵੀ ਸੌਂਦੇ ਪ੍ਰੀਤਾਂ ਦੇ ਗੀਤ ਗਾਉਂਦੇ, ਚਹਿਕਣ ਸੁਭ੍ਹਾ ਸਵੇਰੇ ਅਹਿਸਾਸ ਦੇ ਪਰਿੰਦੇ। ਅਲੰਕਾਰਾਂ ਦੀ ਖ਼ੂਬਸੂਰਤੀ, ਕੁਦਰਤੀ ਨਜ਼ਾਰੇ, ਸੁਹਜਮਈ ਪ੍ਰਤੀਕ, ਪਿਆਰੇ ਅਹਿਸਾਸ ਸੁਹਜਮਈ ਬਿੰਬ ਗ਼ਜ਼ਲਾਂ ਦੀ ਸ਼ਾਨ ਹਨ।

ਗ਼ਜ਼ਲਾਂ ਵਿਚ ਸ਼ਾਇਰ ਨੇ ਸੇਵਾ, ਪਰਉਪਕਾਰ, ਸੱਚਾਈ, ਅਮੀਰੀ, ਗ਼ਰੀਬੀ, ਸਾਦਗੀ ਮੁਹੱਬਤ, ਸੁੱਖ-ਦੁੱਖ ਰਿਸ਼ਤਿਆਂ ਦੀ ਪਾਕੀਜ਼ਗੀ, ਮਹਿੰਗਾਈ ਰਿਸ਼ਵਤਖੋਰੀ, ਦੋਸਤੀ ਦੁਸ਼ਮਣੀ, ਵਿਗਿਆਨਕ ਯੁੱਗ ਵਿਚ ਵੀ ਅਗਿਆਨਤਾ ਦਾ ਹਨੇਰਾ ਆਦਿ ਵਿਸ਼ੇ ਨਿਭਾਏ ਹਨ। ਰੁਬਾਈ ਦਾ ਰੰਗ ਵੇਖੋ -ਨਾ ਘੁਗੀਆਂ ਤੋਂ ਖ਼ਤਰਾ ਨਾ ਕਾਵਾਂ ਤੋਂ ਖ਼ਤਰਾ/ਨਾ ਧੁਪਾਂ ਤੋਂ ਖ਼ਤਰਾ, ਨਾ ਛਾਵਾਂ ਤੋਂ ਖ਼ਤਰਾ/.ਖ਼ਤਰਾ ਹੈ ਮਨੁੱਖਤਾ ਨੂੰ ਮਾਣਕ ਉਹ ਸੱਤਾ ਦੇ ਹੀ ਭੁੱਖੇ ਨੇਤਾਵਾਂ ਤੋਂ ਖ਼ਤਰਾ (ਪੰਨਾ 87) ਪੰਜਾਬੀ ਗ਼ਜ਼ਲਕਾਰੀ ਵਿਚ ਪੁਸਤਕ ਮਹਤੱਵਪੂਰਨ ਸੌਗਾਤ ਹੈ।




• ਪ੍ਰਿੰ. ਗੁਰਮੀਤ ਸਿੰਘ ਫਾਜ਼ਿਲਕਾ

| | | | |
|---|---|---|---|
| ਪੁਸਤਕ | : ਅਹਿਸਾਸ ਦੇ ਪਰਿੰਦੇ | ਪੰਨੇ | : 98 |
| ਲੇਖਕ | : ਬਿੱਕਰ ਮਾਣਕ | ਮੁੱਲ | : 200/- |
| ਪ੍ਰਕਾਸ਼ਕ | : ਸਪਤਰਿਸ਼ੀ ਪਬਲੀਕੇਸ਼ਨਜ਼, ਚੰਡੀਗੜ੍ਹ। | | |

# ਐਨਡੀਏ ਇਤਿਹਾਸਕ ਜਿੱਤ ਵੱਲ ਵਧਿਆ ਅੰਕੜਾ 208 ਤੋਂ ਪਾਰ; ਮਹਾਂਗਠਜੋੜ ਬੁਰੀ ਤਰ੍ਹਾਂ ਪਛੜਿਆ

**ਪਟਨਾ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਿਹਾਰ ਵਿਚ ਕੌਮੀ ਜਮੂਹਰੀ ਗੱਠਜੋੜ (NDA) ਦੋ ਤਿਹਾਈ ਬਹੁਮਤ ਨਾਲ ਇਤਿਹਾਸਕ ਜਿੱਤ ਵੱਲ ਵਧ ਰਿਹਾ ਹੈ। ਸ਼ੁਰੂਆਤੀ ਰੁਝਾਨਾਂ ਅਨੁਸਾਰ ਸੱਤਾਧਾਰੀ ਐਨਡੀਏ 208 ਸੀਟਾਂ ਉੱਤੇ ਅਤੇ ਮਹਾਗੱਠਬੰਧਨ ਦੇ ਉਮੀਦਵਾਰ 27 ਸੀਟਾਂ 'ਤੇ ਅੱਗੇ ਹਨ। ਭਾਜਪਾ, ਜਿਸ ਨੇ 101 ਸੀਟਾਂ 'ਤੇ ਆਪਣੇ ਉਮੀਦਵਾਰ ਖੜ੍ਹੇ ਕੀਤੇ ਸਨ, 95 ਸੀਟਾਂ 'ਤੇ ਲੀਡ ਬਣਾ ਕੇ ਸਭ ਤੋਂ ਵੱਡੀ ਪਾਰਟੀ ਵਜੋਂ ਉਭਰੀ ਹੈ। ਮੁੱਖ ਮੰਤਰੀ ਨਿਤੀਸ਼ ਕੁਮਾਰ ਦੀ ਅਗਵਾਈ ਵਾਲੀ ਜੇਡੀਯੂ ਦੇ ਉਮੀਦਵਾਰ 84 ਸੀਟਾਂ 'ਤੇ ਅੱਗੇ ਹਨ ਤੇ ਇਕ ਸੀਟ ਜਿਤ ਲਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਐਨਡੀਏ ਪਰਿਵਾਰ ਦੇ ਮੈਂਬਰਾਂ ਚਿਰਾਗ ਪਾਸਵਾਨ, ਜੀਤਨ ਰਾਮ ਮਾਂਝੀ ਅਤੇ ਉਪੇਂਦਰ ਕੁਸ਼ਵਾਹਾ ਨੂੰ ਬਿਹਾਰ ਚੋਣਾਂ ਵਿੱਚ ਜਿੱਤ ਲਈ ਵਧਾਈ ਦਿੰਦਿਆਂ ਧੰਨਵਾਦ ਕੀਤਾ। ਸ੍ਰੀ ਮੋਦੀ ਨੇ ਕਿਹਾ ਕਿ ਇਹ ਜਿੱਤ ਲੋਕਾਂ ਦੀ ਜਿੱਤ ਹੈ।

ਚੋਣ ਕਮਿਸ਼ਨ ਦੀ ਵੈੱਬਸਾਈਟ 'ਤੇ ਉਪਲਬਧ ਜਾਣਕਾਰੀ ਮੁਤਾਬਕ ਜਨਤਾ ਦਲ (ਯੂਨਾਈਟਿਡ) ਦੇ ਉਮੀਦਵਾਰ 81 ਸੀਟਾਂ 'ਤੇ ਅੱਗੇ ਚੱਲ ਰਹੇ ਹਨ ਜਦੋਂਕਿ ਐਨਡੀਏ ਦੀ ਅਹਿਮ ਭਾਈਵਾਲ ਭਾਜਪਾ 91 ਸੀਟਾਂ 'ਤੇ ਅੱਗੇ ਹੈ। ਮਹਾਂਗੱਠਜੋੜ ਦੀ ਗੱਲ ਕਰੀਏ ਤਾਂ ਰਾਸ਼ਟਰੀ ਜਨਤਾ ਦਲ (RJD) ਨੇ 24 ਸੀਟਾਂ 'ਤੇ ਬੜਤ ਬਣਾਈ ਹੋਈ ਹੈ। ਲੋਕ ਜਨ ਸ਼ਕਤੀ ਪਾਰਟੀ (ਰਾਮ ਵਿਲਾਸ) 19, ਏਆਈਐੱਮਆਈਐੱਮ ਤੇ ਐੱਚਏਐੱਮ 6-5, ਕਾਂਗਰਸ ਇਕ , ਸੀਪੀਆਈ ਐੱਮਐੱਲ 2 ਤੇ ਰਾਸ਼ਟਰੀ ਲੋਕ ਮੋਰਚਾ 4 ਅਤੇ ਸੀਪੀਆਈ ਐੱਮ ਤੇ ਬਸਪਾ ਇਕ ਇਕ ਸੀਟ 'ਤੇ ਅੱਗੇ ਹਨ।

ਆਰਜੇਡੀ ਆਗੂ ਤੇ ਮਹਾਂਗੱਠਜੋੜ ਦੇ ਮੁੱਖ ਮੰਤਰੀ ਚਿਹਰੇ ਤੇਜਸਵੀ ਯਾਦਵ ਰਾਘੋਪੁਰ ਸੀਟ ਤੋਂ ਪਿੱਛੇ ਚੱਲ ਰਹੇ ਸਨ ਪਰ ਉਨ੍ਹਾਂ 22 ਗੇੜ ਤੋਂ ਬਾਅਦ ਲੀਡ ਹਾਸਲ ਕਰ ਲਈ ਹੈ। ਉਹ ਇਸ ਸੀਟ ਤੋਂ ਭਾਜਪਾ ਉਮੀਦਵਾਰ ਸਤੀਸ਼ ਕੁਮਾਰ ਤੋਂ 8523 ਵੋਟਾਂ ਨਾਲ ਅੱਗੇ ਹਨ।

ਮਹੂਆ ਤੋਂ ਜਨਸ਼ਕਤੀ ਜਨਤਾ ਦਲ (ਜੇਜੇਪੀ) ਦੇ ਤੇਜ ਪ੍ਰਤਾਪ ਸਿੰਘ 17ਵੇਂ ਗੇੜ ਦੀ ਗਿਣਤੀ ਮਗਰੋਂ 35613 ਵੋਟਾਂ ਦੇ ਵੱਡੇ ਫ਼ਰਕ ਨਾਲ ਤੀਜੇ ਸਥਾਨ 'ਤੇ ਹਨ।



ਬਿਹਾਰ ਚੋਣਾਂ ਵਿਚ ਕੌਮੀ ਜਮਹੂਰੀ ਗੱਠਜੋੜ ਦੇ ਵੱਡੀ ਜਿੱਤ ਵੱਲ ਵਧਣ ਦਰਮਿਆਨ ਜੇਡੀਯੂ ਵਰਕਰਾਂ ਨੇ ਪਟਨਾਂ ਸਥਿਤ ਪਾਰਟੀ ਹੈੱਡਕੁਆਰਟਰ ਵਿਚ ਪਟਾਕੇ ਚਲਾ ਕੇ ਜਸ਼ਨ ਮਨਾਇਆ।

ਚੋਣ ਕਮਿਸ਼ਨ ਨੇ ਵੋਟਾਂ ਦੀ ਗਣਤੀ ਲਈ ਬਿਹਾਰ ਦੇ ਸਾਰੇ 243 ਵਿਧਾਨ ਸਭਾ ਹਲਕਿਆਂ 'ਚ ਪੁਖ਼ਤਾ ਪ੍ਰਬੰਧ ਕੀਤੇ ਹਨ। ਸੂਬੇ 'ਚ ਵੋਟ ਗਿਣਤੀ ਨਿਗਰਾਨਾਂ ਤੇ ਉਮੀਦਵਾਰਾਂ ਜਾਂ ਉਨ੍ਹਾਂ ਦੇ ਏਜੰਟਾਂ ਦੀ ਹਾਜ਼ਰੀ 'ਚ ਚੋਣ ਅਧਿਕਾਰੀ ਵੋਟਾਂ ਦੀ ਗਿਣਤੀ ਕਰਨਗੇ। ਕਮਿਸ਼ਨ ਨੇ ਮੀਡੀਆ ਨੂੰ ਸਿਰਫ਼ ਅਧਿਕਾਰਤ ਚੋਣ ਨਤੀਜਿਆਂ 'ਤੇ ਹੀ ਇਤਬਾਰ ਕਰਨ ਦੀ ਸਲਾਹ ਦਿੱਤੀ ਹੈ।

ਕਮਿਸ਼ਨ ਨੇ ਕਿਹਾ ਕਿ ਹਰ ਟੇਬਲ 'ਤੇ ਵੋਟ ਗਿਣਤੀ ਨਿਗਰਾਨ, ਵੋਟ ਗਿਣਤੀ ਸਹਾਇਕ ਤੇ 'ਮਾਈਕਰੋ-ਅਬਜ਼ਰਵਰ' ਨਾਲ 4,372 ਵੋਟ ਗਿਣਤੀ ਕਾਊਂਟਰ ਲਾਏ ਗਏ ਹਨ। ਉਮੀਦਵਾਰਾਂ ਦੇ ਲਾਏ 18 ਹਜ਼ਾਰ ਤੋਂ ਵੱਧ ਏਜੰਟ ਵੋਟਾਂ ਦੀ ਗਿਣਤੀ ਪ੍ਰਕਿਰਿਆ ਦੀ ਨਿਗਰਾਨੀ ਕਰਨਗੇ। ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਸਟਲ ਬੈਲੇਟ ਦੀ ਗਿਣਤੀ ਸਭ ਤੋਂ ਪਹਿਲਾਂ ਸ਼ੁਰੂ ਹੋਵੇਗੀ। ਇਸ ਮਗਰੋਂ ਸਵੇਰੇ 8.30 ਵਜੇ ਈ ਵੀ ਐੱਮ 'ਚ ਦਰਜ ਵੋਟਾਂ ਦੀ ਗਿਣਤੀ ਸ਼ੁਰੂ ਹੋਵੇਗੀ।

**ਮੋਦੀ ਵੱਲੋਂ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਐਨਡੀਏ ਮੈਂਬਰਾਂ ਦਾ ਧੰਨਵਾਦ**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਐਨਡੀਏ ਪਰਿਵਾਰ ਦੇ ਮੈਂਬਰਾਂ ਚਿਰਾਗ ਪਾਸਵਾਨ, ਜੀਤਨ ਰਾਮ ਮਾਂਝੀ ਅਤੇ ਉਪੇਂਦਰ ਕੁਸ਼ਵਾਹਾ ਨੂੰ ਬਿਹਾਰ ਚੋਣਾਂ ਵਿੱਚ ਜਿੱਤ ਲਈ ਵਧਾਈ ਦਿੰਦਿਆਂ ਧੰਨਵਾਦ ਕੀਤਾ। ਪੀ.ਟੀ.ਆਈ

**ਭਾਜਪਾ ਨੇ 16 ਸੀਟਾਂ ਜਿੱਤੀਆਂ; 75 ਸੀਟਾਂ 'ਤੇ ਅੱਗੇ**

ਭਾਰਤੀ ਜਨਤਾ ਪਾਰਟੀ (ਭਾਜਪਾ) ਨੇ 16 ਸੀਟਾਂ ਜਿੱਤ ਲਈਆਂ ਹਨ ਤੇ ਇਹ ਪਾਰਟੀ 75 ਸੀਟਾਂ 'ਤੇ ਅੱਗੇ ਚਲ ਰਹੀ ਹੈ। ਦੂਜੇ ਪਾਸੇ ਜਨਤਾ ਦਲ (ਯੂਨਾਈਟਿਡ) - ਨੇ 10 ਸੀਟਾਂ ਜਿੱਤ ਲਈਆਂ ਹਨ ਤੇ ਇਹ 74 ਸੀਟਾਂ 'ਤੇ ਅੱਗੇ ਚਲ ਰਹੀ ਹੈ। ਰਾਸ਼ਟਰੀ ਜਨਤਾ ਦਲ - ਆਰਜੇਡੀ ਨੇ 4 ਸੀਟਾਂ ਜਿੱਤ ਲਈਆਂ ਹਨ ਤੇ ਇਹ 21 ਸੀਟਾਂ 'ਤੇ ਅੱਗੇ ਚਲ ਰਹੀ ਹੈ। ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) 1 ਸੀਟ ਜਿੱਤ ਲਈ ਹੈ ਤੇ ਇਹ 19 ਸੀਟਾਂ 'ਤੇ ਅੱਗੇ ਚਲ ਰਹੀ ਹੈ। ਦੂਜੇ ਪਾਸੇ ਕਾਂਗਰਸ ਨੇ ਇਕ ਸੀਟ ਜਿਤ ਲਈ ਹੈ ਤੇ ਇਹ ਚਾਰ ਸੀਟਾਂ 'ਤੇ ਅੱਗੇ ਚਲ ਰਹੀ ਹੈ। ਆਲ ਇੰਡੀਆ ਮਜਲਿਸ-ਏ-ਇਤੇਹਾਦੁਲ ਮੁਸਲਿਮੀਨ - ਏਆਈਐਮਆਈਐਮ ਦੋ ਸੀਟਾਂ ਜਿੱਤ ਚੁੱਕੀ ਹੈ ਤੇ ਤਿੰਨ ਸੀਟਾਂ 'ਤੇ ਅੱਗੇ ਚਲ ਰਹੀ ਹੈ। ਹਿੰਦੁਸਤਾਨੀ ਅਵਾਮ ਮੋਰਚਾ (ਸੈਕੂਲਰ) - ਐਚ ਏ ਐਮ ਐਸ ਇਕ ਸੀਟ ਜਿੱਤ ਚੁੱਕਿਆ ਹੈ ਤੇ ਚਾਰ ਸੀਟਾਂ 'ਤੇ ਅੱਗੇ ਚਲ ਰਿਹਾ ਹੈ। ਰਾਸ਼ਟਰੀ ਲੋਕ ਮੋਰਚਾ ਨੇ ਕੋਈ ਵੀ ਸੀਟ ਨਹੀਂ ਜਿੱਤੀ ਤੇ ਇਹ ਚਾਰ ਸੀਟਾਂ 'ਤੇ ਅੱਗੇ ਚਲ ਰਿਹਾ ਹੈ।

**ਐਨਡੀਏ ਸਰਕਾਰ ਦੇ ਕੰਮਾਂ ਦੇ ਆਧਾਰ 'ਤੇ ਬਿਹਾਰ ਵਾਸੀਆਂ ਨੇ ਫਤਵਾ ਦਿੱਤਾ: ਸ਼ਾਹ**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਕਿਹਾ ਕਿ ਬਿਹਾਰ ਵਿੱਚ ਐਨਡੀਏ ਨੂੰ ਮਿਲੀ ਵੱਡੀ ਲੀਡ ਦੇਸ਼ ਦੇ ਵਿਕਾਸ, ਔਰਤਾਂ ਦੀ ਸੁਰੱਖਿਆ, ਸੁਸ਼ਾਸਨ ਅਤੇ ਗਰੀਬਾਂ ਦੀ ਭਲਾਈ ਲਈ ਐਨ ਡੀ ਏ ਸਰਕਾਰ ਵਲੋਂ ਕੀਤੇ ਕੰਮਾਂ ਦਾ ਨਤੀਜਾ ਹੈ ਤੇ ਲੋਕਾਂ ਨੇ ਇਸ ਸਰਕਾਰ 'ਤੇ ਵਿਸ਼ਵਾਸ ਜਤਾਇਆ ਹੈ। ਸ਼ਾਹ ਨੇ ਐਕਸ 'ਤੇ ਪੋਸਟ ਪਾ ਕੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬਿਹਾਰ ਲਈ ਪੂਰੇ ਦਿਲ ਨਾਲ ਕੰਮ ਕੀਤਾ ਹੈ ਅਤੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਰਾਜ ਨੂੰ ਜੰਗਲ ਰਾਜ ਵਿਚੋਂ ਕੱਢਿਆ ਹੈ। ਐਨਡੀਏ ਬਿਹਾਰ ਵਿਧਾਨ ਸਭਾ ਚੋਣਾਂ ਵਿੱਚ ਹੂੰਝਾ ਫੇਰਨ ਲਈ ਤਿਆਰ ਹੈ, ਉਹ 243 ਸੀਟਾਂ ਵਿੱਚੋਂ 200 ਦੇ ਕਰੀਬ 'ਤੇ ਅੱਗੇ ਚਲ ਰਿਹਾ ਹੈ। ਇਸ ਚੋਣ ਵਿਚ ਭਾਜਪਾ ਸਭ ਤੋਂ ਵੱਡੀ ਪਾਰਟੀ ਵਜੋਂ ਉਭਰੀ ਹੈ। ਦੂਜੇ ਪਾਸੇ ਮਹਾਂਗਠਜੋਡ ? ਜਿਸ ਵਿੱਚ ਆਰਜੇਡੀ, ਕਾਂਗਰਸ ਅਤੇ ਤਿੰਨ ਖੱਬੇ ਪੱਖੀ ਪਾਰਟੀਆਂ ਸ਼ਾਮਲ ਹਨ, 35 ਸੀਟਾਂ ਦੇ ਅੰਕੜੇ ਨੂੰ ਪਾਰ ਕਰਨ ਲਈ ਸੰਘਰਸ਼ ਕਰ ਰਿਹਾ ਹੈ। ਸ਼ਾਹ ਨੇ ਕਿਹਾ, 'ਬਿਹਾਰ ਭੂਮੀ ਦੇ ਲੋਕਾਂ ਨੂੰ ਦਿਲੋਂ ਸਲਾਮ, ਗਿਆਨ, ਸਖ਼ਤ ਮਿਹਨਤ ਅਤੇ ਲੋਕਤੰਤਰ ਦੇ ਰੱਖਿਅਕ,÷ ਸ਼ਾਹ ਨੇ ਕਿਹਾ। ਉਨ੍ਹਾਂ ਕਿਹਾ ਕਿ ਬਿਹਾਰ ਦੇ ਲੋਕਾਂ ਵੱਲੋਂ ਪਾਈ ਗਈ ਹਰ ਵੋਟ ਭਾਰਤ ਦੀ ਸੁਰੱਖਿਆ ਲਈ ਖ਼ਤਰਾ ਪੈਦਾ ਕਰਨ ਵਾਲੇ ਘੁਸਪੈਠੀਆਂ ਵਿਰੁੱਧ ਮੋਦੀ ਸਰਕਾਰ ਦੀ ਨੀਤੀ ਵਿੱਚ ਵਿਸ਼ਵਾਸ ਦਾ ਪ੍ਰਤੀਕ ਹੈ।



**ਪ੍ਰਸ਼ਾਂਤ ਕਿਸ਼ੋਰ ਦੀ ਜਨ ਸੁਰਾਜ ਪਾਰਟੀ ਦਾ ਖਾਤਾ ਨਹੀਂ ਖੁੱਲ੍ਹਿਆ**

ਬਿਹਾਰ ਚੋਣਾਂ ਵਿੱਚ ਪ੍ਰਸ਼ਾਂਤ ਕਿਸ਼ੋਰ ਦੀ ਜਨ ਸੁਰਾਜ ਪਾਰਟੀ (ਜੇ.ਐਸ.ਪੀ.) 243 ਮੈਂਬਰੀ ਵਿਧਾਨ ਸਭਾ ਵਿੱਚ ਆਪਣਾ ਖਾਤਾ ਨਹੀਂ ਖੋਲ੍ਹ ਸਕੀ। ਚੋਣ ਕਮਿਸ਼ਨ ਅਨੁਸਾਰ ਜ਼ਿਆਦਾਤਰ ਜੇ.ਐਸ.ਪੀ. ਉਮੀਦਵਾਰਾਂ ਨੇ ਕੁੱਲ ਵੋਟਾਂ ਵਿਚੋਂ 10 ਫੀਸਦੀ ਤੋਂ ਘੱਟ ਵੋਟਾਂ ਹਾਸਲ ਕੀਤੀਆਂ ਹਨ। ਉਨ੍ਹਾਂ ਬੇਰੁਜ਼ਗਾਰੀ, ਪਰਵਾਸ ਅਤੇ ਉਦਯੋਗਾਂ ਦੀ ਘਾਟ ਵਰਗੇ ਮੁੱਦਿਆਂ ਚੁੱਕੇ। ਇਸ ਦੇ ਬਾਵਜੂਦ ਉਨ੍ਹਾਂ ਨੂੰ ਬਹੁਤ ਘੱਟ ਵੋਟਾਂ ਮਿਲੀਆਂ। ਕਮਿਸ਼ਨ ਦੇ ਅੰਕੜਿਆਂ ਅਨੁਸਾਰ 238 ਹਲਕਿਆਂ ਵਿੱਚ ਜੇ.ਐਸ.ਪੀ. ਦੇ ਜ਼ਿਆਦਾਤਰ ਉਮੀਦਵਾਰਾਂ ਦੀ ਜ਼ਮਾਨਤ ਰਾਸ਼ੀ ਜ਼ਬਤ ਹੋ ਜਾਵੇਗੀ। ਨਿਯਮਾਂ ਅਨੁਸਾਰ ਉਮੀਦਵਾਰਾਂ ਨੂੰ ਆਪਣੀ ਸੁਰੱਖਿਆ ਜਮ੍ਹਾਂ ਰਾਸ਼ੀ ਪ੍ਰਾਪਤ ਕਰਨ ਲਈ ਕੁੱਲ ਵੋਟਾਂ ਦਾ ਘੱਟੋ-ਘੱਟ ਛੇਵਾਂ ਹਿੱਸਾ ਪ੍ਰਾਪਤ ਕਰਨਾ ਚਾਹੀਦਾ ਹੈ।

**ਦਿੱਲੀ ਵਿਚ ਭਾਜਪਾ ਹੈੱਡਕੁਆਰਟਰ ਉੱਤੇ ਵੀ ਜਿੱਤ ਦੇ ਜਸ਼ਨ ਸ਼ੁਰੂ**

ਦਿੱਲੀ ਵਿਚ ਵੀ ਭਾਜਪਾ ਹੈੱਡਕੁਆਰਟਰ 'ਤੇ ਵੀ ਜਿੱਤ ਦੇ ਜਸ਼ਨ ਸ਼ੁਰੂ ਹੋ ਗਏ ਹਨ। ਪਾਰਟੀ ਵਰਕਰਾਂ ਨੇ ਬਿਹਾਰ ਚੋਣਾਂ ਵਿਚ ਮਿਲੀ ਸ਼ਾਨਦਾਰ ਜਿੱਤ ਦਾ ਲੱਡੂ ਵੰਡ ਕੇ ਜਸ਼ਨ ਮਨਾਇਆ।

# 'ਆਪ' ਸਾਖ਼ ਬਚਾਉਣ ਵਿਚ ਸਫ਼ਲ; ਹਰਮੀਤ ਸਿੰਘ ਸੰਧੂ 12091 ਵੋਟਾਂ ਨਾਲ ਜੇਤੂ

**➢ ਸ਼੍ਰੋਮਣੀ ਅਕਾਲੀ ਦਲ ਆਪਣੀ ਸਾਖ਼ ਬਚਾਉਣ 'ਚ ਰਹੀ ਕਾਮਯਾਬ ➢ ਕਾਂਗਰਸ ਤੇ ਭਾਜਪਾ ਦੀ ਜ਼ਮਾਨਤ ਹੋਈ ਜ਼ਬਤ**

**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

'ਆਪ' ਉਮੀਦਦਾਰ ਹਰਮੀਤ ਸਿੰਘ ਸੰਧੂ ਨੇ ਤਰਨ ਤਾਰਨ ਹਲਕੇ ਦੀ ਜ਼ਿਮਨੀ ਚੋਣ ਜਿੱਤ ਲਈ ਹੈ। ਸੱਤਾਧਾਰੀ ਪਾਰਟੀ ਦੇ ਉਮੀਦਵਾਰ ਨੂੰ 42649 ਵੋਟਾਂ ਪਈਆਂ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੀ ਸੁਖਵਿੰਦਰ ਕੌਰ ਨੂੰ 12091 ਵੋਟਾਂ ਦੇ ਫ਼ਰਕ ਨਾਲ ਹਰਾਇਆ। ਅਕਾਲੀ ਉਮੀਦਵਾਰ ਨੂੰ 30558 ਵੋਟਾਂ ਪਈਆਂ। ਆਜ਼ਾਦ ਉਮੀਦਵਾਰ ਮਨਦੀਪ ਸਿੰਘ ਖਾਲਸਾ, ਜਿਸ ਨੂੰ 'ਵਾਰਿਸ ਪੰਜਾਬ ਦੇ' ਤੇ ਹੋਰਨਾਂ ਪੰਥਕ ਧਿਰਾਂ ਦੀ ਹਮਾਇਤ ਹੈ, 19620 ਵੋਟਾਂ ਨਾਲ ਤੀਜੇ ਸਥਾਨ 'ਤੇ ਰਿਹਾ। ਕਾਂਗਰਸ ਦੇ ਕਰਨਬੀਰ ਸਿੰਘ ਬੁਰਜ 15078 ਵੋਟਾਂ ਪਈਆਂ। ਭਾਜਪਾ ਦੇ ਹਰਜੀਤ ਸਿੰਘ ਸੰਧੂ 6239 ਵੋਟਾਂ ਪੰਜਵੇਂ ਨੰਬਰ 'ਤੇ ਰਹੇ। ਨੀਟੂ ਸ਼ਟਰਾਂਵਾਲਾ 464 ਵੋਟਾਂ ਨਾਲ 8ਵੇਂ ਸਥਾਨ 'ਤੇ ਹੈ। 'ਆਪ' ਵਰਕਰਾਂ ਤੇ ਸਮਰਥਕਾਂ ਨੇ 14ਵੇਂ ਗੇੜ ਦੀ ਗਿਣਤੀ ਮਗਰੋਂ ਹੀ ਪਾਰਟੀ ਉਮੀਦਵਾਰ ਹਰਮੀਤ ਸਿੰਘ ਸੰਧੂ ਦੀ ਜਿੱਤ ਦਾ ਜਸ਼ਨ ਮਨਾਉਣਾ ਸ਼ੁਰੂ ਕਰ ਦਿੱਤਾ ਸੀ। ਮੁੱਖ ਮੰਤਰੀ ਭਗਵੰਤ ਮਾਨ ਨੇ ਵਧਾਈ ਦਿੰਦਿਆਂ ਕਿਹਾ ਕਿ ਵਿਧਾਨ ਸਭਾ ਤਰਨ ਤਾਰਨ ਦੀ ਜ਼ਿਮਨੀ ਚੋਣ 'ਚ ਮਿਲੀ ਸ਼ਾਨਦਾਰ ਜਿੱਤ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕਾਂ ਨੂੰ ਕੰਮ ਦੀ ਰਾਜਨੀਤੀ ਪਸੰਦ ਹੈ। ਦੂਜੇ ਪਾਸੇ ਕਾਂਗਰਸ ਤੇ ਭਾਜਪਾ ਉਮੀਦਵਾਰਾਂ ਦੀ ਜ਼ਮਾਨਤ ਵੀ ਜ਼ਬਤ ਹੋ ਗਈ ਹੈ।



ਮਾਈ ਭਾਗੋ ਇੰਟਰਨੈਸ਼ਨਲ ਕਾਲਜ ਆਫ ਨਰਸਿੰਗ, ਪਿੱਦੀ (ਤਰਨ ਤਾਰਨ) ਵਿਚ ਸਵੇਰੇ 8 ਵਜੇ ਤੋਂ ਵੋਟਾਂ ਦੀ ਗਿਣਤੀ ਜਾਰੀ ਹੈ। ਸਵੇਰੇ 11 ਵਜੇ ਤੱਕ 15 ਉਮੀਦਵਾਰਾਂ ਦੀ ਜਿੱਤ-ਹਾਰ ਬਾਰੇ ਸਥਿਤੀ ਸਪਸ਼ਟ ਹੋ ਜਾਵੇਗੀ। ਰਿਟਰਨਿੰਗ ਅਫਸਰ ਗੁਰਮੀਤ ਸਿੰਘ ਨੇ ਦੱਸਿਆ ਕਿ ਜ਼ਿਮਨੀ ਚੋਣ ਲਈ ਕੁੱਲ 15 ਉਮੀਦਵਾਰ ਮੈਦਾਨ ਵਿੱਚ ਹਨ। ਮੰਗਲਵਾਰ ਨੂੰ ਹੋਈ ਪੋਲਿੰਗ ਦੌਰਾਨ ਇਸ ਹਲਕੇ ਵਿੱਚ 60.95 ਫੀਸਦ ਵੋਟਿੰਗ ਦਰਜ ਕੀਤੀ ਗਈ ਸੀ। ਵੋਟਾਂ ਦੀ ਗਿਣਤੀ 16 ਗੇੜਾਂ ਵਿੱਚ ਪੂਰੀ ਹੋਵੇਗੀ।

ਈਵੀਐੱਮ ਵਿਚਲੀ ਵੋਟਾਂ ਦੀ ਗਿਣਤੀ ਲਈ ਇਕ ਹਾਲ ਵਿੱਚ 14 ਕਾਊਂਟਰ ਲਗਾਏ ਗਏ ਹਨ ਜਦਕਿ ਉਸ ਦੇ ਨਾਲ ਵਾਲੇ ਦੂਸਰੇ ਹਾਲ ਵਿੱਚ ਪੋਸਟਲ ਬੈਲੇਟ ਦੀ ਗਿਣਤੀ ਕਰਨ ਲਈ 7 ਗਿਣਤੀ ਟੇਬਲ ਲਗਾਏ ਗਏ ਹਨ। ਚੋਣ ਲੜਨ ਵਾਲੇ ਉਮੀਦਵਾਰ ਗਿਣਤੀ ਕੇਂਦਰ ਵਿੱਚ ਵੇਲੇ ਸਿਰ ਹੀ ਪਹੁੰਚ ਗਏ ਸਨ।

ਕਾਂਗਰਸ ਪਾਰਟੀ ਲਈ ਵੀ ਇਹ ਜ਼ਿਮਨੀ ਚੋਣ ਵੱਕਾਰ ਦਾ ਸਵਾਲ ਹੈ। ਪਾਰਟੀ ਨੇ ਆਪਣੀ ਜ਼ਿਲ੍ਹਾ ਇਕਾਈ ਦੇ ਮੁਖੀ, ਕਰਨਬੀਰ ਸਿੰਘ ਬੁਰਜ, ਜੋ ਕਿ ਇੱਕ ਕਿਸਾਨ ਅਤੇ ਰੀਅਲ ਅਸਟੇਟ ਕਾਰੋਬਾਰੀ ਹਨ, ਨੂੰ ਆਪਣੀ ਪਹਿਲੀ ਚੋਣ ਲੜਨ ਲਈ ਨਾਮਜ਼ਦ ਕੀਤਾ ਹੈ। ਇਸ ਮੁਹਿੰਮ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਸਾਬਕਾ ਕੇਂਦਰੀ ਮੰਤਰੀ ਬੂਟਾ ਸਿੰਘ ਵਿਰੁੱਧ ਕਥਿਤ ÷ਜਾਤੀਵਾਦੀ÷ ਟਿੱਪਣੀਆਂ ਲਈ ਵਿਰੋਧੀਆਂ ਵੱਲੋਂ ਆਲੋਚਨਾ ਦਾ ਸਾਹਮਣਾ ਕਰਨਾ ਪਿਆ, ਹਾਲਾਂਕਿ ਉਨ੍ਹਾਂ ਨੇ ਬਾਅਦ ਵਿੱਚ ਮੁਆਫੀ ਮੰਗ ਲਈ। ਸੂਬੇ ਵਿੱਚ ਪੈਰ ਜਮਾਉਣ ਦੀ ਕੋਸ਼ਿਸ਼ ਕਰ ਰਹੀ ਭਾਜਪਾ ਨੇ ਤਰਨ ਤਾਰਨ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੂੰ ਮੈਦਾਨ ਵਿੱਚ ਉਤਾਰਿਆ ਹੈ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ, ਦਿੱਲੀ ਦੇ ਮੰਤਰੀ ਮਨਜਿੰਦਰ ਸਿੰਘ ਸਿਰਸਾ ਅਤੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਸਮੇਤ ਸੀਨੀਅਰ ਆਗੂਆਂ ਨੇ ਚੋਣ ਮੁਹਿੰਮ ਵਿੱਚ ਹਿੱਸਾ ਲਿਆ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਵਿਧਾਨ ਸਭਾ ਤਰਨ ਤਾਰਨ ਦੀ ਜ਼ਿਮਨੀ ਚੋਣ 'ਚ ਮਿਲੀ ਸ਼ਾਨਦਾਰ ਜਿੱਤ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕਾਂ ਨੂੰ ਕੰਮ ਦੀ ਰਾਜਨੀਤੀ ਪਸੰਦ ਹੈ।

# ਪੰਜਾਬੀ ਯੂਨੀਵਰਸਿਟੀ ਵਿਖੇ ਇਤਿਹਾਸ ਅਤੇ ਪੰਜਾਬ ਇਤਿਹਾਸ ਅਧਿਐਨ ਵਿਭਾਗ ਦੀ 56ਵੀਂ ਪੰਜਾਬ ਇਤਿਹਾਸ ਕਾਨਫ਼ਰੰਸ ਆਰੰਭ

**ਪਟਿਆਲਾ, 15 ਨਵੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਦੇ ਇਤਿਹਾਸ ਅਤੇ ਪੰਜਾਬ ਇਤਿਹਾਸ ਅਧਿਐਨ ਵਿਭਾਗ ਵੱਲੋਂ ਕਰਵਾਈ ਜਾ ਰਹੀ 56ਵੀਂ ਪੰਜਾਬ ਇਤਿਹਾਸ ਕਾਨਫ਼ਰੰਸ ਅੱਜ ਆਰੰਭ ਹੋ ਗਈ ਹੈ। ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ 350ਵੇਂ ਦਿਹਾੜੇ ਨੂੰ




ਸਮਰਪਿਤ ਇਸ ਕਾਨਫ਼ਰੰਸ ਦੇ ਉਦਘਾਟਨੀ ਸੈਸ਼ਨ ਦੌਰਾਨ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਕੀਤੀ ਗਈ। ਉਦਘਾਟਨੀ ਸੈਸ਼ਨ ਦੌਰਾਨ 'ਜਨਰਲ ਪਰੈਜ਼ੀਡੈਂਟ' ਵਜੋਂ ਮੁੱਖ ਭਾਸ਼ਣ ਯੂ.ਐੱਸ. ਏ. ਦੀ ਯੂਨੀਵਰਸਿਟੀ ਆਫ਼ ਕੈਲੀਫੋਰਨੀਆ ਸੈਂਟਾ ਬਾਰਬਰਾ ਦੇ ਸਾਬਕਾ ਪ੍ਰੋਫੈਸਰ ਡਾ. ਗੁਰਿੰਦਰ ਸਿੰਘ ਮਾਨ ਵੱਲੋਂ ਦਿਤਾ ਗਿਆ।

ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਆਪਣੇ ਭਾਸ਼ਣ ਵਿੱਚ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੇ ਦੁਨੀਆਂ ਨੂੰ ਧਾਰਮਿਕ ਸੁਤੰਤਰਤਾ ਅਤੇ ਧਰਮ ਨਿਰਪੱਖਤਾ ਦਾ ਵੱਡਾ ਸੰਦੇਸ਼ ਦਿੱਤਾ ਹੈ। ਉਨ੍ਹਾ ਕਿਹਾ ਕਿ ਦੂਜੇ ਧਰਮ ਦੇ ਲੋਕਾਂ ਲਈ ਦਿੱਤੀ ਗਈ ਗੁਰੂ ਸਾਹਿਬ ਦੀ ਅਦੁੱਤੀ ਸ਼ਹਾਦਤ ਦਸਦੀ ਹੈ ਕਿ ਵੱਖ-ਵੱਖ ਤਰ੍ਹਾਂ ਦੇ ਫੁੱਲਾਂ ਦੀ ਅਹਿਮੀਅਤ ਨੂੰ ਸਮਝ ਕੇ ਹੀ ਸੋਹਣਾ ਗੁਲਦਸਤਾ ਬਣਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਗੁਰੂ ਸਾਹਿਬ ਦੀ ਸ਼ਹਾਦਤ ਦੇ ਇਸ ਸੁਨੇਹੇ ਤੋਂ ਪ੍ਰੇਰਿਤ ਹੁੰਦਿਆਂ ਇਸ ਪੱਖੋਂ ਸਪਸ਼ਟ ਹੋਣ ਦੀ ਲੋੜ ਹੈ ਕਿ ਕੋਈ ਵੀ ਤਾਕਤ ਸਾਨੂੰ ਸਿਰਫ਼ ਇੱਕ ਰੰਗ ਵਿੱਚ ਰੰਗੇ ਹੋਣ ਲਈ ਮਜ਼ਬੂਰ ਨਹੀਂ ਕਰ ਸਕਦੀ।

ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਕਿਹਾ ਕਿ ਗੁਰੂ ਸਾਹਿਬ ਦੀ ਸ਼ਹਾਦਤ ਵਰਗੀ ਮਿਸਾਲ ਦੁਨੀਆਂ ਵਿੱਚ ਕਿਤੇ ਹੋਰ ਨਹੀਂ ਮਿਲਦੀ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਦੇ 350ਵੇਂ ਦਿਹਾੜੇ ਨੂੰ ਸਮਰਪਿਤ ਪ੍ਰੋਗਰਾਮਾਂ ਦੀ ਲੜੀ ਵਿੱਚ ਇਹ 12ਵਾਂ ਪ੍ਰੋਗਰਾਮ ਹੈ। ਉਨ੍ਹਾਂ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਦੀ ਕੋਸ਼ਿਸ਼ ਹੈ ਕਿ ਵੱਖ-ਵੱਖ ਵੰਨਗੀ ਦੇ ਪ੍ਰੋਗਰਾਮਾਂ ਜ਼ਰੀਏ ਉਨ੍ਹਾਂ ਦੇ ਮਹਾਨ ਸੰਦੇਸ਼ ਨੂੰ ਦੁਨੀਆਂ ਭਰ ਤੱਕ ਪਹੁੰਚਾ ਸਕੀਏ।

# ਸੁਰੱਖਿਆ ਬਲਾਂ ਨੇ ਦਿੱਲੀ ਧਮਾਕੇ ਦੇ ਮਸ਼ਕੂਕ ਡਾ. ਉਮਰ ਨਬੀ ਦਾ ਪੁਲਵਾਮਾ ਵਿਚਲਾ ਘਰ ਢਾਹਿਆ



**ਸ੍ਰੀਨਗਰ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਰੱਖਿਆ ਬਲਾਂ ਨੇ ਲਾਲ ਕਿਲ੍ਹੇ ਦੇ ਬਾਹਰ ਵਿਸਫੋਟਕਾਂ ਨਾਲ ਲੱਦੀ ਕਾਰ ਚਲਾਉਣ ਵਾਲੇ ਡਾ. ਉਮਰ ਨਬੀ ਦਾਂ ਜੰਮੂ ਕਸ਼ਮੀਰ ਦੇ ਪੁਲਵਾਮਾ ਜ਼ਿਲ੍ਹੇ ਵਿਚਲਾ ਘਰ ਢਾਹ ਦਿੱਤਾ ਹੈ। ਅਧਿਕਾਰੀਆਂ ਨੇ ਕਿਹਾ ਕਿ ਘਰ ਢਾਹੁਣ ਦੀ ਕਾਰਵਾਈ ਵੀਰਵਾਰ ਅਤੇ ਸ਼ੁੱਕਰਵਾਰ ਦੀ ਦਰਮਿਆਨੀ ਰਾਤ ਨੂੰ ਕੀਤੀ ਗਈ। ਸੋਮਵਾਰ ਸ਼ਾਮ ਨੂੰ ਲਾਲ ਕਿਲ੍ਹੇ ਨੇੜੇ ਹੋਏ ਕਾਰ ਧਮਾਕੇ ਵਿੱਚ 13 ਲੋਕਾਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ ਸਨ।

ਉਮਰ ਸਫ਼ੇਦ ਰੰਗ ਦੀ ਹੁੰਡਈ ਆਈ20 ਚਲਾ ਰਿਹਾ ਸੀ ਜੋ ਵਿਸਫੋਟਕਾਂ ਨਾਲ ਲੱਦੀ ਹੋਈ ਸੀ। ਤਫ਼ਤੀਸ਼ਕਾਰਾਂ ਨੇ ਧਮਾਕੇ ਵਾਲੀ ਥਾਂ ਤੋਂ ਇਕੱਠੇ ਕੀਤੇ ਗਏ ਡੀਐਨਏ ਨਮੂਨਿਆਂ ਦਾ ਡਾ. ਉਮਰ ਦੀ ਮਾਂ ਦੇ ਨਮੂਨਿਆਂ ਨਾਲ ਮੇਲ ਖਾਣ ਤੋਂ ਬਾਅਦ ਉਸ ਦੀ ਪਛਾਣ ਦੀ ਪੁਸ਼ਟੀ ਕੀਤੀ ਸੀ। ਉਮਰ, ਜੋ ਆਪਣੇ ਸਰਕਲ ਵਿੱਚ ਅਕਾਦਮਿਕ ਪੇਸ਼ੇਵਰ ਵਜੋਂ ਜਾਣਿਆ ਜਾਂਦਾ ਸੀ, ਪਿਛਲੇ ਦੋ ਸਾਲਾਂ ਵਿੱਚ ਕਥਿਤ ਤੌਰ 'ਤੇ ਕੱਟੜਪੰਥੀ ਬਣ ਗਿਆ ਸੀ। ਤਫ਼ਤੀਸ਼ਕਾਰਾਂ ਨੇ ਕਿਹਾ ਕਿ ਉਹ ਸੋਸ਼ਲ ਮੀਡੀਆ 'ਤੇ ਕਈ ਕੱਟੜਪੰਥੀ ਮੈਸੇਜਿੰਗ ਸਮੂਹਾਂ ਵਿੱਚ ਸ਼ਾਮਲ ਹੋ ਗਿਆ ਸੀ। ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਦਾ ਅੰਬਾਲਾ ਵਿਖੇ ਭਵਿੱਖੀ ਦਰਸ਼ਨ : ਹਰਮੀਤ ਸਿੰਘ ਕਾਲਕਾ

**ਅੰਬਾਲਾ, 14 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਨਾਲ ਸ਼ਹੀਦ ਹੋਏ ਮਹਾਨ ਗੁਰਸਿੱਖ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਵਿੱਤਰ ਧਰਮ ਰੱਖਿਅਕ ਯਾਤਰਾ ਅੱਜ ਆਪਣੇ ਦੂਜੇ ਦਿਨ ਗੁਰਦੁਆਰਾ ਮੰਜੀ ਸਾਹਿਬ (ਅੰਬਾਲਾ) ਤੋਂ ਅਗਲੇ ਪੜਾਅ ਲਈ ਰਵਾਨਾ ਹੋਈ। ਇਹ ਰੂਹਾਨੀ ਨਗਰ ਕੀਰਤਨ ਗੁਰਦੁਆਰਾ ਗੁਰੂ ਕੇ ਮਹਿਲ, ਸ੍ਰੀ ਅਨੰਦਪੁਰ ਸਾਹਿਬ ਤੋਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਵਿੱਤਰ ਛਤਰ-ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸ਼ੁਰੂ ਕੀਤਾ ਗਿਆ ਸੀ। 13 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਤੋਂ ਸ਼ੁਰੂ ਹੋਈ ਇਹ ਯਾਤਰਾ ਲਗਭਗ 11 ਘੰਟਿਆਂ ਦੇ ਅਤੁੱਟ ਅਤੇ ਸਮਰਪਿਤ ਸਫਰ ਤੋਂ ਬਾਅਦ ਸ੍ਰੀ ਮੰਜੀ ਸਾਹਿਬ, ਅੰਬਾਲਾ ਪਹੁੰਚੀ, ਜਿੱਥੇ ਸੰਗਤਾਂ ਨੇ ਅਰਦਾਸ, ਕੀਰਤਨ ਅਤੇ ਦੀਵਾਨਾਂ ਰਾਹੀਂ ਰਾਤ ਭਰ ਸ਼ਰਧਾ ਭਰੇ ਦਰਸ਼ਨ ਕੀਤੇ।



ਅੱਜ ਗੁਰਦੁਆਰਾ ਮੰਜੀ ਸਾਹਿਬ ਵਿਖੇ ਇਕ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹਾਦਤ ਨੂੰ ਸਮਰਪਿਤ ਇਹ ਨਗਰ ਕੀਰਤਨ ਸਿੱਖ ਪੰਥ ਦੀ ਅਟੱਲ ਸ਼ਰਧਾ, ਅਟੁਟ ਏਕਤਾ ਅਤੇ ਬਲੀਦਾਨੀ ਪਰੰਪਰਾ ਦਾ ਜੀਵੰਤ ਪ੍ਰਤੀਕ ਹੈ। ਕਾਲਕਾ ਨੇ ਅਨੰਦਪੁਰ ਸਾਹਿਬ ਤੋਂ ਚੱਲੀ ਹੋਈ ਸੰਗਤਾਂ, ਦਿੱਲੀ ਤੋਂ ਪਹੁੰਚੀ ਵੱਡੀ ਹਾਜ਼ਰੀ ਅਤੇ ਸਮੂਹ ਸੰਤ ਸਮਾਜ—ਨਿਹੰਗ ਸਿੰਘ ਜਥੇਬੰਦੀਆਂ, ਦਮਦਮੀ ਟਕਸਾਲ ਅਤੇ ਸਭ ਸੰਪਰਦਾਵਾਂ ਦੇ ਮੁਖੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਦੀ ਹਾਜ਼ਰੀ ਨੇ ਇਸ ਨਗਰ ਕੀਰਤਨ ਦੀਆਂ ਸ਼ੋਭਾਵਾਂ ਨੂੰ ਚੜ੍ਹਦਾ ਚਾਨਣ ਬਖ਼ਸ਼ਿਆ।

ਉਨ੍ਹਾਂ ਦੱਸਿਆ ਕਿ ਹਰਿਆਣਾ ਦੇ ਕੈਬਿਨੇਟ ਮੰਤਰੀ ਸ੍ਰੀ ਅਨਿਲ ਵਿੱਜ ਜੀ ਨੇ ਵੀ ਅੰਬਾਲਾ ਵਿਖੇ ਧਰਮ ਰੱਖਿਅਕ ਯਾਤਰਾ ਦਾ ਸਨਮਾਨ ਨਾਲ ਸਵਾਗਤ ਕੀਤਾ। ਕਾਲਕਾ ਨੇ ਸ੍ਰੀ ਅਨਿਲ ਵਿੱਜ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਗਤਾਂ ਦਾ ਲਗਾਤਾਰ ਠਾਠਾਂ ਮਾਰਦਾ ਇਕੱਠ ਗੁਰੂ ਤੇਗ ਬਹਾਦਰ ਸਾਹਿਬ ਜੀ ਪ੍ਰਤੀ ਅਦਭੁੱਤ ਸ਼ਰਧਾ ਅਤੇ ਪਿਆਰ ਦਾ ਜੀਵੰਤ ਪ੍ਰਗਟਾਵਾ ਹੈ। ਯਾਤਰਾ ਦੌਰਾਨ ਸੰਗਤਾਂ ਦਾ ਅੰਬਾਲਾ, ਸ਼ਾਹਬਾਦ ਮਾਰਕੰਡਾ ਅਤੇ ਕੁਰੂਕਸ਼ੇਤਰ ਵਿਖੇ ਵੀ ਬੇਹੱਦ ਗਰਮਜੋਸ਼ੀ ਅਤੇ ਉਤਸ਼ਾਹ ਨਾਲ ਸਵਾਗਤ ਕੀਤਾ ਗਿਆ।

ਕਾਲਕਾ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਗਏ ਪ੍ਰਬੰਧਾਂ ਦੀ ਤਹਿ ਦਿਲੋਂ ਸ਼ਲਾਘਾ ਕੀਤੀ ਅਤੇ ਕਿਹਾ ਕਿ ਸੰਗਤਾਂ ਦੇ ਸਤਿਕਾਰ ਅਤੇ ਸੇਵਾ ਦੇ ਰੂਪ ਵਿੱਚ ਉਹਨਾਂ ਦੀ ਸਮਰਪਣ ਭਾਵਨਾ ਸਲਾਹਯੋਗ ਹੈ।

# BBC ਨੇ ਡਾਕੂਮੈਂਟਰੀ 'ਤੇ ਟਰੰਪ ਤੋਂ ਮੁਆਫੀ ਮੰਗੀ; ਮਾਣਹਾਨੀ ਦੇ ਦਾਅਵੇ ਦਾ ਕੋਈ ਆਧਾਰ ਨਹੀਂ: ਬੀਬੀਸੀ

**ਲੰਡਨ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬੀਬੀਸੀ ਨੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਤੋਂ 'ਪੈਨੋਰਾਮਾ' ਐਪੀਸੋਡ ਲਈ ਮੁਆਫੀ ਮੰਗੀ ਹੈ, ਜਿਸ ਵਿੱਚ ਉਨ੍ਹਾਂ ਦੇ 6 ਜਨਵਰੀ 2021 ਦੇ ਭਾਸ਼ਣ ਦੇ ਕੁਝ ਹਿੱਸਿਆਂ ਨੂੰ ਕੱਟ-ਵੱਢ ਕੇ ਦਿਖਾਇਆ ਗਿਆ ਸੀ। ਪਰ ਉਨ੍ਹਾਂ ਦੀ ਮੁਆਵਜ਼ੇ ਦੀ ਮੰਗ ਨੂੰ ਰੱਦ ਕਰ ਦਿੱਤਾ ਹੈ। ਕਾਰਪੋਰੇਸ਼ਨ ਨੇ ਕਿਹਾ ਕਿ ਕੱਟ-ਵੱਢ ਨੇ ÷ਇਹ ਗਲਤ ਪ੍ਰਭਾਵ ਦਿੱਤਾ ਸੀ ਕਿ ਰਾਸ਼ਟਰਪਤੀ ਟਰੰਪ ਨੇ ਹਿੰਸਕ ਕਾਰਵਾਈ ਲਈ ਸਿੱਧਾ ਸੱਦਾ ਦਿੱਤਾ ਸੀ÷ ਅਤੇ ਕਿਹਾ ਕਿ ਉਹ 2024 ਦੇ ਪ੍ਰੋਗਰਾਮ ਨੂੰ ਦੁਬਾਰਾ ਨਹੀਂ ਦਿਖਾਏਗੀ। ਟਰੰਪ ਨੇ ਧਮਕੀ ਦਿੱਤੀ ਹੈ ਕਿ ਉਹ ਇੱਕ ਅਰਬ ਅਮਰੀਕੀ ਡਾਲਰ ਦੇ ਹਰਜਾਨੇ ਲਈ ਮੁਕੱਦਮਾ ਕਰਨਗੇ, ਜਦੋਂ ਤੱਕ ਕਾਰਪੋਰੇਸ਼ਨ ਅਕਤੂਬਰ 2024 ਦੀ ਡਾਕੂਮੈਂਟਰੀ ਨੂੰ ਵਾਪਸ ਨਹੀਂ ਲੈਂਦੀ, ਮੁਆਫੀ ਨਹੀਂ ਮੰਗਦੀ ਅਤੇ ਉਨ੍ਹਾਂ ਨੂੰ ਮੁਆਵਜ਼ਾ ਨਹੀਂ ਦਿੰਦੀ। ਇਸ ਮਾਮਲੇ ਕਾਰਨ ਐਤਵਾਰ ਨੂੰ ਬੀਬੀਸੀ ਦੇ ਡਾਇਰੈਕਟਰ ਜਨਰਲ ਟਿਮ ਡੇਵੀ ਅਤੇ ਖ਼ਬਰਾਂ ਦੀ ਮੁਖੀ ਡੇਬੋਰਾ ਟਰਨੈਸ ਨੇ ਅਸਤੀਫਾ ਦੇ ਦਿੱਤਾ। ਮੁਆਫੀ ਤੋਂ ਕੁਝ ਘੰਟੇ ਪਹਿਲਾਂ 2022 ਦੇ 'ਨਿਊਜ਼ਨਾਈਟ' ਪ੍ਰਸਾਰਣ ਤੋਂ ਇੱਕ ਹੋਰ ਗੁੰਮਰਾਹਕੁੰਨ ਕੱਟ-ਵੱਢ




ਸਾਹਮਣੇ ਆਈ, ਜਿਸ ਨਾਲ ਜਾਂਚ ਹੋਰ ਵਧ ਗਈ। ਸੀਐੱਨਐੱਨ ਦੀ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਬੀਬੀਸੀ ਦੇ ਇੱਕ ਬੁਲਾਰੇ ਨੇ ਕਿਹਾ ਕਿ ਬ੍ਰਾਡਕਾਸਟਰ ਦੇ ਵਕੀਲਾਂ ਨੇ ਐਤਵਾਰ ਨੂੰ ਪ੍ਰਾਪਤ ਹੋਏ ਇੱਕ ਪੱਤਰ ਦੇ ਜਵਾਬ ਵਿੱਚ ਟਰੰਪ ਦੀ ਕਾਨੂੰਨੀ ਟੀਮ ਨੂੰ ਲਿਖਿਆ ਸੀ।

ਸੀਐੱਨਐੱਨ ਦੇ ਹਵਾਲੇ ਨਾਲ ਬੁਲਾਰੇ ਨੇ ਕਿਹਾ, "ਬੀਬੀਸੀ ਦੇ ਚੇਅਰ ਸਮੀਰ ਸ਼ਾਹ ਨੇ ਵ੍ਹਾਈਟ ਹਾਊਸ ਨੂੰ ਇੱਕ ਵੱਖਰਾ ਨਿੱਜੀ ਪੱਤਰ ਭੇਜਿਆ ਹੈ ਜਿਸ ਵਿੱਚ ਰਾਸ਼ਟਰਪਤੀ (ਡੋਨਲਡ) ਟਰੰਪ ਨੂੰ ਸਪੱਸ਼ਟ ਕੀਤਾ ਗਿਆ ਹੈ ਕਿ ਉਹ ਅਤੇ ਕਾਰਪੋਰੇਸ਼ਨ 6 ਜਨਵਰੀ 2021 ਨੂੰ ਰਾਸ਼ਟਰਪਤੀ ਦੇ ਭਾਸ਼ਣ ਦੀ ਕੱਟ-ਵੱਢ ਲਈ ਮੁਆਫੀ ਮੰਗਦੇ ਹਨ, ਜੋ ਪ੍ਰੋਗਰਾਮ ਵਿੱਚ ਦਿਖਾਇਆ ਗਿਆ ਸੀ।"

ਬੁਲਾਰੇ ਨੇ ਕਿਹਾ ਕਿ ਬੀਬੀਸੀ ਦੀ ਕਿਸੇ ਵੀ ਬੀਬੀਸੀ ਪਲੇਟਫਾਰਮ 'ਤੇ ਡਾਕੂਮੈਂਟਰੀ ਨੂੰ ਦੁਬਾਰਾ ਪ੍ਰਸਾਰਿਤ ਕਰਨ ਦੀ ਕੋਈ ਯੋਜਨਾ ਨਹੀਂ ਹੈ, ਜਦਕਿ ਇਸ ਨੂੰ ਮਾਣਹਾਨੀ ਵਾਲਾ ਹੋਣ ਤੋਂ ਇਨਕਾਰ ਕਰ ਦਿੱਤਾ।

ਸੀਐਨਐਨ ਨੇ ਕਿਹਾ ਕਿ ਬੀਬੀਸੀ ਨੇ ਇਸ ਤੋਂ ਪਹਿਲਾਂ 'ਟਰੰਪ: ਏ ਸੈਕਿੰਡ ਚਾਂਸ ?' ਨਾਂ ਦੀ ਡਾਕੂਮੈਂਟਰੀ ਵਿੱਚ ਇੱਕ ਗਲਤੀ ਲਈ ਮੁਆਫੀ ਮੰਗੀ ਸੀ, ਜੋ 2024 ਦੀਆਂ ਰਾਸ਼ਟਰਪਤੀ ਚੋਣਾਂ ਤੋਂ ਕੁਝ ਦਿਨ ਪਹਿਲਾਂ ਪ੍ਰਸਾਰਿਤ ਕੀਤੀ ਗਈ ਸੀ, ਜਿਸ ਨੂੰ ਟਰੰਪ ਨੇ ਜਿੱਤਿਆ ਸੀ।

ਇਸ ਤੋਂ ਪਹਿਲਾਂਟਰੰਪ ਨੇ ਕਿਹਾ ਸੀ ਕਿ , "ਬੀਬੀਸੀ ਦੇ ਚੋਟੀ ਦੇ ਲੋਕ, ਜਿਨ੍ਹਾਂ ਵਿੱਚ ਬੌਸ ਟਿਮ ਡੇਵੀ ਵੀ ਸ਼ਾਮਲ ਹੈ, ਸਾਰੇ ਅਸਤੀਫਾ ਦੇ ਰਹੇ ਹਨ/ਬਰਖਾਸਤ ਕੀਤੇ ਗਏ ਹਨ, ਕਿਉਂਕਿ ਉਹ 6 ਜਨਵਰੀ ਦੇ ਮੇਰੇ ਬਹੁਤ ਚੰਗੇ (ਸੰਪੂਰਨ!) ਭਾਸ਼ਣ ਨੂੰ 'ਡਾਕਟਰਿੰਗ' ਕਰਦੇ ਫੜੇ ਗਏ ਸਨ। 'ਦ ਟੈਲੀਗ੍ਰਾਫ' ਦਾ ਧੰਨਵਾਦ ਇਨ੍ਹਾਂ ਭ੍ਰਿਸ਼ਟ 'ਪੱਤਰਕਾਰਾਂ' ਨੂੰ ਬੇਨਕਾਬ ਕਰਨ ਲਈ। ਇਹ ਬਹੁਤ ਬੇਈਮਾਨ ਲੋਕ ਹਨ ਜਿਨ੍ਹਾਂ ਨੇ ਰਾਸ਼ਟਰਪਤੀ ਚੋਣ ਦੇ ਪੈਮਾਨੇ 'ਤੇ ਕਦਮ ਰੱਖਣ ਦੀ ਕੋਸ਼ਿਸ਼ ਕੀਤੀ। ਹੋਰ ਸਭ ਤੋਂ ਉੱਪਰ, ਉਹ ਇੱਕ ਵਿਦੇਸ਼ੀ ਦੇਸ਼ ਤੋਂ ਹਨ, ਜਿਸ ਨੂੰ ਬਹੁਤ ਸਾਰੇ ਸਾਡਾ ਨੰਬਰ ਇੱਕ ਸਹਿਯੋਗੀ ਮੰਨਦੇ ਹਨ। ਲੋਕਤੰਤਰ ਲਈ ਕਿੰਨੀ ਭਿਆਨਕ ਗੱਲ ਹੈ!

# ਗਮਾਡਾ ਨੇ ਮੁਹਾਲੀ ਵਿੱਚ ਪਲਾਟਾਂ ਦੀਆਂ ਮੁੱਢਲੀਆਂ ਦਰਾਂ ਵਧਾਈਆਂ

**ਸੈਕਟਰ 53 ਤੋਂ 71 ਵਿੱਚ ਪਲਾਟਾਂ ਦੀ ਦਰ 65,000 ਰੁਪਏ ਤੋਂ ਵਧਾ ਕੇ 71,500 ਰੁਪਏ ਪ੍ਰਤੀ ਵਰਗ ਗਜ਼ ਕੀਤੀ**

**ਮੁਹਾਲੀ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗਮਾਡਾ (7$141) ਨੇ 2025-26 ਲਈ ਮੁਹਾਲੀ ਜ਼ਿਲ੍ਹੇ ਵਿੱਚ ਵੱਖ-ਵੱਖ ਸ਼੍ਰੇਣੀਆਂ ਦੇ ਪਲਾਟਾਂ ਦੀਆਂ ਮੁੱਢਲੀਆਂ ਦਰਾਂ ਵਿੱਚ ਲਗਪਗ 10 ਫੀਸਦੀ ਦਾ ਵਾਧਾ ਕੀਤਾ ਹੈ। ਸੈਕਟਰ 53 ਤੋਂ 71ਵਿੱਚ ਪਲਾਟਾਂ ਦੀ ਦਰ 65,000 ਰੁਪਏ ਤੋਂ ਵਧਾ ਕੇ 71,500 ਰੁਪਏ ਪ੍ਰਤੀ ਵਰਗ ਗਜ਼ ਕਰ ਦਿੱਤੀ ਗਈ ਹੈ। ਸੈਕਟਰ 62 ਲਈ ਵੀ ਇਹੀ ਦਰ 71,500 ਰੁਪਏ ਨਿਰਧਾਰਤ ਕੀਤੀ ਗਈ ਹੈ।



ਸੈਕਟਰ 76 ਤੋਂ 80 ਵਿੱਚ ਪਲਾਟਾਂ ਦੀ ਮੌਜੂਦਾ ਦਰ 63,400 ਰੁਪਏ ਤੋਂ ਵਧਾ ਕੇ 70,000 ਰੁਪਏ ਪ੍ਰਤੀ ਵਰਗ ਗਜ਼ ਕਰ ਦਿੱਤੀ ਗਈ ਹੈ। ਆਈਟੀ ਸਿਟੀ, ਏਅਰੋਸਿਟੀ, ਈਕੋ ਸਿਟੀ-1 ਅਤੇ 2, ਏਅਰੋਟ੍ਰੋਪੋਲਿਸ (ਲੈਂਡ ਪੂਲਿੰਗ ਪਲਾਟ), ਸੈਕਟਰ 81 ਅਤੇ ਅੱਗਲੇ ਸੈਕਟਰਾਂ ਵਿੱਚ 100 ਤੋਂ 500 ਵਰਗ ਗਜ਼ ਤੱਕ ਦੇ ਪਲਾਟਾਂ ਲਈ ਦਰ 65,000 ਰੁਪਏ ਨਿਰਧਾਰਤ ਕੀਤੀ ਗਈ ਹੈ, ਜੋ ਕਿ ਪਹਿਲਾਂ 51,500 ਰੁਪਏ ਸੀ। ਈਕੋ ਸਿਟੀ-2 (500 ਵਰਗ ਗਜ਼ ਤੋਂ ਵੱਧ) ਵਿੱਚ ਸਭ ਤੋਂ ਤੇਜ਼ੀ ਨਾਲ ਵਾਧਾ ਹੋਇਆ ਹੈ, ਜਿੱਥੇ ਦਰ 61,800 ਰੁਪਏ ਤੋਂ ਵਧਾ ਕੇ 68,000 ਰੁਪਏ ਕਰ ਦਿੱਤੀ ਗਈ ਹੈ। ਉਦਯੋਗਿਕ (ਸੈਕਟਰ 57-ਏ ਅਤੇ 101) ਪਲਾਟਾਂ ਦੀ ਮੁੱਢਲੀ ਦਰ ਇੱਕ ਸਾਲ ਪਹਿਲਾਂ ਦੇ 36,900 ਰੁਪਏ ਪ੍ਰਤੀ ਵਰਗ ਗਜ਼ ਦੇ ਮੁਕਾਬਲੇ ਹੁਣ 45,000 ਰੁਪਏ ਪ੍ਰਤੀ ਵਰਗ ਗਜ਼ ਹੋ ਗਈ ਹੈ।

ਉਧਰ ਸੈਕਟਰ 101 ਵਿੱਚ 100 ਅਤੇ 200 ਵਰਗ ਗਜ਼ ਵਾਲੇ ਐਸ.ਸੀ.ਓਜ਼ ਦੀ ਦਰ 1,99,600 ਰੁਪਏ ਤੋਂ ਵਧਾ ਕੇ 2,25,000 ਰੁਪਏ ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ ਰਾਜਪੁਰਾ ਅਰਬਨ ਅਸਟੇਟ ਵਿੱਚ ਦਰਾਂ 22,500 ਰੁਪਏ ਤੋਂ ਵਧਾ ਕੇ ਹੁਣ 25,000 ਰੁਪਏ ਪ੍ਰਤੀ ਵਰਗ ਗਜ਼ ਹੋ ਗਈਆਂ ਹਨ।

ਗਮਾਡਾ ਦੇ ਮੁੱਖ ਲੇਖਾ ਅਧਿਕਾਰੀ ਅਜੇ ਮਿੱਤਲ ਨੇ ਦੱਸਿਆ ਕਿ ਇਹ ਮੁੱਢਲੀਆਂ ਦਰਾਂ ਸਰਕਾਰੀ, ਅਰਧ-ਸਰਕਾਰੀ ਅਤੇ ਗ਼ੈਰ-ਸਰਕਾਰੀ ਸੰਸਥਾਵਾਂ ਨੂੰ ਪਲਾਟਾਂ ਦੀ ਅਲਾਟਮੈਂਟ, ਅਦਾਲਤੀ ਹੁਕਮਾਂ ਨੂੰ ਲਾਗੂ ਕਰਨ ਅਤੇ ਨਾ-ਉਸਾਰੀ ਫੀਸ ਨਿਰਧਾਰਤ ਕਰਨ ਲਈ ਲਾਗੂ ਹੋਣਗੀਆਂ। ਬਾਜ਼ਾਰ ਵਿੱਚ ਇਨ੍ਹਾਂ ਪਲਾਟਾਂ ਦੀਆਂ ਅਸਲ ਕੀਮਤਾਂ ਅਥਾਰਟੀ ਦੁਆਰਾ ਨਿਰਧਾਰਤ ਦਰਾਂ ਨਾਲੋਂ ਕਾਫ਼ੀ ਜ਼ਿਆਦਾ ਹਨ।

## ਪੰਜਾਬ ਮੰਤਰੀ ਮੰਡਲ ਦੀ ਮੀਟਿੰਗ ਮੁਲਤਵੀ

**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਮੰਤਰੀ ਮੰਡਲ ਦੀ ਅੱਜ ਹੋਣ ਵਾਲੀ ਮੀਟਿੰਗ ਮੁਲਤਵੀ ਹੋ ਗਈ ਹੈ। ਕੈਬਨਿਟ ਮੀਟਿੰਗ ਮੁਲਤਵੀ ਹੋਣ ਦਾ ਕਾਰਨ ਮੁੱਖ ਮੰਤਰੀ ਭਗਵੰਤ ਮਾਨ ਦੀ ਸਿਹਤ ਠੀਕ ਨਾ ਹੋਣਾ ਦੱਸਿਆ ਜਾ ਰਿਹਾ ਹੈ ਪ੍ਰੰਤੂ ਇਸ ਬਾਰੇ ਅਧਿਕਾਰਤ ਤੌਰ 'ਤੇ ਕਿਧਰੋਂ ਕੋਈ ਪੁਸ਼ਟੀ ਨਹੀਂ ਹੋਈ ਹੈ। ਜ਼ਿਕਰਯੋਗ ਹੈ ਕਿ ਤੇਜ਼ ਬੁਖ਼ਾਰ ਹੋਣ ਕਰਕੇ ਮੁੱਖ ਮੰਤਰੀ ਦੋ ਦਿਨਾਂ ਤੋਂ ਆਪਣੀ ਸਰਕਾਰੀ ਰਿਹਾਇਸ਼ 'ਤੇ ਹਨ। ਅੱਜ ਕਈ ਕੈਬਨਿਟ ਮੰਤਰੀ ਫ਼ੀਲਡ ਚੋਂ ਕੈਬਨਿਟ ਮੀਟਿੰਗ 'ਚ ਸ਼ਾਮਲ ਹੋਣ ਲਈ ਰਵਾਨਾ ਹੋ ਗਏ ਸਨ ਪ੍ਰੰਤੂ ਉਨ੍ਹਾਂ ਨੂੰ ਰਸਤੇ 'ਚ ਕੈਬਨਿਟ ਮੀਟਿੰਗ ਮੁਲਤਵੀ ਹੋਣ ਦਾ ਸੁਨੇਹਾ ਲੱਗਿਆ।

ਦੱਸਣਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਨ ਮਗਰੋਂ ਬਿਮਾਰ ਪੈ ਗਏ ਸਨ। 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀ ਲੰਘੇ ਕੱਲ੍ਹ ਉਨ੍ਹਾਂ ਦੀ ਸਿਹਤ ਦਾ ਹਾਲ ਜਾਣਿਆ ਸੀ। ਅੱਜ ਸਵੇਰ ਵਕਤ ਕੈਬਨਿਟ ਮੀਟਿੰਗ ਹੋਣ ਦੀ ਪੁਸ਼ਟੀ ਹੋਈ ਸੀ ਅਤੇ ਹੁਣ ਮੁੱਖ ਮੰਤਰੀ ਦੀ ਸਿਹਤ ਦੀ ਵਜ੍ਹਾ ਕਾਰਨ ਇਹ ਮੀਟਿੰਗ ਮੁਲਤਵੀ ਹੋਣ ਦੀ ਗੱਲ ਕਹੀ ਜਾ ਰਹੀ ਹੈ।

# ਪੰਜਾਬ: ਕੰਢੀ ਖੇਤਰ ਵਿੱਚ ਫਾਰਮ ਹਾਊਸ ਨੀਤੀ ਲਿਆਉਣ ਦੀ ਤਿਆਰੀ

**ਚੰਡੀਗੜ੍ਹ, 15 ਨਵੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਿਆਸਤਦਾਨਾਂ ਅਤੇ ਨੌਕਰਸ਼ਾਹਾਂ ਸਮੇਤ ਕਈ ਪ੍ਰਭਾਵਸ਼ਾਲੀ ਲੋਕਾਂ ਦੇ ਬਚਾਅ ਲਈ ਵਜੋਂ ਆਉਂਦਿਆਂ ਪੰਜਾਬ ਸਰਕਾਰ ਹੇਠਲੀਆਂ ਸ਼ਿਵਾਲਿਕ ਪਹਾੜੀਆਂ ਦੇ ਵਾਤਾਵਰਣ ਪੱਖੋਂ ਨਾਜ਼ੁਕ ਕੰਢੀ ਖੇਤਰ ਲਈ ਇੱਕ ਫਾਰਮ ਹਾਊਸ ਨੀਤੀ ਲਿਆਉਣ ਲਈ ਪੂਰੀ ਤਰ੍ਹਾਂ ਤਿਆਰ ਹੈ। ਇਹ ਖੇਤਰ ਮੁਹਾਲੀ ਜ਼ਿਲ੍ਹੇ ਤੋਂ ਲੈ ਕੇ ਪਠਾਨਕੋਟ ਜ਼ਿਲ੍ਹੇ ਤੱਕ ਫੈਲਿਆ ਹੋਇਆ ਹੈ। ਇਸ ਨੀਤੀ ਨੂੰ ਸ਼ੁੱਕਰਵਾਰ ਦੀ ਕੈਬਨਿਟ ਮੀਟਿੰਗ ਵਿੱਚ ਪੇਸ਼ ਕੀਤੇ ਜਾਣ ਦੀ ਸੰਭਾਵਨਾ ਹੈ।

ਇਹ ਨੀਤੀ ਪੰਜਾਬ ਭੂਮੀ ਸੰਭਾਲ ਐਕਟ (P 1900 ਦੇ ਦਾਇਰੇ ਤੋਂ ਬਾਹਰ ਕੱਢੀ ਗਈ ਜ਼ਮੀਨ 'ਤੇ ਲਾਗੂ ਹੋਵੇਗੀ। ਇਸ ਦੇ ਸਭ ਤੋਂ ਵੱਡੇ ਲਾਭਪਾਤਰੀ ਉਹ ਹੋਣਗੇ ਜਿਨ੍ਹਾਂ ਕੋਲ ਚੰਡੀਗੜ੍ਹ ਦੇ ਆਸ-ਪਾਸ ਜ਼ਮੀਨ ਹੈ ਜਾਂ ਜਿਨ੍ਹਾਂ ਨੇ ਪਹਿਲਾਂ ਹੀ ਫਾਰਮ ਹਾਊਸ ਬਣਾਏ ਹੋਏ ਹਨ।

ਇਸ ਨੀਤੀ ਨੂੰ ਖਾਸ ਤੌਰ 'ਤੇ ਚੰਡੀਗੜ੍ਹ ਦੇ ਆਸ-ਪਾਸ ਦੇ ਜ਼ਮੀਨ ਮਾਲਕਾਂ ਦੇ ਅਨੁਕੂਲ ਬਣਾਇਆ ਗਿਆ ਹੈ। ਇਹ 4,000 ਵਰਗ ਗਜ਼ (ਲਗਪਗ ਇੱਕ ਏਕੜ) ਜ਼ਮੀਨ 'ਤੇ ਫਾਰਮ ਹਾਊਸ ਬਣਾਉਣ ਦੀ ਇਜਾਜ਼ਤ ਦਿੰਦੀ ਹੈ। ਨੀਤੀ ਦੀ ਉਮੀਦ ਕਰਦਿਆਂ ਕਈ ਲੋਕ ਇਸ ਖੇਤਰ ਵਿੱਚ ਜ਼ਮੀਨ ਖਰੀਦ ਰਹੇ ਸਨ, ਜਿਸ ਨਾਲ ਕੀਮਤਾਂ ਵਧ ਗਈਆਂ ਹਨ। ਜੰਗਲਾਤ ਅਧਿਕਾਰੀਆਂ ਨੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਨੂੰ ਲਾਗੂ ਕਰਨਾ ਹੋਵੇਗਾ, ਨਹੀਂ ਤਾਂ ਜੰਗਲਾਤ ਅਤੇ ਜੰਗਲੀ ਜੀਵਨ ਦੇ ਨਿਯਮਾਂ ਦਾ ਨੁਕਸਾਨ ਹੋਵੇਗਾ।

ਪੰਜਾਬ ਸਰਕਾਰ 'ਤੇ ਪਾਵਰਫੁੱਲ ਲਾਬੀ ਦਾ ਦਬਾਅ ਸੀ, ਕਿਉਂਕਿ ਕਈ ਵੀਆਈਪੀਜ਼ ਨੇ ਪਹਿਲਾਂ ਹੀ ਅਜਿਹੀ ਜ਼ਮੀਨ 'ਤੇ ਫਾਰਮ ਹਾਊਸ ਬਣਾ ਲਏ ਹਨ ਜਿਸ ਨੂੰ ਸੂਚੀ ਤੋਂ ਬਾਹਰ ਕਰ ਦਿੱਤਾ ਗਿਆ ਸੀ। ਅਜਿਹੀ ਕਿਸੇ ਵੀ ਨੀਤੀ ਦੀ ਅਣਹੋਂਦ ਵਿੱਚ, ਫਾਰਮ ਹਾਊਸ ਮਾਲਕਾਂ ਨੂੰ ਹਾਊਸਿੰਗ ਵਿਭਾਗ ਦੇ ਨਿਯਮਾਂ ਦੀ ਉਲੰਘਣਾ ਕਰਨ ਲਈ ਢਾਹੁਣ ਦੇ ਨੋਟਿਸਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।

ਜੰਗਲਾਤ ਵਿਭਾਗ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਹ ਨੀਤੀ ਪੈਰੀਫੇਰੀ ਐਕਟ, ਪ੍ਰਸਤਾਵਿਤ ਸੁਖਨਾ ਈਕੋ-ਸੈਂਸੇਟਿਵ ਜ਼ੋਨ ਅਤੇ ♦*♦1 ਦੇ ਦਾਇਰੇ ਤੋਂ ਬਾਹਰ ਕੱਢੇ ਗਏ ਖੇਤਰਾਂ ਵਿੱਚ ਜ਼ਮੀਨ ਦੀ ਵਰਤੋਂ ਬਾਰੇ ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਕਾਰਨ ਅੜਿੱਕਿਆਂ ਦਾ ਸਾਹਮਣਾ ਕਰ ਰਹੀ ਸੀ। ਦੱਸਣਯੋਗ ਹੈ ਕਿ ਹਾਊਸਿੰਗ ਸਕੱਤਰ ਵਿਕਾਸ ਗਰਗ ਦੀ ਅਗਵਾਈ ਹੇਠ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਦੇ ਨਿਰਦੇਸ਼ਾਂ 'ਤੇ ਅਧਿਕਾਰਤ ਢਾਂਚਿਆਂ ਨੂੰ ਨਿਯਮਤ ਕਰਨ ਲਈ ਦਿਸ਼ਾ-ਨਿਰਦੇਸ਼ ਤਿਆਰ ਕਰਨ ਲਈ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਸੀ।

# ਭਾਰਤ ਨੈੱਟ ਯੋਜਨਾ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਪਹਿਲਾ ਸੂਬਾ ਬਣਿਆ ਪੰਜਾਬ: ਹਰ ਪਿੰਡ 'ਚ ਪਹੁੰਚਿਆ ਇੰਟਰਨੈੱਟ

**ਕੌਮੀ ਪਤ੍ਰਿਕਾ**

ਚੰਡੀਗੜ੍ਹ 15 ਨਵੰਬਰ। ਪੰਜਾਬ ਨੇ ਇਤਿਹਾਸ ਰਚ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸੋਧੀ ਹੋਈ ਭਾਰਤ ਨੈੱਟ ਯੋਜਨਾ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ। ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਅੱਜ ਬੀ.ਐਸ.ਐਨ.ਐਲ. ਦੇ ਸੀ.ਜੀ.ਐਮ. ਅਜੈ ਕੁਮਾਰ ਕਰਾਰਾ ਤੋਂ ਪੁਰਸਕਾਰ ਪ੍ਰਾਪਤ ਕਰਦੇ ਹੋਏ ਕਿਹਾ ਕਿ ਇਹ ਪੰਜਾਬ ਦੇ 30 ਮਿਲੀਅਨ ਲੋਕਾਂ ਲਈ ਇੱਕ ਨਵੀਂ ਸਵੇਰ ਹੈ। ਤੇਜ਼ ਬ੍ਰਾਡਬੈਂਡ ਇੰਟਰਨੈਟ ਰਾਜ ਦੇ 43 ਬਲਾਕਾਂ ਤੱਕ ਪਹੁੰਚ ਗਿਆ ਹੈ, ਅਤੇ ਨਵੰਬਰ ਦੇ ਅੰਤ ਤੱਕ, ਹਰ ਪਿੰਡ ਡਿਜੀਟਲ ਇੰਡੀਆ ਨਾਲ ਜੁੜ ਜਾਵੇਗਾ। ਇਹ ਕੋਈ ਛੋਟੀ ਪ੍ਰਾਪਤੀ ਨਹੀਂ ਹੈ। ਜਦੋਂ ਕਿ ਪੂਰਾ ਦੇਸ਼ ਡਿਜੀਟਲ ਇੰਡੀਆ ਬਾਰੇ ਗੱਲ ਕਰ ਰਿਹਾ ਹੈ, ਪੰਜਾਬ ਨੇ ਸਾਬਤ ਕਰ ਦਿੱਤਾ ਹੈ ਕਿ ਸਰਕਾਰੀ ਯੋਜਨਾਵਾਂ ਨੂੰ ਸਿਰਫ਼ ਕਾਗਜ਼ਾਂ 'ਤੇ ਨਹੀਂ, ਸਗੋਂ ਜ਼ਮੀਨ 'ਤੇ ਲਾਗੂ ਕੀਤਾ ਜਾ ਸਕਦਾ ਹੈ। 1,000 ਕਿਲੋਮੀਟਰ ਤੋਂ ਵੱਧ ਫਾਈਬਰ ਕੇਬਲ ਵਿਛਾਈ ਗਈ ਹੈ। ਇਹ ਦੂਰੀ ਲੁਧਿਆਣਾ ਤੋਂ ਦਿੱਲੀ ਦੀ ਦੂਰੀ ਤੋਂ 10 ਗੁਣਾ ਤੋਂ ਵੱਧ ਹੈ। ਹਰ ਪਿੰਡ, ਹਰ ਪੰਚਾਇਤ ਅਤੇ ਹਰ ਘਰ ਤੱਕ ਇੰਟਰਨੈੱਟ ਪਹੁੰਚ ਪਹੁੰਚਾਉਣ ਦੀ ਇਹ ਮੁਹਿੰਮ ਪੰਜਾਬ ਦੀ ਮਜ਼ਬੂਤ ??ਇੱਛਾ ਸ਼ਕਤੀ ਨੂੰ ਦਰਸਾਉਂਦੀ ਹੈ। ਇਸ ਯੋਜਨਾ ਦਾ ਪੰਜਾਬ ਦੇ ਕਿਸਾਨਾਂ 'ਤੇ ਸਭ ਤੋਂ ਵੱਧ ਪ੍ਰਭਾਵ ਪਵੇਗਾ। ਸੂਬੇ ਦੀ 60% ਆਬਾਦੀ ਖੇਤੀਬਾੜੀ 'ਤੇ ਨਿਰਭਰ ਕਰਦੀ ਹੈ। ਹੁਣ, ਕਿਸਾਨ ਘਰ ਬੈਠੇ ਹੀ ਬਾਜ਼ਾਰ ਦੀਆਂ ਕੀਮਤਾਂ ਦੀ ਜਾਂਚ ਕਰ ਸਕਣਗੇ, ਮੌਸਮ ਦੀ ਸਹੀ ਜਾਣਕਾਰੀ ਪ੍ਰਾਪਤ ਕਰ ਸਕਣਗੇ ਅਤੇ ਆਪਣੀਆਂ ਫਸਲਾਂ ਨੂੰ ਸਿੱਧੇ ਖਰੀਦਦਾਰਾਂ ਨਾਲ ਜੋੜ ਸਕਣਗੇ। MSP ਅਤੇ PM-KISAN ਵਰਗੀਆਂ ਯੋਜਨਾਵਾਂ ਲਈ ਜਾਣਕਾਰੀ ਅਤੇ ਅਰਜ਼ੀਆਂ ਹੁਣ ਮੋਬਾਈਲ 'ਤੇ ਉਪਲਬਧ ਹੋਣਗੀਆਂ।



ਵਿਚੋਲਿਆਂ ਦੀ ਭੂਮਿਕਾ ਖ਼ਤਮ ਹੋ ਜਾਵੇਗੀ, ਅਤੇ ਕਿਸਾਨਾਂ ਦੀ ਆਮਦਨ ਸਿੱਧੇ ਤੌਰ 'ਤੇ ਵਧੇਗੀ। ਇਹ ਯੋਜਨਾ ਪੰਜਾਬ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਰਸਤੇ ਖੋਲ੍ਹੇਗੀ। ਅੱਜ, ਦੇਸ਼ ਭਰ ਵਿੱਚ ਲੱਖਾਂ ਨੌਕਰੀਆਂ ਔਨਲਾਈਨ ਉਪਲਬਧ ਹਨ - ਡਿਜੀਟਲ ਮਾਰਕੀਟਿੰਗ, ਸਮੱਗਰੀ ਲਿਖਣਾ, ਗ੍ਰਾਫਿਕ ਡਿਜ਼ਾਈਨਿੰਗ, ਡੇਟਾ ਐਂਟਰੀ। ਪਰ ਪਿੰਡਾਂ ਵਿੱਚ ਇੰਟਰਨੈੱਟ ਦੀ ਘਾਟ ਕਾਰਨ, ਪੰਜਾਬ ਦੇ ਨੌਜਵਾਨ ਇਨ੍ਹਾਂ ਮੌਕਿਆਂ ਤੋਂ ਵਾਂਝੇ ਰਹਿ ਗਏ। ਹੁਣ, ਭਾਵੇਂ ਜਲੰਧਰ ਹੋਵੇ ਜਾਂ ਫਾਜ਼ਿਲਕਾ, ਅੰਮ੍ਰਿਤਸਰ ਹੋਵੇ ਜਾਂ ਮੁਕਤਸਰ, ਹਰ ਜਗ?ਹਾ ਨੌਜਵਾਨਾਂ ਨੂੰ ਬਰਾਬਰ ਮੌਕੇ ਮਿਲਣਗੇ। ਵਿਦੇਸ਼ ਜਾਣ ਦੀ ਮਜਬੂਰੀ ਖਤਮ ਹੋ ਜਾਵੇਗੀ। ਇਹ ਯੋਜਨਾ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਸਾਬਤ ਹੋਵੇਗੀ। ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ 30 ਲੱਖ ਬੱਚੇ ਹੁਣ ਮਹਿੰਗੇ ਸ਼ਹਿਰੀ ਸਕੂਲਾਂ ਵਾਂਗ ਹੀ ਸਿੱਖਿਆ ਪ੍ਰਾਪਤ ਕਰਨਗੇ। ਔਨਲਾਈਨ ਕਲਾਸਾਂ, ਯੂਟਿਊਬ 'ਤੇ ਆਈਆਈਟੀ ਪ੍ਰੋਫੈਸਰਾਂ ਦੇ ਲੈਕਚਰ, ਮੁਫ਼ਤ ਕੋਰਸ—ਹਰ ਚੀਜ਼ ਹੁਣ ਪਿੰਡਾਂ ਦੇ ਬੱਚਿਆਂ ਲਈ ਪਹੁੰਚਯੋਗ ਹੋਵੇਗੀ। ਇਸ ਨਾਲ ਅਮੀਰ ਅਤੇ ਗਰੀਬ ਵਿਚਕਾਰ ਪਾੜਾ ਘੱਟ ਹੋਵੇਗਾ। ਸਿਹਤ ਸੰਭਾਲ ਸੇਵਾਵਾਂ ਵਿੱਚ ਵੀ ਇੱਕ ਵੱਡਾ ਬਦਲਾਅ ਆਵੇਗਾ। ਪੰਜਾਬ ਦੇ ਦੂਰ-ਦੁਰਾਡੇ ਇਲਾਕਿਆਂ ਵਿੱਚ ਜਿੱਥੇ ਡਾਕਟਰ ਨਹੀਂ ਪਹੁੰਚ ਸਕਦੇ, ਟੈਲੀਮੈਡੀਸਨ ਇਲਾਜ ਨੂੰ ਸੰਭਵ ਬਣਾਏਗਾ। ਪੀਜੀਆਈ ਚੰਡੀਗੜ੍ਹ ਜਾਂ ਅੰਮ੍ਰਿਤਸਰ ਦੇ ਵੱਡੇ ਹਸਪਤਾਲਾਂ ਦੇ ਮਾਹਰ ਡਾਕਟਰਾਂ ਨਾਲ ਵੀਡੀਓ ਕਾਲਾਂ ਰਾਹੀਂ ਸਲਾਹ-ਮਸ਼ਵਰਾ ਉਪਲਬਧ ਹੋਵੇਗਾ। ਸਮੇਂ ਸਿਰ ਇਲਾਜ ਜਾਨਾਂ ਬਚਾਏਗਾ। ਇਹ ਯੋਜਨਾ ਸੱਚਮੁੱਚ ਜੀਵਨ ਬਚਾਉਣ ਵਾਲੀ ਸਾਬਤ ਹੋਵੇਗੀ। ਇਹ ਯੋਜਨਾ ਔਰਤਾਂ ਲਈ ਸਸ਼ਕਤੀਕਰਨ ਦਾ ਸਾਧਨ ਬਣੇਗੀ। ਘਰੋਂ ਕਾਰੋਬਾਰ ਕਰਨਾ, ਆਨਲਾਈਨ ਕੋਰਸ ਕਰਨਾ, ਬੈਂਕਿੰਗ ਕਰਨਾ ਅਤੇ ਸਰਕਾਰੀ ਯੋਜਨਾਵਾਂ ਦਾ ਲਾਭ ਉਠਾਉਣਾ—ਹੁਣ ਸਭ ਕੁਝ ਆਸਾਨ ਹੋ ਜਾਵੇਗਾ। ਪੰਜਾਬ ਵਿੱਚ ਔਰਤਾਂ ਹੁਣ ਵਿੱਤੀ ਤੌਰ 'ਤੇ ਸੁਤੰਤਰ ਹੋ ਸਕਣਗੀਆਂ। ਇਹ ਸਮਾਜਿਕ ਤਬਦੀਲੀ ਦੀ ਸ਼ੁਰੂਆਤ ਹੈ। ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਇਸ ਪ੍ਰਾਪਤੀ ਨੂੰ ਪੰਜਾਬ ਦੇ ਲੋਕਾਂ ਦੁਆਰਾ ਇੱਕ ਸਮੂਹਿਕ ਯਤਨ ਦੱਸਿਆ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਤਕਨਾਲੋਜੀ ਨਹੀਂ ਹੈ, ਸਗੋਂ ਪੰਜਾਬ ਦੇ ਸੁਪਨਿਆਂ ਨੂੰ ਖੰਭ ਦੇਣ ਦਾ ਸਾਧਨ ਹੈ। ਪਠਾਨਕੋਟ ਦੇ ਸਰਹੱਦੀ ਪਿੰਡ ਰਾਮਕਲਵਾਂ ਵਿੱਚ ਵਾਈ-ਫਾਈ ਦੀ ਉਪਲਬਧਤਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਸਾਬਤ ਕਰਦੀ ਹੈ।

## ਨਕਲੀ ਦੁੱਧ, ਪਨੀਰ, ਖੋਆ ਤੇ ਮਠਿਆਈਆਂ ਬਣਾਉਣ ਵਾਲੇ ਸਾਵਧਾਨ, ਪੈਣਗੇ ਛਾਪੇ

ਖਰੜ 15 ਨਵੰਬਰ। ਖਰੜ ਖੇਤਰ 'ਚ ਹੁਣ ਨਕਲੀ ਮਠਿਆਈਆਂ, ਖੋਆ, ਦੁੱਧ, ਪਨੀਰ ਵੇਚਣ ਵਾਲਿਆਂ ਦੀ ਖੈਰ ਨਹੀਂ, ਕਿਉਂਕਿ ਖਰੜ ਡਿਵੈਲਪਮੈਂਟ ਚੌਂਕ ਗਰੁੱਪ ਨੇ ਐਲਾਨ ਕੀਤਾ ਹੈ ਕਿ ਤਿਉਹਾਰਾਂ ਨੂੰ ਮੁੱਖ ਰੱਖਦਿਆਂ ਹੋਇਆਂ 19 ਸਤੰਬਰ ਤੋਂ ਸ਼ਹਿਰ 'ਚ ਛਾਪਾ ਮਾਰ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਇਸ ਸਬੰਧੀ ਗੱਲਬਾਤ ਕਰਦਿਆਂ ਖਰੜ ਡਿਵੈਲਪਮੈਂਟ ਚੌਂਕ ਗਰੁੱਪ ਦੇ ਚੇਅਰਮੈਨ ਰੁਪਿੰਦਰ ਸਿੰਘ ਬਰਾੜ ਨੇ ਆਖਿਆ ਹੈ ਕਿ ਭਾਵੇਂ ਕਿ ਸਿਹਤ ਵਿਭਾਗ ਦੀ ਇਹ ਡਿਊਟੀ ਬਣਦੀ ਹੈ, ਕਿ ਉਹ ਤਿਉਹਾਰਾਂ ਦੇ ਦਿਨਾਂ 'ਚ ਨਕਲੀ ਮਿਠਾਈਆਂ ਬਣਾਉਣ ਵਾਲੇ ਦੁਕਾਨਦਾਰਾਂ ਦੀ ਚੈਕਿੰਗ ਕਰਨ, ਪਰ ਮਹਿਕਮਾ ਦਫ਼ਤਰ ਤੱਕ ਹੀ ਸੀਮਤ ਹੋ ਕੇ ਰਹਿ ਗਿਆ ਹੈ, ਫੀਲਡ 'ਚ ਕੰਮ ਨਹੀਂ ਕਰਦਾ, ਜਿਸ ਕਾਰਨ ਅਜਿਹੇ ਲੋਕਾਂ ਦੇ ਹੌਂਸਲੇ ਹੋਰ ਬੁਲੰਦ ਹੋ ਰਹੇ ਹਨ। ਹੁਣ ਖਰੜ ਡਿਵੈਲਪਮੈਂਟ ਚੌਂਕ ਗਰੁੱਪ ਨੇ ਬੀੜਾ ਚੁੱਕਿਆ ਹੈ। ਇਸ ਮੁਹਿੰਮ 'ਚ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਵੱਲੋਂ ਸਹਿਯੋਗ ਦਿੱਤਾ ਜਾ ਰਿਹਾ ਹੈ। ਬਰਾੜ ਨੇ ਕਿਹਾ ਕਿ ਤਿਉਹਾਰਾਂ ਦੇ ਦਿਨਾਂ 'ਚ ਦੁਕਾਨਦਾਰ ਦੋ ਮਹੀਨੇ ਪਹਿਲਾਂ ਹੀ ਮਿਠਾਈਆਂ ਬਣਾ ਕੇ ਕੋਲਡ ਸਟੋਰਾਂ 'ਚ ਰੱਖ ਦਿੰਦੇ ਹਨ। ਲੋਕਾਂ ਦੀ ਸਿਹਤ ਨਾਲ ਖਿਲਵਾੜ ਨਹੀਂ ਹੋਣ ਦਿੱਤਾ ਜਾਵੇਗਾ। ਇਸ ਮੌਕੇ ਯਸ਼ਪਾਲ ਬਾਂਸਲ ਪ੍ਰਧਾਨ, ਪ੍ਰਭਜੋਤ ਸਿੰਘ ਖ਼ਾਲਸਾ ਸੀਨੀਅਰ ਮੀਤ ਪ੍ਰਧਾਨ, ਹਰਮਨਪ੍ਰੀਤ ਸਿੰਘ ਜਰਨਲ ਸਕੱਤਰ, ਅਮਰੀਕ ਸਿੰਘ ਸੈਣੀ ਅਬਰਾਮਾਂ ਮੀਤ ਪ੍ਰਧਾਨ, ਮਾਸਟਰ ਜਗਜੀਤ ਸਿੰਘ ਖ਼ਜ਼ਾਨਚੀ, ਜਸਵੰਤ ਸਿੰਘ ਸੈਣੀ ਸਲਾਹਕਾਰ, ਕੁਲਜੀਤ ਸਿੰਘ ਸਲਾਹਕਾਰ, ਦੀਪਇੰਦਰ ਸਿੰਘ ਭੋਲਾ, ਸ਼ਾਮ ਲਾਲ ਸ਼ਰਮਾ, ਨਰਾਇਣ ਸ਼ਰਮਾ ਵੀ ਹਾਜ਼ਰ ਸਨ।

## ਪੰਜਾਬੀਆਂ ਲਈ ਗੁਰਦੁਆਰੇ ਤੋਂ ਵੱਡੀ ਅਨਾਊਂਸਮੈਂਟ ! ਜਾਰੀ ਕੀਤੀ ਗਈ ਵੱਡੀ ਚਿਤਾਵਨੀ

ਬਠਿੰਡਾ 15 ਨਵੰਬਰ। ਪੰਜਾਬ 'ਚ ਪਰਵਾਸੀ ਮਜ਼ਦੂਰਾਂ ਨੂੰ ਲੈ ਕੇ ਵੱਧਦਾ ਗੁੱਸਾ ਹੁਣ ਪਿੰਡਾਂ ਦੀਆਂ ਪੰਚਾਇਤਾਂ ਦੇ ਫ਼ੈਸਲਿਆਂ 'ਚ ਵੀ ਸਾਹਮਣੇ ਆ ਰਿਹਾ ਹੈ। ਤਾਜ਼ਾ ਮਾਮਲਾ ਬਠਿੰਡਾ ਦੇ ਪਿੰਡ ਗਹਿਰੀ ਭਾਗੀ ਦਾ ਹੈ, ਜਿੱਥੇ ਪਿੰਡ ਦੀ ਪੰਚਾਇਤ ਨੇ ਗੁਰਦੁਆਰਾ ਸਾਹਿਬ ਦੇ ਅੰਦਰ ਐਲਾਨ ਕਰਕੇ ਪਰਵਾਸੀ ਮਜ਼ਦੂਰਾਂ ਖ਼?ਲਾਫ਼ ਪੰਜ ਸਖ਼ਤ ਸ਼ਰਤਾਂ ਲਾਗੂ ਕਰ ਦਿੱਤੀਆਂ ਹਨ। ਪੰਚਾਇਤ ਵੱਲੋਂ ਜਾਰੀ ਪਹਿਲੇ ਫ਼ੈਸਲੇ ਅਨੁਸਾਰ ਪਰਵਾਸੀ ਮਜ਼ਦੂਰ ਪਿੰਡ 'ਚ ਘਰ ਜਾਂ ਜ਼ਮੀਨ ਨਹੀਂ ਖ਼ਰੀਦ ਸਕਦੇ। ਦੂਜਾ ਉਨ੍ਹਾਂ ਲਈ ਆਧਾਰ ਕਾਰਡ ਅਤੇ ਵੋਟਰ ਬਣਾਉਣ 'ਤੇ ਪਾਬੰਦੀ ਰਹੇਗੀ। ਤੀਜੇ ਫ਼ੈਸਲੇ ਮੁਤਾਬਕ ਪਿੰਡ 'ਚ ਆਏ ਪਰਵਾਸੀ ਸਿਰਫ਼ ਖੇਤ ਦੀ ਮੋਟਰ 'ਤੇ ਹੀ ਰਹਿ ਸਕਣਗੇ। ਚੌਥਾ ਜਿਸ ਕਿਸਾਨ ਦੇ ਖੇਤ 'ਚ ਪਰਵਾਸੀ ਮਜ਼ਦੂਰ ਕੰਮ ਕਰੇਗਾ, ਉਸ ਦੀ ਪੂਰੀ ਜ਼ਿੰਮੇਵਾਰੀ ਉਸੇ ਕਿਸਾਨ ਦੀ ਹੋਵੇਗੀ। ਪੰਜਵੇਂ ਫ਼ੈਸਲੇ ਮੁਤਾਬਕ ਹਰ ਪਰਵਾਸੀ ਮਜ਼ਦੂਰ ਦੀ ਪੁਲਸ ਵੈਰੀਫਿਕੇਸ਼ਨ ਕਰਵਾਈ ਜਾਵੇਗੀ। ਪਿੰਡ ਵਾਸੀ ਜਗਸੀਰ ਸਿੰਘ ਨੇ ਕਿਹਾ ਕਿ ਹੁਸ਼ਿਆਰਪੁਰ ਸਮੇਤ ਪੰਜਾਬ ਦੇ ਵੱਖ-ਵੱਖ ਇਲਾਕਿਆਂ 'ਚ ਪਰਵਾਸੀ ਮਜ਼ਦੂਰਾਂ ਵੱਲੋਂ ਹੋ ਰਹੀਆਂ ਘਟਨਾਵਾਂ ਕਾਰਨ ਲੋਕਾਂ 'ਚ ਗੁੱਸਾ ਹੈ। ਪਿੰਡ ਦੇ ਸਰਪੰਚ ਬਲਜੀਤ ਸਿੰਘ ਦਾ ਕਹਿਣਾ ਸੀ ਕਿ ਜਿਹੜੇ ਵੀ ਮਜ਼ਦੂਰ ਕੰਮ ਲਈ ਆਉਣਗੇ, ਉਹ ਪਿੰਡ 'ਚ ਸੈਟਲ ਨਹੀਂ ਹੋ ਸਕਣਗੇ। ਨਾ ਹੀ ਉਨ੍ਹਾਂ ਦਾ ਆਧਾਰ ਕਾਰਡ ਬਣੇਗਾ ਅਤੇ ਨਾ ਹੀ ਉਹ ਕੋਈ ਜਗ?ਹਾ ਖ਼ਰੀਦ ਸਕਣਗੇ। ਇਸ ਫ਼ੈਸਲੇ ਨੂੰ ਕਿਸਾਨ ਯੂਨੀਅਨ ਵੱਲੋਂ ਵੀ ਸਮਰਥਨ ਮਿਲਿਆ ਹੈ। ਬੀ. ਕੇ. ਯੂ. ਸਿੱਧੂਪੁਰ ਬਲਾਕ ਪ੍ਰਧਾਨ ਜਸਵੀਰ ਸਿੰਘ ਨੇ ਕਿਹਾ ਕਿ ਯੂ. ਪੀ.-ਬਿਹਾਰ ਤੋਂ ਆਏ ਪਰਵਾਸੀ ਮਜ਼ਦੂਰ ਪਿੰਡਾਂ ਦਾ ਮਾਹੌਲ ਖ਼ਰਾਬ ਕਰ ਰਹੇ ਹਨ। ਇਸ ਲਈ ਹੁਣ ਉਨ੍ਹਾਂ ਨੂੰ ਰਹਿਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਹਾਲਾਂਕਿ ਪਿੰਡ ਦੀ ਪੰਚਾਇਤ ਵੱਲੋਂ ਇਹ ਫ਼ੈਸਲਾ ਸੁਣਾ ਦਿੱਤਾ ਗਿਆ ਹੈ।

## ਥੋਕ ਮਹਿੰਗਾਈ ਅਗਸਤ 'ਚ 0.52 ਫੀਸਦੀ, 2 ਮਹੀਨਿਆਂ ਬਾਅਦ ਹੋਈ ਸਕਾਰਾਤਮਕ

ਨਵੀਂ ਦਿੱਲੀ 15 ਨਵੰਬਰ। ਭਾਰਤ 'ਚ ਥੋਕ ਮੁੱਲ ਸੂਚਕ ਅੰਕ ਭਾਵ ਡਬਲਿਊ.ਪੀ.ਆਈ. 'ਤੇ ਆਧਾਰਿਤ ਮਹਿੰਗਾਈ ਦਰ 2 ਮਹੀਨਿਆਂ ਬਾਅਦ ਅਗਸਤ 2025 'ਚ ਫਿਰ ਸਕਾਰਾਤਮਕ ਹੋ ਗਈ ਹੈ। ਇਹ 0.52 ਫੀਸਦੀ ਦਰਜ ਕੀਤੀ ਗਈ, ਜਿਸ ਦਾ ਮੁੱਖ ਕਾਰਨ ਖਾਣ-ਪੀਣ ਦੀਆਂ ਵਸਤੂਆਂ ਅਤੇ ਬਣੀਆਂ ਵਸਤੂਆਂ ਦੀਆਂ ਕੀਮਤਾਂ 'ਚ ਵਾਧਾ ਹੈ। ਇਹ ਜਾਣਕਾਰੀ ਸਰਕਾਰ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਤੋਂ ਪ੍ਰਾਪਤ ਹੋਈ ਹੈ। ਇਸ ਤੋਂ ਪਹਿਲਾਂ ਜੁਲਾਈ 'ਚ ਇਹ ਦਰ (-) 0.58 ਫੀਸਦੀ ਅਤੇ ਜੂਨ 'ਚ (-) 0.19 ਫੀਸਦੀ ਸੀ, ਜੋ ਕਿ ਨਕਾਰਾਤਮਕ (ਡਿਫਲੇਸ਼ਨ) ਰਹੀ ਸੀ। ਉਥੇ ਹੀ ਪਿਛਲੇ ਸਾਲ ਭਾਵ ਅਗਸਤ 2024 'ਚ ਇਹ ਦਰ 1.25 ਫੀਸਦੀ ਸੀ। ਖੁਰਾਕੀ ਵਸਤੂਆਂ: ਇਸ ਸ਼੍ਰੇਣੀ 'ਚ ਮਹਿੰਗਾਈ ਦੀ ਦਰ 'ਚ ਗਿਰਾਵਟ ਦੀ ਰਫਤਾਰ ਹੌਲੀ ਹੋ ਗਈ। ਅਗਸਤ 'ਚ 3.06 ਫੀਸਦੀ ਸੀ, ਜਦਕਿ ਜੁਲਾਈ 'ਚ 6.29 ਫੀਸਦੀ ਸੀ। ਖਾਸ ਕਰ ਕੇ ਸਬਜ਼ੀਆਂ ਦੀਆਂ ਕੀਮਤਾਂ ਵਿਚ ਵਾਧਾ ਹੋਇਆ ਹੈ। ਅਗਸਤ 'ਚ ਸਬਜ਼ੀਆਂ ਵਿਚ 14.18 ਫੀਸਦੀ ਦੀ ਗਿਰਾਵਟ ਆਈ, ਜੋ ਜੁਲਾਈ 'ਚ 28.96 ਫੀਸਦੀ ਸੀ। ਥੋਕ ਮਹਿੰਗਾਈ ਦੇ ਨਾਲ ਹੀ ਪ੍ਰਚੂਨ ਮਹਿੰਗਾਈ ਦਰ 'ਚ ਵੀ ਵਾਧਾ ਹੋਇਆ ਹੈ। ਹਾਲ ਹੀ ਦੇ ਅੰਕੜਿਆਂ ਅਨੁਸਾਰ ਅਗਸਤ 'ਚ ਪ੍ਰਚੂਨ ਮਹਿੰਗਾਈ ਵਧ ਕੇ 2.07 ਫੀਸਦੀ ਹੋ ਗਈ, ਜਿਸ ਦਾ ਮੁੱਖ ਕਾਰਨ ਸਬਜ਼ੀਆਂ, ਮਾਸ, ਮੱਛੀ ਅਤੇ ਆਂਡੇ ਵਰਗੀਆਂ ਰਸੋਈ ਨਾਲ ਜੁੜੀਆਂ ਚੀਜ਼ਾਂ ਦੀਆਂ ਵਧਦੀਆਂ ਕੀਮਤਾਂ ਹਨ। ਭਾਰਤੀ ਰਿਜ਼ਰਵ ਬੈਂਕ (ਆਰ.ਬੀ.ਆਈ.) ਆਪਣੀ ਮੁਦਰਾ ਨੀਤੀ ਦਾ ਫੈਸਲਾ ਲੈਂਦੇ ਸਮੇਂ ਪ੍ਰਚੂਨ ਮਹਿੰਗਾਈ 'ਤੇ ਵਧੇਰੇ ਧਿਆਨ ਦਿੰਦਾ ਹੈ। ਆਰ. ਬੀ.ਆਈ. ਨੇ ਅਗਸਤ 'ਚ ਰੈਪੋ ਰੇਟ ਨੂੰ 5.5 ਫੀਸਦੀ 'ਤੇ ਸਥਿਰ ਰੱਖਿਆ, ਜਿਸ ਤੋਂ ਪਤਾ ਚੱਲਦਾ ਹੈ ਕਿ ਕੇਂਦਰੀ ਬੈਂਕ ਅਜੇ ਵੀ ਮੰਨਦਾ ਹੈ ਕਿ ਮਹਿੰਗਾਈ ਕੰਟਰੋਲ 'ਚ ਹੈ।

## ਸਕੂਲ ਦੇ ਮਿਡ-ਡੇਅ ਮੀਲ ਰੂਮ 'ਚੋਂ ਮਿਲਿਆ 10 ਫੁੱਟ ਲੰਬਾ ਅਜਗਰ, ਪਈਆਂ ਭਾਜੜਾਂ

ਜਲੌਨ 15 ਨਵੰਬਰ। ਉੱਤਰ ਪ੍ਰਦੇਸ਼ ਦੇ ਜਲੌਨ ਜ਼ਿਲ੍ਹੇ ਤੋਂ ਇੱਕ ਭਿਆਨਕ ਘਟਨਾ ਸਾਹਮਣੇ ਆਈ ਹੈ। ਕੋਂਚ ਤਹਿਸੀਲ ਦੇ ਕੁੰਡਾ ਪਿੰਡ ਵਿੱਚ ਇੱਕ ਉੱਚ ਪ੍ਰਾਇਮਰੀ ਸਕੂਲ ਦੇ ਮਿਡ-ਡੇਅ ਮੀਲ ਰੂਮ ਵਿੱਚ ਅਚਾਨਕ 10 ਫੁੱਟ ਲੰਬਾ ਅਜਗਰ ਦਿਖਾਈ ਦਿੱਤਾ। ਇਸਨੂੰ ਦੇਖ ਕੇ ਸਕੂਲ ਸਟਾਫ਼ ਅਤੇ ਨੇੜਲੇ ਪਿੰਡ ਵਾਸੀਆਂ ਵਿੱਚ ਦਹਿਸ਼ਤ ਫੈਲ ਗਈ। ਦੁਪਹਿਰ ਦੇ ਸਮੇਂ ਜਦੋਂ ਸਟੋਰਰੂਮ ਵਿੱਚ ਮਿਡ-ਡੇਅ ਮੀਲ ਤਿਆਰ ਕਰ ਰਹੀ ਸੀ ਤਾਂ ਇੱਕ ਨੌਕਰਾਣੀ ਨੇ ਕਮਰੇ ਦੇ ਕੋਨੇ ਵਿੱਚ ਇੱਕ ਵੱਡਾ ਅਜਗਰ ਲਟਕਿਆ ਹੋਇਆ ਦੇਖਿਆ। ਪਹਿਲਾਂ ਤਾਂ ਉਸਨੂੰ ਯਕੀਨ ਨਹੀਂ ਆਇਆ ਪਰ ਜਦੋਂ ਉਹ ਨੇੜੇ ਗਈ ਤਾਂ ਉਸਨੂੰ ਅਹਿਸਾਸ ਹੋਇਆ ਕਿ ਇਹ ਲਗਭਗ 10 ਫੁੱਟ ਲੰਬਾ ਹੈ। ਡਰਦੇ ਹੋਏ ਉਹ ਉਥੋਂ ਭੱਜ ਗਈ ਅਤੇ ਬਾਹਰ ਜਾ ਕੇ ਇਸ ਦੀ




ਸੂਚਨਾ ਅਧਿਆਪਕਾਂ ਅਤੇ ਸਟਾਫ ਨੂੰ ਦਿੱਤੀ। ਕੁਝ ਮਿੰਟਾਂ ਵਿੱਚ ਪੂਰੇ ਸਕੂਲ ਵਿਚ ਹਫ਼ੜਾ-ਦਫ਼ੜੀ ਮਚ ਗਈ, ਜਿਸ ਕਾਰਨ ਬੱਚੇ ਇੱਧਰ-ਉੱਧਰ ਭੱਜਣ ਲੱਗ ਪਏ। ਸਕੂਲ ਪ੍ਰਸ਼ਾਸਨ ਨੇ ਤੁਰੰਤ ਜੰਗਲਾਤ ਵਿਭਾਗ ਨੂੰ ਸੂਚਿਤ ਕੀਤਾ। ਜੰਗਲਾਤ ਗਾਰਡ ਸ਼ਿਵਾਜੀ ਅਤੇ ਰਾਮਨਿਵਾਸ ਆਪਣੀ ਟੀਮ ਨਾਲ ਮੌਕੇ 'ਤੇ ਪਹੁੰਚੇ ਅਤੇ ਸਾਵਧਾਨੀ ਨਾਲ ਬਚਾਅ ਕਾਰਜ ਸ਼ੁਰੂ ਕੀਤਾ। ਅਜਗਰ ਕਮਰੇ ਵਿੱਚ ਪਈਆਂ ਵੱਖ-ਵੱਖ ਚੀਜ਼ਾਂ ਵਿੱਚ ਲਪੇਟਿਆ ਹੋਇਆ ਸੀ। ਲਗਭਗ ਅੱਧੇ ਘੰਟੇ ਦੀ ਕੋਸ਼ਿਸ਼ ਤੋਂ ਬਾਅਦ ਜੰਗਲਾਤ ਵਿਭਾਗ ਦੀ ਟੀਮ ਨੇ ਅਜਗਰ ਨੂੰ ਸੁਰੱਖਿਅਤ ਫੜ ਲਿਆ ਅਤੇ ਜੰਗਲ ਵਿੱਚ ਛੱਡ ਦਿੱਤਾ। ਸਕੂਲ ਸਟਾਫ਼ ਅਤੇ ਪਿੰਡ ਵਾਸੀਆਂ ਨੇ ਸੁੱਖ ਦਾ ਸਾਹ ਲਿਆ। ਸਥਾਨਕ ਨਿਵਾਸੀਆਂ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਸਕੂਲ ਦੇ ਆਲੇ-ਦੁਆਲੇ ਦੀਆਂ ਝਾੜੀਆਂ ਵਿੱਚ ਸੱਪਾਂ ਅਤੇ ਹੋਰ ਜੰਗਲੀ ਜਾਨਵਰਾਂ ਦੀ ਗਤੀਵਿਧੀ ਕਾਫ਼ੀ ਵੱਧ ਗਈ ਸੀ। ਉਨ੍ਹਾਂ ਦਾ ਮੰਨਣਾ ਹੈ ਕਿ ਅਜਗਰ ਸਕੂਲ ਕੈਂਪਸ ਵਿੱਚ ਕਿਸੇ ਨੇੜਲੇ ਖੇਤ ਜਾਂ ਝਾੜੀ ਤੋਂ ਦਾਖਲ ਹੋਇਆ ਹੋ ਸਕਦਾ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਜੰਗਲਾਤ ਵਿਭਾਗ ਨਿਯਮਤ ਗਸ਼ਤ ਕਰੇ ਅਤੇ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਇਲਾਕੇ ਦੀਆਂ ਝਾੜੀਆਂ ਨੂੰ ਸਾਫ਼ ਕਰੇ।

# ਦਵਾਈਆਂ ਅਤੇ ਮੈਡੀਕਲ ਉਤਪਾਦ ਹੋਣਗੇ ਸਸਤੇ, ਸਰਕਾਰ ਨੇ ਕੰਪਨੀਆਂ ਨੂੰ ਜਾਰੀ ਕੀਤੇ ਨਵੇਂ ਨਿਰਦੇਸ਼

**ਕੌਮੀ ਪਤ੍ਰਿਕਾ**

ਬਿਜ਼ਨੈੱਸ ਡੈਸਕ 15 ਨਵੰਬਰ। ਦੇਸ਼ ਭਰ ਦੇ ਮਰੀਜ਼ਾਂ ਅਤੇ ਖਪਤਕਾਰਾਂ ਲਈ ਰਾਹਤ ਦੀ ਖ਼ਬਰ ਹੈ। ਕੇਂਦਰ ਸਰਕਾਰ ਨੇ ਫਾਰਮਾਸਿਊਟੀਕਲ ਕੰਪਨੀਆਂ ਨੂੰ 22 ਸਤੰਬਰ, 2025 ਤੋਂ ਨਵੀਆਂ GST ਦਰਾਂ ਦੇ ਆਧਾਰ 'ਤੇ ਵੱਧ ਤੋਂ ਵੱਧ ਪ੍ਰਚੂਨ ਕੀਮਤ (MRP) ਬਦਲਣ ਦੇ ਨਿਰਦੇਸ਼ ਦਿੱਤੇ ਹਨ। ਇਹ ਫੈਸਲਾ GST ਕੌਂਸਲ ਦੀ 56ਵੀਂ ਮੀਟਿੰਗ ਵਿੱਚ ਕੀਤੇ ਗਏ ਟੈਕਸ ਦਰਾਂ ਵਿੱਚ ਸੋਧ ਤੋਂ ਬਾਅਦ ਲਿਆ ਗਿਆ ਹੈ। ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਟੈਕਸ ਕਟੌਤੀ ਦਾ ਸਿੱਧਾ ਲਾਭ ਗਾਹਕਾਂ ਤੱਕ ਪਹੁੰਚੇ। ਨੈਸ਼ਨਲ ਫਾਰਮਾਸਿਊਟੀਕਲ ਪ੍ਰਾਈਸਿੰਗ ਅਥਾਰਟੀ (NPPA) ਨੇ ਸਪੱਸ਼ਟ ਕੀਤਾ ਹੈ ਕਿ ਨਵੀਂ GST ਪ੍ਰਣਾਲੀ ਅਧੀਨ ਦਵਾਈਆਂ, ਫਾਰਮੂਲੇਸ਼ਨਾਂ ਅਤੇ ਮੈਡੀਕਲ ਉਪਕਰਣਾਂ 'ਤੇ ਟੈਕਸ ਵਿੱਚ ਕਟੌਤੀ ਦਾ ਪ੍ਰਭਾਵ ਸਿੱਧੇ ਤੌਰ 'ਤੇ ਕੀਮਤਾਂ ਵਿੱਚ ਪ੍ਰਤੀਬਿੰਬਤ ਹੋਣਾ ਚਾਹੀਦਾ ਹੈ। ਸਰਕਾਰ ਨੇ ਕੰਪਨੀਆਂ ਨੂੰ ਕਿਹਾ ਹੈ: ਡੀਲਰਾਂ, ਪ੍ਰਚੂਨ ਵਿਕਰੇਤਾਵਾਂ ਅਤੇ ਰਾਜ ਦੇ ਡਰੱਗ ਕੰਟਰੋਲਰਾਂ ਨੂੰ ਨਵੀਆਂ ਕੀਮਤਾਂ ਬਾਰੇ ਸੂਚਿਤ ਕਰੋ। ਅੱਪਡੇਟ ਕੀਤੇ MRP ਅਤੇ GST ਦਰਾਂ ਵਾਲੀ ਕੀਮਤ ਸੂਚੀ ਜਾਂ ਪੂਰਕ ਕੀਮਤ ਸੂਚੀ ਜਾਰੀ ਕਰੋ। ਜੇਕਰ ਨਵੀਆਂ ਕੀਮਤਾਂ ਪ੍ਰਚੂਨ ਪੱਧਰ



'ਤੇ ਲਾਗੂ ਕੀਤੀਆਂ ਜਾਂਦੀਆਂ ਹਨ, ਤਾਂ ਪੁਰਾਣੇ ਸਟਾਕ ਨੂੰ ਵਾਪਸ ਬੁਲਾਉਣ ਜਾਂ ਦੁਬਾਰਾ ਲੇਬਲ ਕਰਨ ਦੀ ਕੋਈ ਲੋੜ ਨਹੀਂ ਹੋਵੇਗੀ। ਨਾਲ ਹੀ, ਰੈਗੂਲੇਟਰ ਨੇ ਉਦਯੋਗ ਸੰਗਠਨਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਅਖ਼ਬਾਰਾਂ ਅਤੇ ਮੀਡੀਆ ਰਾਹੀਂ ਜਨਤਾ ਨੂੰ ਨਵੀਆਂ ਦਰਾਂ ਬਾਰੇ ਸੂਚਿਤ ਕਰਨ। ਕਿਹੜੇ ਉਤਪਾਦਾਂ 'ਤੇ ਟੈਕਸ ਬਦਲਿਆ ਗਿਆ ਹੈ? 33 ਜੈਨਰਿਕ ਦਵਾਈਆਂ 'ਤੇ, GST ਹੁਣ 0% ਕਰ ਦਿੱਤਾ ਗਿਆ ਹੈ, ਜੋ ਕਿ ਪਹਿਲਾਂ 5% ਸੀ। ਮੈਡੀਕਲ ਡ?ਰੈਸਿੰਗ, ਪੱਟੀਆਂ, ਚਿਪਕਣ ਵਾਲੇ ਪਲਾਸਟਰ ਆਦਿ ਜਿਨ੍ਹਾਂ 'ਤੇ ਪਹਿਲਾਂ 12% ਟੈਕਸ ਲਗਾਇਆ ਜਾਂਦਾ ਸੀ, ਹੁਣ ਸਿਰਫ 5% ਟੈਕਸ ਲਗਾਇਆ ਜਾਵੇਗਾ। ਟੈਲਕਮ ਪਾਊਡਰ, ਸ਼ੈਂਪੂ, ਟੂੱਥਪੇਸਟ, ਵਾਲਾਂ ਦਾ ਤੇਲ, ਸ਼ੇਵਿੰਗ ਕਰੀਮ ਆਦਿ 'ਤੇ, GST 18% ਤੋਂ ਘਟਾ ਕੇ 5% ਕਰ ਦਿੱਤਾ ਗਿਆ ਹੈ। ਦਵਾਈਆਂ ਦੀਆਂ ਕੀਮਤਾਂ ਕਾਨੂੰਨੀ ਮੈਟਰੋਲੋਜੀ ਕਾਨੂੰਨਾਂ ਦੇ ਅਧੀਨ ਨਹੀਂ ਆਉਂਦੀਆਂ, ਇਸ ਲਈ ਦਵਾਈਆਂ ਅਤੇ ਸਿਹਤ ਸੰਭਾਲ ਉਤਪਾਦਾਂ ਦੀ MRP ਨੂੰ ਕੰਟਰੋਲ ਕਰਨ ਦਾ ਤਰੀਕਾ ਵੱਖਰਾ ਹੈ। ਸਰਕਾਰ ਦੇ ਇਸ ਫੈਸਲੇ ਨੂੰ ਸਿਹਤ ਸੰਭਾਲ ਸੇਵਾਵਾਂ ਦੀ ਲਾਗਤ ਘਟਾਉਣ ਵੱਲ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ। ਸਾਰੀਆਂ ਨਵੀਆਂ GST ਦਰਾਂ ਅਤੇ MRP ਵਿੱਚ ਬਦਲਾਅ 22 ਸਤੰਬਰ 2025 ਤੋਂ ਲਾਗੂ ਹੋਣਗੇ। ਇਸ ਨਾਲ ਆਮ ਖਪਤਕਾਰਾਂ ਨੂੰ ਮਹਿੰਗੇ ਇਲਾਜ ਅਤੇ ਡਾਕਟਰੀ ਖਰਚਿਆਂ ਤੋਂ ਰਾਹਤ ਮਿਲਣ ਦੀ ਉਮੀਦ ਹੈ।

# ਲੁਧਿਆਣੇ ਦੀ ਸਾਫ਼ ਸਫ਼ਾਈ ਨੂੰ ਲੈ ਕੇ ਨਿਗਮ ਕਮਿਸ਼ਨਰ ਵੱਲੋਂ ਸਖ਼ਤ ਹੁਕਮ ਜਾਰੀ

**ਕੌਮੀ ਪਤ੍ਰਿਕਾ**

ਲੁਧਿਆਣਾ 15 ਨਵੰਬਰ। ਰਾਤ ਦੀ ਗਸ਼ਤ ਟੀਮਾਂ ਦੀ ਤਾਇਨਾਤੀ ਸਮੇਤ ਸ਼ਹਿਰ ਭਰ ਵਿੱਚ ਸਫਾਈ ਨੂੰ ਯਕੀਨੀ ਬਣਾਉਣ ਲਈ ਸਖ਼ਤ ਕਦਮ ਚੁੱਕਦੇ ਹੋਏ, ਨਗਰ ਨਿਗਮ ਕਮਿਸ਼ਨਰ ਆਦਿਤਿਆ ਡੇਚਲਵਾਲ ਨੇ ਸਬੰਧਤ ਠੇਕੇਦਾਰਾਂ ਨੂੰ ਸਟੈਟਿਕ ਕੰਪੈਕਟਰਾਂ ਦੇ ਸਹੀ ਕੰਮਕਾਜ ਅਤੇ ਸ਼ਹਿਰ ਵਿਚੋਂ ਕੂੜੇ ਦੀ ਸਮੇਂ ਸਿਰ ਲਿਫਟਿੰਗ ਨੂੰ ਯਕੀਨੀ ਬਣਾਉਣ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ ਹਨ। ਇਹ ਨਿਰਦੇਸ਼ ਮੰਗਲਵਾਰ ਨੂੰ ਸਰਾਭਾ ਨਗਰ ਸਥਿਤ ਨਗਰ ਨਿਗਮ ਜ਼ੋਨ ਡੀ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਜਾਰੀ ਕੀਤੇ ਗਏ। ਮੀਟਿੰਗ ਵਿੱਚ ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ, ਨਿਗਰਾਨ ਇੰਜੀਨਿਅਰ ਸ਼ਾਮ ਲਾਲ ਗੁਪਤਾ, ਨਗਰ ਨਿਗਮ ਦੇ ਠੇਕੇਦਾਰਾਂ ਸਮੇਤ ਹੋਰ ਮੌਜੂਦ ਸਨ। ਠੇਕੇਦਾਰਾਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਹਨ ਕਿ ਉਪਰੋਕਤ ਕੰਮਾਂ ਵਿਚ ਕਿਸੇ ਵੀ ਤਰ੍ਹਾਂ ਦੀ ਢਿੱਲ ਲਈ ਉਨ੍ਹਾਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਠੇਕੇਦਾਰਾਂ ਤੋਂ ਫੀਡਬੈਕ ਵੀ ਲਈ ਗਈ। ਤਾਜਪੁਰ ਰੋਡ 'ਤੇ ਨਗਰ ਨਿਗਮ ਦੇ ਮੁੱਖ ਡੰਪ ਸਾਈਟ 'ਤੇ ਵਿਰਾਸਤੀ/ਲੈਗੇਸੀ ਅਤੇ ਤਾਜ਼ੇ ਕੂੜੇ ਦੀ ਪ੍ਰੋਸੈਸਿੰਗ ਦੇ ਕੰਮ ਨੂੰ ਤੇਜ਼ ਕਰਨ ਲਈ ਨਿਰਦੇਸ਼ ਵੀ ਜਾਰੀ ਕੀਤੇ ਗਏ ਹਨ। ਨਗਰ ਨਿਗਮ ਕਮਿਸ਼ਨਰ ਆਦਿਤਿਆ ਡੇਚਲਵਾਲ ਨੇ ਕਿਹਾ ਕਿ



ਸ਼ਹਿਰ ਵਿੱਚ ਕੂੜਾ ਪ੍ਰਬੰਧਨ ਨੂੰ ਬਿਹਤਰ ਬਣਾਉਣ ਲਈ ਨਿਯਮਤ ਯਤਨ ਕੀਤੇ ਜਾ ਰਹੇ ਹਨ ਅਤੇ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਸਾਰੇ ਪਹਿਲੂਆਂ ਨੂੰ ਕਵਰ ਕੀਤਾ ਜਾ ਰਿਹਾ ਹੈ। ਨਗਰ ਨਿਗਮ ਦੇ ਅਧਿਕਾਰੀਆਂ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਸ਼ਹਿਰ ਭਰ ਵਿੱਚ ਸਫਾਈ ਨੂੰ ਯਕੀਨੀ ਬਣਾਉਣ ਅਤੇ ਜੇਕਰ ਉਹ ਇਹਨਾਂ ਆਦੇਸ਼ਾਂ ਦੀ ਪਾਲਣਾ ਕਰਨ ਵਿੱਚ ਅਸਫਲ ਰਹਿੰਦੇ ਹਨ ਤਾਂ ਉਨ੍ਹਾਂ ਵਿਰੁੱਧ ਕਾਰਵਾਈ ਵੀ ਕੀਤੀ ਜਾਵੇਗੀ। ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਅਤੇ ਨਗਰ ਨਿਗਮ ਕਮਿਸ਼ਨਰ ਆਦਿਤਿਆ ਡੇਚਲਵਾਲ ਦੇ ਨਿਰਦੇਸ਼ਾਂ 'ਤੇ ਕੰਮ ਕਰਦੇ ਹੋਏ, ਨਗਰ ਨਿਗਮ ਦੀਆਂ ਟੀਮਾਂ ਨਿਵਾਸੀਆਂ ਨੂੰ ਖੁੱਲ੍ਹੇ ਵਿੱਚ ਕੂੜਾ ਸੁੱਟਣ ਤੋਂ ਰੋਕਣ ਲਈ ਨਿਯਮਤ ਤੌਰ 'ਤੇ ਰਾਤ ਦੀ ਗਸ਼ਤ ਕਰ ਰਹੀਆਂ ਹਨ। ਚੰਡੀਗੜ੍ਹ ਰੋਡ (ਵਰਧਮਾਨ ਮਿੱਲ ਦੇ ਪਿੱਛੇ), ਤਾਜਪੁਰ ਰੋਡ, ਗੁਰੂ ਅਰਜਨ ਦੇਵ ਨਗਰ ਅਤੇ ਹੋਰ ਇਲਾਕਿਆਂ ਵਿੱਚ ਵਸਨੀਕਾਂ ਅਤੇ ਰੇਹੜੀ-ਫੜ੍ਹੀ ਵਾਲਿਆਂ ਸਮੇਤ ਉਲੰਘਣਾ ਕਰਨ ਵਾਲਿਆਂ ਨੂੰ ਅੱਠ ਚਲਾਨ ਜਾਰੀ ਕੀਤੇ ਗਏ। ਨਗਰ ਨਿਗਮ ਕਮਿਸ਼ਨਰ ਡੇਚਲਵਾਲ ਨੇ ਵਸਨੀਕਾਂ ਨੂੰ ਖੁੱਲ੍ਹੇ ਵਿਚ ਕੂੜਾ ਸੁੱਟਣਾ ਬੰਦ ਕਰਨ ਅਤੇ ਸ਼ਹਿਰ ਨੂੰ ਸਾਫ਼ ਰੱਖਣ ਵਿਚ ਨਗਰ ਨਿਗਮ ਦਾ ਸਮਰਥਨ ਕਰਨ ਦੀ ਅਪੀਲ ਕੀਤੀ। ਵਸਨੀਕਾਂ ਨੂੰ ਆਪਣਾ ਕੂੜਾ, ਕੂੜਾ ਇਕੱਠਾ ਕਰਨ ਵਾਲਿਆਂ ਨੂੰ ਸੌਂਪਣਾ ਚਾਹੀਦਾ ਹੈ ਜਾਂ ਨਗਰ ਨਿਗਮ ਦੀਆਂ ਨਿਰਧਾਰਤ ਸਟੈਟਿਕ ਕੰਪੈਕਟਰ ਸਾਈਟਾਂ 'ਤੇ ਡੰਪ ਕਰਨਾ ਚਾਹੀਦਾ ਹੈ।

## ਵਿਧਾਇਕ ਟੌਂਗ ਨੇ ਹਰ ਪੀੜਤ ਪਰਿਵਾਰ ਨੂੰ ਮਾਲੀ ਸਹਾਇਤਾ ਦੇਣ ਦਾ 4 ਲੱਖ ਰੁਪਏ ਦਾ ਸੌਂਪਿਆ ਚੈੱਕ

ਅੰਮ੍ਰਿਤਸਰ 15 ਨਵੰਬਰ। ਭਾਰੀ ਬਾਰਿਸ਼ ਦੌਰਾਨ ਹਲਕਾ ਬਾਬਾ ਬਕਾਲਾ ਦੇ ਅਧੀਨ ਪੈਂਦੇ ਪਿੰਡ ਸਠਿਆਲਾ ਵਿਖੇ ਰਾਜਵਿੰਦਰ ਸਿੰਘ ਦੇ ਘਰ ਦੀ ਛੱਤ ਡਿੱਗਣ 12 ਸਾਲ ਦੀ ਇਕ ਬੱਚੀ ਦੀ ਮੌਤ ਹੋ ਗਈ ਸੀ ਅਤੇ ਬਾਕੀ ਪਰਿਵਾਰਕ ਮੈਂਬਰ ਜਖਮੀ ਹੋ ਗਏ ਸਨ ਦੇ ਪਰਿਵਾਰ ਦੀ ਮਾਲੀ ਸਹਾਇਤਾ ਕਰਨ ਲਈ ਹਲਕਾ ਵਿਧਾਇਕ ਬਾਬਾ ਬਕਾਲਾ ਸਰਦਾਰ ਦਲਬੀਰ ਸਿੰਘ ਟੌਂਗ ਨੇ ਪਰਿਵਾਰ ਨੂੰ 4 ਲੱਖ ਰੁਪਏ ਦਾ ਚੈੱਕ ਸੌਂਪਿਆ ਅਤੇ ਕਿਹਾ ਕਿ ਇਸ ਨਾਲ ਪਰਿਵਾਰ ਦਾ ਘਾਟਾ ਤਾ ਪੂਰਾ ਨਹੀਂ ਹੋ ਸਕਦਾ ਪਰ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਪੀੜਿਤ ਪਰਿਵਾਰ ਦੀ ਸਹਾਇਤਾ ਲਈ ਇਹ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਮੌਕੇ ਉਹਨਾਂ ਦੇ ਨਾਲ ਐਸਡੀਐਮ ਬਾਬਾ ਬਕਾਲਾ ਸਰਦਾਰ ਅਮਨਦੀਪ ਸਿੰਘ ਵੀ ਮੌਜੂਦ ਸਨ। ਸ੍ਰ ਟੌਂਗ ਨੇ ਕਿਹਾ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਹੜ੍ਹ ਨਾਲ ਹੋਏ ਨੁਕਸਾਨ ਦੀ ਪਲ ਪਲ ਦੀ ਰਿਪੋਰਟ ਲੈ ਰਹੇ ਹਨ ਅਤੇ ਸਾਡੀ ਸਰਕਾਰ ਦੀ ਪੂਰੀ ਕੋਸ਼ਿਸ਼ ਹੈ ਕਿ ਇਨ੍ਹਾਂ ਪੀੜਤ ਪਰਿਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾ ਸਕੇ ਅਤੇ ਮੈਂ ਪਰਮਾਤਮਾ ਅਗੇ ਅਰਦਾਸ ਕਰਦਾ ਹਾਂ ਕਿ ਜਲਦ ਹੀ ਸਾਰੇ ਹਾਲਾਤ ਠੀਕ ਹੋ ਜਾਣਗੇ। ਉਨਾਂ ਪਾਰਟੀ ਦੇ ਅਹੁਦੇਦਾਰਾਂ ਅਤੇ ਵਲੰਟੀਅਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਅੱਗੇ ਆਉਣ। ਉਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਨੇ ਹੜ੍ਹ ਦੀ ਮਾਰ ਹੇਠ ਆਏ ਲੋਕਾਂ ਨੂੰ ਬਚਾਉਣ ਅਤੇ ਉਨਾਂ ਤੱਕ ਰਾਸ਼ਨ ਪਹੁੰਚਾਉਣ ਲਈ ਸਰਕਾਰ ਦਾ ਹੈਲੀਕਾਪਟਰ ਲੋਕ ਸੇਵਾ ਵਿੱਚ ਲਗਾ ਦਿੱਤਾ ਹੈ। ਉਨਾਂ ਕਿਹਾ ਕਿ ਸਾਡੇ ਲਈ ਇਕ-ਇਕ ਜਾਣ ਕੀਮਤੀ ਹੈ ਅਤੇ ਅਸੀਂ ਇਸ ਮੁਸ਼ਕਿਲ ਘੜੀ ਵਿੱਚ ਲੋਕਾਂ ਦੇ ਨਾਲ ਖੜੇ ਹਾਂ। ਵਿਧਾਇਕ ਟੌਂਗ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਬਾਰਿਸ਼ ਦੇ ਮੱਦੇ ਨਜਰ ਸੁਚੇਤ ਰਹਿਣ ਅਤੇ ਨੀਵੀਆਂ ਥਾਂਵਾਂ ਤੇ ਬਿਲਕੁਲ ਨਾ ਜਾਣ। ਉਨ੍ਹਾਂ ਕਿਹਾ ਕਿ ਇਹ ਇਕ ਕੁਦਰਤੀ ਆਫਤ ਹੈ ਪਰ ਸਾਡੀ ਸਰਕਾਰ ਇਸ ਕੁਦਰਤੀ ਆਫਤ ਨਾਲ ਨਜਿੱਠਣ ਲਈ ਹਰ ਤਰ੍ਹਾਂ ਦੇ ਪ੍ਰਬੰਧ ਕਰ ਰਹੀ ਹੈ ਅਤੇ ਹੜ੍ਹ ਪੀੜਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ।

# ਕਿਧਰ ਨੂੰ ਤੁਰੀ ਜਾਂਦੀ ਏ ਦੁਨੀਆ... ! ਸਮਲਿੰਗੀ ਸਾਥੀ ਨਾਲ ਰਲ? ਗਲਾ ਦੱਬ ਮਾਰ'ਤਾ ਪੁੱਤ

**ਏਜੰਸੀਆਂ**

ਵੈੱਬ ਡੈਸਕ 15 ਨਵੰਬਰ। ਤਾਮਿਲਨਾਡੂ ਦੇ ਕ੍ਰਿਸ਼ਨਾਗਿਰੀ ਜ਼ਿਲ੍ਹੇ ਦੇ ਕੇਲਾਮੰਗਲਮ ਖੇਤਰ ਵਿੱਚ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਇੱਕ 38 ਸਾਲਾ ਵਿਅਕਤੀ ਨੇ ਦੋਸ਼ ਲਗਾਇਆ ਹੈ ਕਿ ਉਸਦੀ ਪਤਨੀ ਅਤੇ ਉਸਦੇ ਕਥਿਤ ਸਮਲਿੰਗੀ ਸਾਥੀ ਨੇ ਉਸਦੇ 5 ਮਹੀਨੇ ਦੇ ਪੁੱਤਰ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਘਟਨਾ ਤੋਂ ਬਾਅਦ, ਪੁਲਸ ਨੇ ਦੋਵਾਂ ਔਰਤਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਜਾਂਚ ਜਾਰੀ ਹੈ। ਚਿਨੱਟੀ ਪਿੰਡ ਦਾ ਰਹਿਣ ਵਾਲਾ ਸੁਰੇਸ਼ ਇੱਕ ਦਿਹਾੜੀਦਾਰ ਮਜ਼ਦੂਰ ਹੈ। ਉਸਦਾ ਵਿਆਹ 26 ਸਾਲਾ ਭਾਰਤੀ ਨਾਲ ਹੋਇਆ ਸੀ। ਇਸ ਜੋੜੇ ਦੀਆਂ ਦੋ ਧੀਆਂ (5 ਤੇ 4 ਸਾਲ) ਅਤੇ ਇੱਕ ਪੁੱਤਰ ਹੈ ਜਿਸਦਾ ਜਨਮ ਪੰਜ ਮਹੀਨੇ ਪਹਿਲਾਂ ਹੋਇਆ ਸੀ। ਉਸਨੇ ਕਿਹਾ, 5 ਨਵੰਬਰ ਨੂੰ, ਮੈਨੂੰ ਦੱਸਿਆ ਗਿਆ ਕਿ ਬੱਚਾ ਅਚਾਨਕ ਬੇਹੋਸ਼ ਹੋ ਗਿਆ। ਉਸਨੂੰ ਕੇਲਾਮੰਗਲਮ ਦੇ ਸਰਕਾਰੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਜਾਂਚ ਤੋਂ ਬਾਅਦ ਉਸਨੂੰ ਮ੍ਰਿਤਕ ਐਲਾਨ ਦਿੱਤਾ। ਪਰਿਵਾਰ ਨੇ ਬਾਅਦ ਵਿੱਚ ਬੱਚੇ ਦਾ ਸਸਕਾਰ ਕਰ ਦਿੱਤਾ। ਘਟਨਾ ਤੋਂ ਕੁਝ ਦਿਨ ਬਾਅਦ, ਸੁਰੇਸ਼ ਨੂੰ ਆਪਣੀ ਪਤਨੀ 'ਤੇ ਸ਼ੱਕ ਹੋ ਗਿਆ। ਉਸਨੇ ਭਾਰਤੀ ਦੇ ਫੋਨ ਦੀ ਜਾਂਚ ਕੀਤੀ ਅਤੇ ਕਥਿਤ ਤੌਰ 'ਤੇ ਫੋਟੋਆਂ, ਚੈਟ ਅਤੇ ਵੌਇਸ ਸੁਨੇਹੇ ਮਿਲੇ। ਉਸਨੇ ਤੁਰੰਤ ਕੇਲਾਮੰਗਲਮ ਪੁਲਸ ਨੂੰ ਸੂਚਿਤ ਕੀਤਾ। ਪੁਲਸ ਸੂਤਰਾਂ ਅਨੁਸਾਰ, ਭਾਰਤੀ ਪਿਛਲੇ ਤਿੰਨ ਸਾਲਾਂ ਤੋਂ ਸੁਮਿਤ੍ਰਾ ਨਾਮ ਦੀ ਇੱਕ ਔਰਤ ਨਾਲ ਸਬੰਧਾਂ ਵਿੱਚ ਸੀ। ਉਨ੍ਹਾਂ ਦੇ ਤੀਜੇ ਬੱਚੇ ਦੇ ਜਨਮ ਤੋਂ ਬਾਅਦ, ਉਨ੍ਹਾਂ ਦੀਆਂ ਮੁਲਾਕਾਤਾਂ ਘੱਟ ਹੋ ਗਈਆਂ, ਜਿਸ ਕਾਰਨ ਰਿਸ਼ਤੇ ਵਿੱਚ ਤਣਾਅ ਵਧ ਗਿਆ। ਇਸ ਤਣਾਅ ਕਾਰਨ, ਭਾਰਤੀ 'ਤੇ ਉਨ੍ਹਾਂ ਦੇ 5 ਮਹੀਨੇ ਦੇ ਪੁੱਤਰ ਦਾ ਗਲਾ ਘੁੱਟ ਕੇ ਕਤਲ ਕਰਨ ਦਾ ਦੋਸ਼ ਹੈ। ਸੁਰੇਸ਼ ਨੇ ਪੁਲਸ ਨੂੰ ਫ਼ੋਨ 'ਤੇ ਹੋਈ ਗੱਲਬਾਤ ਦੀ ਰਿਕਾਰਡਿੰਗ ਵੀ ਦਿੱਤੀ ਹੈ। ਉਨ੍ਹਾਂ ਦੇ ਅਨੁਸਾਰ, ਭਾਰਤੀ ਨੇ ਇਸ ਕਾਲ ਵਿੱਚ ਬੱਚੇ ਨੂੰ ਮਾਰਨ ਦਾ ਇਕਬਾਲ ਕੀਤਾ ਹੈ। ਸ਼ਿਕਾਇਤ ਅਤੇ ਡਿਜੀਟਲ ਸਬੂਤਾਂ ਦੇ ਆਧਾਰ 'ਤੇ, ਪੁਲਸ ਨੇ ਭਾਰਤੀ ਅਤੇ ਉਸਦੇ ਕਥਿਤ ਸਾਥੀ ਸੁਮਿਤ੍ਰਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਪੁਲਿਸ ਦਾ ਕਹਿਣਾ ਹੈ ਕਿ ਹੋਰ ਜਾਂਚ ਜਾਰੀ ਹੈ।

## ਅੰਮ੍ਰਿਤਸਰ ਏਅਰਪੋਰਟ 'ਤੇ ਪੈ ਗਿਆ ਭੜਥੂ, ਫਲਾਈਟ 'ਚੋਂ ਉਤਰੇ ਯਾਤਰੀਆਂ ਦੀ ਤਲਾਸ਼ੀ ਲੈਣ 'ਤੇ ਉੱਡੇ ਹੋਸ਼

ਅੰਮ੍ਰਿਤਸਰ 15 ਨਵੰਬਰ। ਸ੍ਰੀ ਗੁਰੂ ਰਾਮਦਾਸ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਡਾਇਰੈਕਟੋਰੇਟ ਆਫ਼ ਰੈਵਨਿਊ ਇੰਟੈਲੀਜੈਂਸ (ਡੀਆਰਆਈ) ਦੀ ਟੀਮ ਨੇ ਵੱਡੀ ਕਾਰਵਾਈ ਕਰਦਿਆਂ ਬੈਂਕਾਕ ਤੋਂ ਆਏ ਦੋ ਯਾਤਰੀਆਂ ਤੋਂ 48.75 ਕਰੋੜ ਰੁਪਏ ਮੁੱਲ ਦਾ ਗਾਂਜਾ ਬਰਾਮਦ ਕੀਤਾ ਹੈ। ਮਿਲੀ ਜਾਣਕਾਰੀ ਅਨੁਸਾਰ, ਡੀਆਰਆਈ ਨੂੰ ਪਹਿਲਾਂ ਹੀ ਇਸ ਬਾਰੇ ਪੱਕੀ ਖੁਫੀਆ ਜਾਣਕਾਰੀ ਮਿਲੀ ਹੋਈ ਸੀ ਕਿ ਬੈਂਕਾਕ ਤੋਂ ਆਉਣ ਵਾਲੀ ਇੱਕ ਉਡਾਣ ਰਾਹੀਂ ਨਸ਼ੀਲਾ ਪਦਾਰਥ ਲਿਆਂਦਾ ਜਾ ਰਿਹਾ ਹੈ। ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਦੋ ਸ਼ੱਕੀ ਯਾਤਰੀਆਂ ਦੇ ਸਾਮਾਨ ਦੀ ਤਲਾਸ਼ੀ ਲਈ

# ਪੰਜਾਬ ਪੁਲਸ ਦੀ ਵੱਡੀ ਕਾਰਵਾਈ, 15 ਕਿਲੋ ਤੋਂ ਵੱਧ ਦੀ ਹੈਰੋਇਨ ਸਪਲਾਈ ਕਰਨ ਜਾ ਰਿਹਾ ਨੌਜਵਾਨ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਫਿਰੋਜ਼ਪੁਰ 15 ਨਵੰਬਰ। ਮੁੱਖ ਮੰਤਰੀ ਪੰਜਾਬ ਅਤੇ ਡੀਜੀਪੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਫਿਰੋਜ਼ਪੁਰ 'ਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਂਦੇ ਹੋਏ ਨਸ਼ਾ ਤਸਕਰਾਂ ਨੂੰ ਫੜਨ ਅਤੇ ਫਿਰੋਜ਼ਪੁਰ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਣਾਉਣ ਲਈ ਐਸਪੀ ਇਨਵੈਸਟੀਗੇਸ਼ਨ, ਡੀਐਸਪੀ ਇਨਵੈਸਟੀਗੇਸ਼ਨ, ਡੀਐਸਪੀ ਸਿਟੀ ਅਤੇ ਸੀਆਈਏ ਸਟਾਫ ਫਿਰੋਜ਼ਪੁਰ ਦੇ ਇੰਚਾਰਜ ਆਦਿ ਦੀ ਅਗਵਾਈ ਹੇਠ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਹਨ ਅਤੇ ਪਿਛਲੇ ਕੁਝ ਸਮੇਂ ਵਿੱਚ ਜ਼ਿਲ੍ਹਾ ਫਿਰੋਜ਼ਪੁਰ ਦੀ ਪੁਲਸ ਨੇ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਹੈਰੋਇਨ, ਹੋਰ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਸਮੇਤ ਫੜਨ ਵਿੱਚ ਕਈ ਵੱਡੀਆਂ ਸਫਲਤਾਵਾਂ ਹਾਸਲ ਕੀਤੀਆਂ ਹਨ। ਇਸੇ ਲੜੀ ਤਹਿਤ ਸੀਆਈਏ ਸਟਾਫ ਫਿਰੋਜ਼ਪੁਰ ਦੀ ਪੁਲਸ ਨੇ ਇੰਚਾਰਜ ਇੰਸਪੈਕਟਰ ਮੋਹਿਤ ਧਵਨ ਦੀ ਅਗਵਾਈ ਹੇਠ 15 ਕਿਲੋ 775 ਗ੍ਰਾਮ ਹੈਰੋਇਨ ਸਮੇਤ ਇੱਕ ਨਸ਼ਾ ਤਸਕਰ ਨੂੰ ਕਾਲੇ ਰੰਗ ਦੇ ਬਿਨਾਂ ਨੰਬਰੀਹੀਰੋ ਸਪਲੈਂਡਰ ਮੋਟਰਸਾਈਕਲ ''ਤੇ ਆਉਂਦੇ ਨੂੰ ਕਾਬੂ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਐਸਐਸਪੀ ਫ਼?ਰੋਜ਼ਪੁਰ ਸਰਦਾਰ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਜਦੋਂ ਸੀਆਈਏ ਸਟਾਫ਼ ਫ਼?ਰੋਜ਼ਪੁਰ ਦੀ ਪੁਲਸ ਪਾਰਟੀ ਇੰਸਪੈਕਟਰ ਇੰਚਾਰਜ ਮੋਹਿਤ ਧਵਨ ਦੀ ਅਗਵਾਈ ਹੇਠ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਜਾਂਚ ਕਰ ਰਹੀ ਸੀ, ਤਾਂ ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਕਿ ਸੋਨੂੰ ਪੁੱਤਰ ਪ੍ਰੀਤਮ ਸਿੰਘ ਵਾਸੀ ਪਿੰਡ ਹਬੀਬ ਵਾਲਾ ਹੈਰੋਇਨ ਦੀ




ਤਸਕਰੀ ਕਰਦਾ ਹੈ ਅਤੇ ਉਸਨੇ ਵੱਡੀ ਮਾਤਰਾ ਵਿੱਚ ਹੈਰੋਇਨ ਮੰਗਵਾਈ ਹੈ, ਜੋ ਕਾਲੇ ਰੰਗ ਦੇ ਹੀਰੋ ਸਪਲੈਂਡਰ ਪਲੱਸ ਮੋਟਰਸਾਈਕਲ 'ਤੇ ਅੱਗੇ ਸਪਲਾਈ ਕਰਨ ਲਈ ਜਾ ਰਿਹਾ ਹੈ। ਪੁਲਸ ਪਾਰਟੀ ਨੇ ਤੁਰੰਤ ਦੁਲਚੀ ਕੇ ਸੋਕੜ ਨਹਿਰ ਨੇੜੇ ਨਾਕਾਬੰਦੀ ਕਰਦੇ ਹੋਏ ਨਾਮਜ਼ਦ ਨਸ਼ਾ ਤਸਕਰ ਸੋਨੂੰ ਨੂੰ ਮੋਟਰਸਾਈਕਲ 'ਤੇ ਆਉਂਦੇ ਨੂੰ ਕਾਬੂ ਕਰ ਲਿਆ, ਜਿਸਦੇ ਕੋਲੋਂ ਤਲਾਸ਼ੀ ਲੈਣ 'ਤੇ 15 ਕਿਲੋ 775 ਗ੍ਰਾਮ ਹੈਰੋਇਨ ਬਰਾਮਦ ਹੋਈ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਕਿ ਨਸ਼ੇ ਦਾ ਇਹ ਨੈੱਟਵਰਕ ਕਪੂਰਥਲਾ ਜੇਲ੍ਹ ਵਿੱਚ ਬੰਦ ਇੱਕ ਤਸਕਰ ਵੱਲੋਂ ਚਲਾਇਆ ਜਾ ਰਿਹਾ ਹੈ ਅਤੇ ਨਸ਼ਿਆਂ ਦੀ ਇਹ ਖੇਪ ਪਾਕਿਸਤਾਨ ਦੇ ਤਸਕਰਾਂ ਵੱਲੋਂ ਭਾਰਤ ਭੇਜੀ ਗਈ ਸੀ, ਜੋ ਇਸ ਨਸ਼ਾ ਤਸਕਰ ਪਿੰਡ ਪੱਲਾ ਮੇਘਾ ਵੱਲੋਂ ਫ਼?ਰੋਜ਼ਪੁਰ ਸ਼ਹਿਰ ਵੱਲ ਲੈ ਕੇ ਲਿਆ ਰਿਹਾ ਸੀ, ਜਿਸਨੂੰ ਪੁਲਿਸ ਨੇ ਫੜ ਲਿਆ। ਉਨ੍ਹਾਂ ਦੱਸਿਆ ਕਿ ਕਪੂਰਥਲਾ ਜੇਲ੍ਹ ਵਿੱਚ ਬੰਦ ਨਸ਼ਾ ਤਸਕਰ ਤੋਂ ਵੀ ਪੁਲਿਸ ਪੁੱਛਗਿੱਛ ਕਰੇਗੀ। ਉਨ੍ਹਾਂ ਕਿਹਾ ਕਿ ਪੁਲਸ ਨੂੰ ਇਸ ਮਾਮਲੇ ਵਿੱਚ ਹੋਰ ਵੱਡੀਆਂ ਬਰਾਮਦਗੀਆਂ ਦੀ ਉਮੀਦ ਹੈ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਫੜੇ ਗਏ ਨਸ਼ਾ ਤਸਕਰ ਦੇ ਪਿਛਲੇ ਅਤੇ ਅਗਲੇ ਲਿੰਕਾਂ ਦਾ ਪਤਾ ਲਗਾਇਆ ਜਾ ਰਿਹਾ ਹੈ ਅਤੇ ਪੁਲਸ ਵੱਲੋਂ ਉਸਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਲੈਣ ਤੋਂ ਬਾਅਦ ਉਸ ਤੋਂ ਹੋਰ ਪੁੱਛਗਿੱਛ ਕੀਤੀ ਜਾਵੇਗੀ। ਇਸ ਮੌਕੇ ਐਸਪੀ ਇਨਵੈਸਟੀਗੇਸ਼ਨ ਮਨਜੀਤ ਸਿੰਘ ਅਤੇ ਡੀਐਸਪੀ ਬਜਿੰਦਰ ਸਿੰਘ ਵੀ ਮੌਜੂਦ ਸਨ। ਜਾਣਕਾਰੀ ਅਨੁਸਾਰ, ਫੜੀ ਗਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ ਲਗਭਗ 78 ਕਰੋੜ ਰੁਪਏ ਦੱਸੀ ਜਾ ਰਹੀ ਹੈ।